ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਮੰਗਲਵਾਰ, 5 ਅਗਸਤ 2025 (ਨਾਨਕਸ਼ਾਹੀ ਸੰਮਤ : ੫੫੭, ੨੦ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ 6 ਅਗਸਤ ਨੂੰ ਹੋਵੇਗੀ

**ਅੰਮ੍ਰਿਤਸਰ, 4 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ



ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਅਗਵਾਈ ਵਿੱਚ ਵੱਖ-ਵੱਖ ਪੰਥਕ ਅਤੇ ਧਾਰਿਮਕ ਮਾਮਲੇ ਵਿਚਾਰਨ ਲਈ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ 6 ਅਸਗਤ ਨੂੰ ਸਵੇਰੇ 9 ਵਜੇ ਹੋਵੇਗੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇੰਚਾਰਜ ਬਗੀਚਾ ਸਿੰਘ ਨੇ ਦੱਸਿਆ ਕਿ 6 ਅਗਸਤ ਨੂੰ ਹੋਣ ਵਾਲੀ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਵਿੱਚ ਪੰਜਾਬ ਕੈਬਨਿਟ ਮੰਤਰੀ ਹਰਜੋਤ ਸਿੰਘ ਨੂੰ ਸ਼੍ਰੀਨਗਰ ਵਿਖੇ ਸ੍ਰੀ ਗੁਰੂ ਤੇਗ. ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਸਬੰਧੀ ਕਰਵਾਏ ਗਏ ਇਤਰਾਜ਼ਯੋਗ ਪ੍ਰੋਗਰਾਮ ਨਾਲ ਸਿੱਖ ਭਾਵਨਾਵਾਂ ਨੂੰ ਸੱਟ ਮਾਰਨ ਕਰਕੇ ਪੇਸ਼ ਹੋਣ ਲਈ ਆਖਿਆ ਗਿਆ ਹੈ ਅਤੇ ਉਨ੍ਹਾਂ ਨੂੰ ਈ-ਮੇਲ ਰਾਹੀਂ ਜਾਣਕਾਰੀ ਭੇਜ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਜਸਵੰਤ ਸਿੰਘ ਆਪਣੇ ਕਰੀਬੀ ਰਿਸ਼ਤੇਦਾਰ ਦੇ ਅਨੰਦ ਕਾਰਜ ਲਈ 12 ਅਗਸਤ ਤੱਕ ਵਿਦੇਸ਼ ਗਏ ਹਨ, ਇਸ ਲਈ ਉਨ੍ਹਾਂ ਨੂੰ ਬਾਅਦ ਵਿੱਚ ਪੇਸ਼ ਹੋਣ ਲਈ ਸੱਦਿਆ ਜਾਵੇਗਾ। ਜ਼ਿਕਰਯੋਗ ਹੈ ਕਿ ਪਹਿਲਾਂ ਇਹ ਮੀਟਿੰਗ 1 ਅਗਸਤ ਨੂੰ ਰੱਖੀ ਗਈ ਸੀ, ਪਰੰਤੂ ਜਥੇਦਾਰ ਸਾਹਿਬ ਦੇ ਜੀਜਾ ਗੁਰਵਿੰਦਰ ਸਿੰਘ ਦਾ ਦਿਹਾਂਤ ਹੋਣ ਕਾਰਨ ਇਸ ਨੂੰ ਮੁਲਤਵੀ ਕਰ ਦਿੱਤਾ ਗਿਆ ਸੀ।

### ਖਾੜਕੂਵਾਦ ਵੇਲੇ ਬੇਕਸੂਰ ਸਿੱਖ ਨੌਜਵਾਨਾਂ ਦੇ ਕੀਤੇ ਫਰਜ਼ੀ ਮੁਕਾਬਲੇ ਦਾ 32 ਸਾਲਾਂ ਬਾਅਦ ਮਿਲਿਆ ਇਨਸਾਫ਼ !

# ਸੇਵਾਮੁਕਤ ਐਸ. ਐਸ. ਪੀ. ਸਮੇਤ 5 ਨੂੰ ਉਮਰ ਕੈਦ

**ਮੋਹਾਲੀ, 4 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਤਰਨਤਾਰਨ ਵਿੱਚ 1993 ਦੇ ਫਰਜ਼ੀ ਮੁਕਾਬਲੇ ਦੇ ਮਾਮਲੇ ਵਿੱਚ ਸੀਬੀਆਈ ਦੀ ਇੱਕ ਵਿਸ਼ੇਸ਼ ਅਦਾਲਤ ਨੇ ਫੈਸਲਾ ਸੁਣਾਇਆ। ਅਦਾਲਤ ਨੇ ਸੇਵਾਮੁਕਤ ਐਸਐਸਪੀ ਭੁਪਿੰਦਰਜੀਤ ਸਿੰਘ ਤੇ ਸੇਵਾਮੁਕਤ ਡੀਐਸਪੀ ਦਵਿੰਦਰ ਸਿੰਘ ਸਮੇਤ 5 ਪੁਲਿਸ ਅਧਿਕਾਰੀਆਂ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਹੈ।ਇਨ੍ਹਾਂ ਸਾਰਿਆਂ ’ਤੇ ਕਤਲ ਤੇ ਅਪਰਾਧਿਕ ਸਾਜ਼ਿਸ਼ ਦੇ ਦੋਸ਼ ਵਿੱਚ ਆਈਪੀਸੀ ਦੀ ਧਾਰਾ 302 ਅਤੇ 120-ਬੀ ਤਹਿਤ ਮੁਕੱਦਮਾ ਚਲਾਇਆ ਗਿਆ ਸੀ। ਸ਼ੁਰੂ ਵਿੱਚ, ਇਸ ਮਾਮਲੇ ਵਿੱਚ 10 ਪੁਲਿਸ ਮੁਲਾਜ਼ਮਾਂ ਨੂੰ ਦੋਸ਼ੀ ਬਣਾਇਆ ਗਿਆ ਸੀ, ਪਰ ਮੁਕੱਦਮੇ ਦੌਰਾਨ 5 ਦੀ ਮੌਤ ਹੋ ਗਈ। ਦਰਅਸਲ ਇਹ ਮਾਮਲਾ 1993 ਦਾ ਹੈ, ਜਿਸ ਵਿੱਚ 7 ਨੌਜਵਾਨਾਂ ਨੂੰ ਦੋ ਵੱਖ-ਵੱਖ ਪੁਲਿਸ ਮੁਕਾਬਲਿਆਂ ਵਿੱਚ ਮ੍ਰਿਤਕ ਦਿਖਾਇਆ ਗਿਆ ਸੀ।ਜਦੋਂ ਕਿ ਉਨ੍ਹਾਂ ਵਿੱਚੋਂ 4 ਐਸਪੀਓ (ਵਿਸ਼ੇਸ਼ ਪੁਲਿਸ ਅਧਿਕਾਰੀ) ਵਜੋਂ ਤਾਇਨਾਤ ਸਨ। ਦੋਸ਼ੀਆਂ ਨੇ 27 ਜੂਨ 1993 ਨੂੰ ਸਿੱਖ ਨੌਜਵਾਨਾਂ ਨੂੰ ਉਨ੍ਹਾਂ ਦੇ ਘਰਾਂ ਤੋਂ ਚੁੱਕ ਲਿਆ ਤੇ ਉਨ੍ਹਾਂ ਨੂੰ ਕਈ ਦਿਨਾਂ ਤੱਕ ਗੈਰ-ਕਾਨੂੰਨੀ ਹਿਰਾਸਤ ਵਿੱਚ ਰੱਖਿਆ ਤੇ ਅਣਮਨੁੱਖੀ ਤਸ਼ੱਦਦ ਕੀਤਾ। ਇਸ ਮਗਰੋਂ 28 ਜੁਲਾਈ 1993 ਨੂੰ ਡੀਐਸਪੀ ਭੁਪਿੰਦਰਜੀਤ ਸਿੰਘ ਦੀ ਅਗਵਾਈ ਵਿੱਚ ਇੱਕ ਫਰਜ਼ੀ ਮੁਕਾਬਲਾ ਕੀਤਾ ਗਿਆ ਤੇ ਤਰਨ ਤਾਰਨ ਵਿੱਚ ਥਾਣਾ ਵੈਰੋਵਾਲ ਤੇ ਥਾਣਾ ਸਹਾਰਲੀ ਵਿਖੇ ਦੋ ਵੱਖ-ਵੱਖ ਫਰਜ਼ੀ ਪੁਲਿਸ ਮੁਕਾਬਲਿਆਂ ਲਈ ਐਫਆਈਆਰ ਦਰਜ ਕੀਤੀਆਂ ਗਈਆਂ। ਇੱਕ ਫਰਜ਼ੀ ਮੁਕਾਬਲੇ ਵਿੱਚ 7 ਲੋਕ ਮਾਰੇ ਗਏ। 12 ਦਸੰਬਰ 1996 ਦੇ ਸੁਪਰੀਮ ਕੋਰਟ ਦੇ ਹੁਕਮ ਤੋਂ ਬਾਅਦ ਇਹ ਮਾਮਲਾ ਸੀਬੀਆਈ ਨੂੰ ਸੌਂਪ ਦਿੱਤਾ ਗਿਆ। ਦੱਸ ਦਈਏ ਕਿ 2 ਜੁਲਾਈ 1993 ਨੂੰ ਪੰਜਾਬ ਪੁਲਿਸ ਨੇ ਦਾਅਵਾ ਕੀਤਾ ਸੀ ਕਿ ਤਿੰਨ ਲੋਕ ਸ਼ਿੰਦਰ ਸਿੰਘ, ਦੇਸਾ ਸਿੰਘ ਤੇ ਸੁਖਦੇਵ ਸਿੰਘ ਸਰਕਾਰੀ ਹਥਿਆਰਾਂ ਸਮੇਤ ਫਰਾਰ ਹੋ ਗਏ।10 ਦਿਨਾਂ ਬਾਅਦ 12 ਜੁਲਾਈ ਨੂੰ ਤਤਕਾਲੀ ਡੀਐਸਪੀ ਭੁਪਿੰਦਰਜੀਤ ਸਿੰਘ ਤੇ ਇੰਸਪੈਕਟਰ ਗੁਰਦੇਵ ਸਿੰਘ ਦੀ ਅਗਵਾਈ ਵਾਲੀ ਪੁਲਿਸ ਨੇ ਇੱਕ ਮੁਕਾਬਲੇ ਦੀ ਕਹਾਣੀ ਘੜ ਦਿੱਤੀ। ਪੁਲਿਸ ਨੇ ਕਿਹਾ ਕਿ ਮੰਗਲ ਸਿੰਘ ਨਾਮ ਦੇ ਇੱਕ ਵਿਅਕਤੀ ਨੂੰ ਡਕੈਤੀ ਦੇ ਮਾਮਲੇ ਵਿੱਚ ਰਿਕਵਰੀ ਲਈ ਘੜਕਾ ਪਿੰਡ ਲਿਜਾਇਆ ਜਾ ਰਿਹਾ ਸੀ ਤੇ ਰਸਤੇ ਵਿੱਚ ਅੱਤਵਾਦੀਆਂ ਨੇ ਹਮਲਾ ਕਰ ਦਿੱਤਾ। ਪੁਲਿਸ ਅਨੁਸਾਰ ਦੋਵਾਂ ਪਾਸਿਆਂ ਤੋਂ ਹੋਈ ਗੋਲੀਬਾਰੀ ਵਿੱਚ ਮੰਗਲ ਸਿੰਘ, ਦੇਸਾ ਸਿੰਘ, ਸ਼ਿੰਦਰ ਸਿੰਘ ਤੇ ਬਲਕਾਰ ਸਿੰਘ ਮਾਰੇ ਗਏ। ਜਦੋਂ ਮਾਮਲੇ ਦੀ ਜਾਂਚ ਸੀਬੀਆਈ ਨੂੰ ਸੌਂਪੀ ਗਈ ਤਾਂ ਦੋ ਨੁਕਤਿਆਂ ਦੇ ਆਧਾਰ ’ਤੇ ਇਹ ਸਮਝਿਆ ਗਿਆ ਕਿ



ਮੁਕਾਬਲਾ ਫਰਜ਼ੀ ਸੀ। ਪੋਸਟਮਾਰਟਮ ਰਿਪੋਰਟ ਨੇ ਸਪੱਸ਼ਟ ਕਰ ਦਿੱਤਾ ਕਿ ਇਨ੍ਹਾਂ ਲੋਕਾਂ ਨੂੰ ਮਰਨ ਤੋਂ ਪਹਿਲਾਂ ਬੁਰੀ ਤਰ੍ਹਾਂ ਕੁੱਟਿਆ ਗਿਆ ਸੀ। ਫੋਰੈਂਸਿਕ ਜਾਂਚ ਵਿੱਚ ਇਹ ਵੀ ਸਾਹਮਣੇ ਆਇਆ ਕਿ ਜਿਨ੍ਹਾਂ ਹਥਿਆਰਾਂ ਨਾਲ ਮੁਕਾਬਲਾ ਕਰਨ ਦਾ ਦਾਅਵਾ ਕੀਤਾ ਗਿਆ ਸੀ, ਉਨ੍ਹਾਂ ਵਿੱਚ ਬਹੁਤ ਸਾਰੀਆਂ ਬੇਨਿਯਮੀਆਂ ਸਨ। ਇਸ ਤਰ੍ਹਾਂ ਸੀਬੀਆਈ ਜਾਂਚ ਨੇ ਸਾਬਤ ਕੀਤਾ ਕਿ ਇਹ ਮੁਕਾਬਲਾ ਨਕਲੀ ਸੀ ਤੇ ਅਜਿਹਾ ਜਾਣਬੁੱਝ ਕੇ ਕੀਤਾ ਗਿਆ ਸੀ। ਇੰਨਾ ਹੀ ਨਹੀਂ, ਪੀੜਤਾਂ ਦੀ ਪਛਾਣ ਮੌਜੂਦ ਹੋਣ ਦੇ ਬਾਵਜੂਦ ਉਨ੍ਹਾਂ ਦੀਆਂ ਲਾਸ਼ਾਂ ਨੂੰ ਲਾਵਾਰਿਸ ਐਲਾਨ ਕੇ ਸਸਕਾਰ ਕਰ ਦਿੱਤਾ ਗਿਆ। ਤਿੰਨ ਸਾਲ ਦੀ ਲੰਬੀ ਜਾਂਚ ਤੋਂ ਬਾਅਦ, ਸੀਬੀਆਈ ਨੇ 1999 ਵਿੱਚ ਮ੍ਰਿਤਕ ਸ਼ਿੰਦਾ ਸਿੰਘ ਦੀ ਪਤਨੀ ਨਰਿੰਦਰ ਕੌਰ ਦੀ ਸ਼ਿਕਾਇਤ ਦੇ ਆਧਾਰ ’ਤੇ ਕੇਸ ਦਰਜ ਕੀਤਾ ਸੀ। ਮ੍ਰਿਤਕ ਸੁਖਦੇਵ ਸਿੰਘ ਦੀ ਵਿਧਵਾ ਨੇ ਕਿਹਾ ਕਿ ਉਹ ਗਰਭਵਤੀ ਸੀ ਜਦੋਂ ਪੁਲਿਸ ਨੇ ਉਸ ਦੇ ਪਤੀ ਨੂੰ ਚੁੱਕ ਕੇ ਇੱਕ ਮੁਕਾਬਲੇ ਵਿੱਚ ਮਾਰ ਦਿੱਤਾ। ਉਸ ਦੀ ਮੌਤ ਤੋਂ ਬਾਅਦ ਉਸ ਨੇ ਇੱਕ ਬੱਚੇ ਨੂੰ ਜਨਮ ਦਿੱਤਾ। ਲਗਪਗ ਇੱਕ ਮਹੀਨੇ ਬਾਅਦ ਪਤਾ ਲੱਗਾ ਕਿ ਉਸ ਨੂੰ ਇੱਕ ਮੁਕਾਬਲੇ ਵਿੱਚ ਮਾਰ ਦਿੱਤਾ ਗਿਆ ਹੈ। ਇਸ ਤੋਂ ਬਾਅਦ ਪਰਿਵਾਰ ਨੂੰ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਉਸ ਨੇ ਆਪਣੇ ਬੱਚਿਆਂ ਨੂੰ ਮਜ਼ਦੂਰੀ ਕਰਕੇ ਪਾਲਿਆ। ਮ੍ਰਿਤਕ ਛਿੰਦਾ ਸਿੰਘ ਦੀ ਪਤਨੀ ਨਰਿੰਦਰ ਕੌਰ ਨੇ ਕਿਹਾ ਕਿ ਉਸ ਦੇ ਪਤੀ ਨੂੰ ਦੋਸ਼ੀ ਪੁਲਿਸ ਵਾਲੇ ਘਰ ਦੀ ਛੱਤ ਤੋਂ ਚੁੱਕ ਕੇ ਲੈ ਗਏ ਸਨ। ਉਸ ਤੋਂ ਬਾਅਦ ਉਸ ਦੀ ਲਾਸ਼ ਵੀ ਉਨ੍ਹਾਂ ਨੂੰ ਨਹੀਂ ਦਿੱਤੀ ਗਈ। ਉਸ ਦੇ ਪਤੀ ਦੀ ਮੌਤ ਤੋਂ ਬਾਅਦ ਪਰਿਵਾਰ ਨੂੰ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਅੱਜ ਲਗਪਗ 33 ਸਾਲਾਂ ਬਾਅਦ ਉਨ੍ਹਾਂ ਨੂੰ ਇਨਸਾਫ਼ ਮਿਲਿਆ ਹੈ।

## ਪੰਜਾਬੀ ਗਾਇਕ ਹਰਭਜਨ ਮਾਨ ਭਿਆਨਕ ਸੜਕੀ ਹਾਦਸੇ ਦਾ ਹੋਏ ਸ਼ਿਕਾਰ; ਡਿਵਾਈਡਰ ਨਾਲ ਟਕਰਾ ਕੇ ਪਲਟ ਗਈ ਗੱਡੀ !

**ਚੰਡੀਗੜ੍ਹ, 4 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਦੇਸ਼ ਦੇ ਮਸ਼ਹੂਰ ਪੰਜਾਬੀ ਗਾਇਕ ਹਰਭਜਨ



ਮਾਨ ਦੀ ਕਾਰ ਸਵੇਰੇ ਕੁਰੂਕਸ਼ੇਤਰ ਦੇ ਪਿਪਲੀ ਫਲਾਈਓਵਰ ’ਤੇ ਭਿਆਨਕ ਸੜਕ ਹਾਦਸੇ ਦਾ ਸ਼ਿਕਾਰ ਹੋ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਮਿਲੀ ਜਾਣਕਾਰੀ ਮੁਤਾਬਿਕ ਹਰਭਜਨ ਮਾਨ ਦਿੱਲੀ ਵਿੱਚ ਪ੍ਰਦਰਸ਼ਨ ਕਰਨ ਤੋਂ ਬਾਅਦ ਚੰਡੀਗੜ੍ਹ ਵਾਪਸ ਆ ਰਹੇ ਸਨ।ਇਸ ਦੌਰਾਨ, ਪਿਪਲੀ ਫਲਾਈਓਵਰ ’ਤੇ, ਹਰਭਜਨ ਮਾਨ ਦੀ ਕਾਰ ਡਿਵਾਈਡਰ ਨਾਲ ਟਕਰਾ ਗਈ, ਜਿਸ ਕਾਰਨ ਕਾਰ ਪਲਟ ਗਈ। ਇਸ ਦੌਰਾਨ, ਉਨ੍ਹਾਂ ਦੀ ਕਾਰ ਦੇ ਪਿੱਛੇ ਆ ਰਹੇ ਇੱਕ ਸੁਰਜੀਤ ਸਿੰਘ ਨਾਂ ਦੇ ਵਿਅਕਤੀ ਜੋ ਕਿ ਸਬਜ਼ੀ ਮੰਡੀ ਵਿੱਚ ਇੱਕ ਸਬਜ਼ੀ ਵਪਾਰੀ ਹੈ, ਨੇ ਹਰਭਜਨ ਮਾਨ ਅਤੇ ਉਨ੍ਹਾਂ ਨਾਲ ਕਾਰ ਵਿੱਚ ਸਵਾਰ ਚਾਰ ਲੋਕਾਂ ਨੂੰ ਬਚਾਇਆ। ਮਿਲੀ ਜਾਣਕਾਰੀ ਮੁਤਾਬਿਕ ਹਰਭਜਨ ਮਾਨ ਨੂੰ ਕੋਈ ਸੱਟ ਨਹੀਂ ਲੱਗੀ, ਪਰ ਉਨ੍ਹਾਂ ਦੇ ਸੁਰੱਖਿਆ ਗਾਰਡ ਜ਼ਖਮੀ ਹੋ ਗਏ ਹਨ। ਚਸ਼ਮਦੀਦਾਂ ਅਨੁਸਾਰ, ਹਰਭਜਨ ਮਾਨ ਦੇ ਨਾਲ ਉਨ੍ਹਾਂ ਦਾ ਮੈਨੇਜਰ, ਡਰਾਈਵਰ ਅਤੇ ਸੁਰੱਖਿਆ ਗਾਰਡ ਸਨ, ਯਾਨੀ ਕਿ ਕਾਰ ਵਿੱਚ ਕੁੱਲ ਚਾਰ ਲੋਕ ਸਨ। ਘਟਨਾ ਤੋਂ ਬਾਅਦ, ਹਰਭਜਨ ਮਾਨ ਚੰਡੀਗੜ੍ਹ ਲਈ ਰਵਾਨਾ ਹੋ ਗਏ।

## ਲੈਂਡ ਪੂਲਿੰਗ ਖਿਲਾਫ ਵਿਰੋਧ ਬਰਕਰਾਰ; ਪੰਚਾਇਤਾਂ ਨੇ ਪਾਏ ਮਤੇ ਤੇ ਆਪ ਆਗੂਆਂ ਦਾ ਬਾਈਕਾਟ; ਲੜਨ, ਮਰਨ ਤੇ ਮਾਰਨ ਲਈ ਤਿਆਰ ਲੋਕ

**ਚੰਡੀਗੜ੍ਹ, 4 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਲੈਂਡ ਪੂਲਿੰਗ ਸਕੀਮ ਖਿਲਾਫ ਪੰਜਾਬ ਦੀ ਮਾਨ ਸਰਕਾਰ ਦਾ ਪਿੰਡਾਂ, ਕਸਬਿਆਂ ਤੇ ਸਿਆਸੀ ਪੱਧਰ ’ਤੇ ਵਿਰੋਧ ਕੀਤਾ ਜਾ ਰਿਹਾ ਹੈ। ਕਿਸਾਨ ਮਾਰੂ ਸਕੀਮ ਦੇ ਚੱਲਦੇ ਵਿਰੋਧੀ ਪਾਰਟੀਆਂ ਵੱਲੋਂ ਲਗਾਤਾਰ ਮਾਨ ਸਰਕਾਰ ਨੂੰ ਘੇਰਿਆ ਜਾ ਰਿਹਾ ਹੈ। ਨਾਲ ਹੀ ਸਰਕਾਰ ਕੋਲੋਂ ਇਸ ਸਕੀਮ ਨੂੰ ਵਾਪਸ ਲੈਣ ਦੀ ਮੰਗ ਕੀਤੀ ਜਾ ਰਹੀ ਹੈ। ਦੱਸ ਦਈਏ ਕਿ ਵਿਰੋਧ ਦੇ ਚੱਲਦੇ ਆਮ ਆਦਮੀ ਪਾਰਟੀ ਦੇ ਆਗੂਆਂ ਦਾ ਕਈ ਪਿੰਡਾਂ ’ਚ ਬਾਈਕਾਟ ਵੀ ਕਰ ਦਿੱਤਾ ਗਿਆ ਹੈ ਅਤੇ ਕਈਆਂ ਨੇ ਮਤੇ ਵੀ ਪਾ ਦਿੱਤੇ ਗਏ ਹਨ। ਇਸੇ ਲੜੀ ਤਹਿਤ ਲੈਂਡ ਪੂਲਿੰਗ ਪਾਲਿਸੀ ਖਿਲਾਫ ਅੰਮ੍ਰਿਤਸਰ ਦੇ ਪਿੰਡ ਨਿੱਜਰਪੁਰਾ ਦੀ ਆਮ ਆਦਮੀ ਪਾਰਟੀ ਦੀ ਪੰਚਾਇਤ ਨੇ ਮਤਾ ਪਾਸ ਕੀਤਾ ਹੈ। ਨਾਲ ਹੀ ਸਮੂਹ ਪਿੰਡ ਵਾਸੀਆਂ ਵੱਲੋਂ ਪਾਰਟੀ ਪੱਧਰ ਤੋਂ ਉੱਪਰ ਉੱਠ ਕੇ ਸੂਬਾ ਸਰਕਾਰ ਦੇ ਖਿਲਾਫ ਨਾਅਰੇਬਾਜ਼ੀ ਕੀਤੀ ਗਈ। ਪਿੰਡਾਂ ਦੇ ਲੋਕਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਜੇਕਰ ਲੜਨਾ ਪਿਆ ਤਾਂ ਉਹ ਲੜਣਨੇ, ਮਰਨਾ ਪਿਆ ਤਾਂ ਉਹ ਮਰਨਗੇ ਵੀ, ਪਰ ਇੱਕ ਇੰਚ ਜਮੀਨ ’ਤੇ ਵੀ ਕਬਜ਼ਾ ਨਹੀਂ ਕਰਨ ਦੇਵਾਂਗੇ।

## ਹਿਮਾਚਲ ਦੇ ਮੰਡੀ ’ਚ ਡੂੰਘੀ ਖੱਡ ’ਚ ਡਿੱਗੀ Alto ਕਾਰ, ਤਿੰਨ ਲੋਕਾਂ ਦੀ ਮੌਕੇ ’ਤੇ ਮੌਤ , 2 ਜ਼ਖਮੀ

**ਸ਼ਿਮਲਾ, 4 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਪ੍ਰਦੇਸ਼ ਦੇ ਮੰਡੀ ਜ਼ਿਲ੍ਹੇ ਵਿਚ ਜੰਜੇਹਲੀ-ਛਤਰੀ ਸੜਕ ’ਤੇ ਮਗਰੂਗਾਲਾ ਅਤੇ ਮਝਵਾਲ ਦੇ ਵਿਚਕਾਰ ਸੈਣੀ ਨਾਲਾ ਨੇੜੇ ਇਕ ਆਲਟੋ ਕਾਰ ਡੂੰਘੀ ਖੱਡ ਵਿਚ ਡਿੱਗ ਗਈ।



ਇਸ ਹਾਦਸੇ ਵਿਚ ਤਿੰਨ ਲੋਕਾਂ ਦੀ ਮੌਕੇ ’ਤੇ ਹੀ ਮੌਤ ਹੋ ਗਈ, ਜਦੋਂ ਕਿ ਦੋ ਹੋਰ ਗੰਭੀਰ ਜ਼ਖਮੀ ਹੋ ਗਏ। ਜੰਝੇਲੀ ਹਸਪਤਾਲ ਵਿੱਚ ਮੁੱਢਲੀ ਸਹਾਇਤਾ ਦੇਣ ਤੋਂ ਬਾਅਦ ਦੋਵਾਂ ਜ਼ਖਮੀਆਂ ਨੂੰ ਨੇਰਚੌਕ ਮੈਡੀਕਲ ਕਾਲਜ ਰੈਫਰ ਕਰ ਦਿੱਤਾ ਗਿਆ। ਦੋਵਾਂ ਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਹੈ। ਪੁਲਿਸ ਅਨੁਸਾਰ ਇਹ ਹਾਦਸਾ ਐਤਵਾਰ ਦੇਰ ਰਾਤ ਵਾਪਰਿਆ ਪਰ ਪੁਲਿਸ ਨੂੰ ਅੱਜ ਸਵੇਰੇ ਇਸ ਬਾਰੇ ਜਾਣਕਾਰੀ ਉਦੋਂ ਮਿਲੀ ਜਦੋਂ ਉੱਥੋਂ ਲੰਘ ਰਹੇ ਇੱਕ ਸਥਾਨਕ ਵਿਅਕਤੀ ਨੇ ਸੜਕ ਧਸੀ ਦੇਖੀ। ਇਸ ਤੋਂ ਬਾਅਦ ਪੁਲਿਸ ਮੌਕੇ ’ਤੇ ਪਹੁੰਚੀ ਅਤੇ ਜ਼ਖਮੀਆਂ ਨੂੰ ਜੰਝੇਲੀ ਹਸਪਤਾਲ ਲਿਆਂਦਾ ਗਿਆ। ਸਥਾਨਕ ਲੋਕਾਂ ਦੀ ਮਦਦ ਨਾਲ ਪੁਲਿਸ ਨੇ ਤਿੰਨਾਂ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਖੱਡ ਵਿੱਚੋਂ ਕੱਢਿਆ ਅਤੇ ਪੋਸਟਮਾਰਟਮ ਲਈ ਜੰਝੇਲੀ ਹਸਪਤਾਲ ਲੈ ਗਈ। ਪੋਸਟਮਾਰਟਮ ਤੋਂ ਬਾਅਦ ਤਿੰਨਾਂ ਦੀਆਂ ਲਾਸ਼ਾਂ ਰਿਸ਼ਤੇਦਾਰਾਂ ਨੂੰ ਸੌਂਪ ਦਿੱਤੀਆਂ ਜਾਣਗੀਆਂ। ਇਸ ਹਾਦਸੇ ਵਿੱਚ ਦੇਵਦੱਤ (37) ਪੁੱਤਰ ਸੰਗਤ ਰਾਮ ਵਾਸੀ ਗਗਨ ਛੱਤਰਾੜੀ, ਯਸ਼ਪਾਲ (38) ਪੁੱਤਰ ਗੰਗਾਰਾਮ ਵਾਸੀ ਛੱਤਰਾੜੀ ਅਤੇ ਮੰਗਲਚੰਦ (39) ਪੁੱਤਰ ਧਨਸਿੰਘ ਵਾਸੀ ਤਰਾਲਾ ਮੰਡੀ ਦੀ ਪਛਾਣ ਮ੍ਰਿਤਕਾਂ ਵਜੋਂ ਹੋਈ ਹੈ, ਜਦੋਂ ਕਿ ਲੁਦਰ ਸਿੰਘ (34) ਪੁੱਤਰ ਇੰਦਰ ਸਿੰਘ ਵਾਸੀ ਗਗਨ ਛੱਤਰਾੜੀ ਅਤੇ ਡਰਾਈਵਰ ਗੁਮਾਨ ਸਿੰਘ (32) ਪੁੱਤਰ ਕਲਿਆਣਜੂ ਛੱਤ ਰਾੜੀ ਜ਼ਖਮੀ ਹੋ ਗਏ ਹਨ। ਸਾਰਿਆਂ ਦੀ ਉਮਰ 35 ਤੋਂ 39 ਸਾਲ ਦੇ ਵਿਚਕਾਰ ਦੱਸੀ ਜਾ ਰਹੀ ਹੈ। ਇਸ ਹਾਦਸੇ ਤੋਂ ਬਾਅਦ ਮੰਡੀ ਦੇ ਛੱਤਰਾੜੀ ਇਲਾਕੇ ਵਿੱਚ ਸੋਗ ਦੀ ਲਹਿਰ ਹੈ। ਤਿੰਨੋਂ ਮ੍ਰਿਤਕ ਸੇਬ ਦੇ ਸੀਜ਼ਨ ਦੌਰਾਨ ਗਰੇਡਿੰਗ-ਪੈਕਿੰਗ ਅਤੇ ਖੇਤੀ ਕਰਕੇ ਆਪਣੇ ਪਰਿਵਾਰ ਦਾ ਗੁਜ਼ਾਰਾ ਕਰਦੇ ਸਨ। ਬੀਤੀ ਰਾਤ ਵੀ ਤਿੰਨੋਂ ਕਾਰਸੋਗ ਇਲਾਕੇ ਤੋਂ ਸੇਬ ਲੋਡ ਕਰਕੇ ਕਾਰ ਵਿੱਚ ਘਰ ਪਰਤ ਰਹੇ ਸਨ। ਤਿੰਨੋਂ ਮ੍ਰਿਤਕ ਵਿਆਹੇ ਹੋਏ ਹਨ। ਹਾਦਸੇ ਦੇ ਕਾਰਨਾਂ ਦਾ ਅਜੇ ਤੱਕ ਪਤਾ ਨਹੀਂ ਲੱਗ ਸਕਿਆ ਹੈ। ਮੰਨਿਆ ਜਾ ਰਿਹਾ ਹੈ ਕਿ ਇਹ ਹਾਦਸਾ ਸੜਕ ਦੇ ਧਸਣ ਕਾਰਨ ਹੋਇਆ ਹੈ। ਐਸਪੀ ਮੰਡੀ ਸਾਕਸ਼ੀ ਵਰਮਾ ਨੇ ਮਾਮਲੇ ਦੀ ਪੁਸ਼ਟੀ ਕੀਤੀ ਹੈ। ਉਨ੍ਹਾਂ ਕਿਹਾ ਕਿ ਜੰਝੇਲੀ ਪੁਲਿਸ ਸਟੇਸ਼ਨ ਨੂੰ ਛੱਤਰੀ ਰੋਡ ’ਤੇ ਮਗਰੂਗਲਾ ਨੇੜੇ ਇੱਕ ਕਾਰ ਹਾਦਸੇ ਦੀ ਸੂਚਨਾ ਮਿਲੀ ਸੀ। ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਨੇ ਇੱਕ ਕਾਰ ਹਾਦਸੇ ਵਿੱਚ ਤਿੰਨ ਲੋਕਾਂ ਦੀ ਮੌਤ ’ਤੇ ਦੁੱਖ ਪ੍ਰਗਟ ਕੀਤਾ। ਮੁੱਖ ਮੰਤਰੀ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਮ੍ਰਿਤਕਾਂ ਦੇ ਪਰਿਵਾਰਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਇਸ ਹਾਦਸੇ ਵਿੱਚ ਜ਼ਖਮੀ ਹੋਏ ਦੋਨਾਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਵੀ ਕੀਤੀ ਅਤੇ ਵਿਛੜੀਆਂ ਆਤਮਾਵਾਂ ਦੀ ਸ਼ਾਂਤੀ ਅਤੇ ਦੁਖੀ ਪਰਿਵਾਰਾਂ ਨੂੰ ਇਸ ਨਾ ਪੂਰਾ ਹੋਣ ਵਾਲੇ ਨੁਕਸਾਨ ਨੂੰ ਸਹਿਣ ਦੀ ਤਾਕਤ ਦੇਣ ਲਈ ਪਰਮਾਤਮਾ ਅੱਗੇ ਅਰਦਾਸ ਕੀਤੀ।

## ਝਾਰਖੰਡ ਦੇ ਸਾਬਕਾ ਮੁੱਖ ਮੰਤਰੀ ਅਤੇ ਸਾਬਕਾ ਕੇਂਦਰੀ ਮੰਤਰੀ ਸ਼ਿਬੂ ਸੋਰੇਨ ਦਾ ਹੋਇਆ ਦੇਹਾਂਤ



**ਰਾਂਚੀ, 4 ਅਗਸਤ (ਆਵਾਜ਼ਿ ਕੌਮ ਬਿਊਰੋ)**-ਝਾਰਖੰਡ ਦੇ ਸਾਬਕਾ ਮੁੱਖ ਮੰਤਰੀ ਅਤੇ ਸਾਬਕਾ ਕੇਂਦਰੀ ਮੰਤਰੀ ਸ਼ਿਬੂ ਸੋਰੇਨ ਹੁਣ ਨਹੀਂ ਰਹੇ। ਉਨ੍ਹਾਂ ਨੇ ਲੰਬੀ ਬਿਮਾਰੀ ਤੋਂ ਬਾਅਦ ਸੋਮਵਾਰ ਨੂੰ ਆਖਰੀ ਸਾਹ ਲਿਆ।ਮੁੱਖ ਮੰਤਰੀ ਹੇਮੰਤ ਸੋਰੇਨ ਨੇ ਪਿਤਾ ਦੇ ਟਵਿੱਟਰ ’ਤੇ ਉਨ੍ਹਾਂ ਦੇ ਦੇਹਾਂਤ ਦੀ ਜਾਣਕਾਰੀ ਦਿੱਤੀ। ਸ਼ਿਬੂ ਸੋਰੇਨ ਦੀ ਮੌਤ ਦੀ ਪੁਸ਼ਟੀ ਕਰਦੇ ਹੋਏ ਮੁੱਖ ਮੰਤਰੀ ਹੇਮੰਤ ਸੋਰੇਨ ਨੇ ਇੰਸਟਾਗ੍ਰਾਮ ’ਤੇ ਲਿਖਿਆ, ’ਸਤਿਕਾਰਯੋਗ ਦਿਸ਼ਾਮ ਗੁਰੂ ਜੀ ਸਾਨੂੰ ਸਾਰਿਆਂ ਨੂੰ ਛੱਡ ਕੇ ਚਲੇ ਗਏ ਹਨ।



ਅੱਜ ਮੈਂ ਇੱਕਲਾ ਹੋ ਗਿਆ ਹਾਂ...’ ਕਾਬਿਲੇਗੌਰ ਹੈ ਕਿ ਸ਼ਿਬੂ ਸੋਰੇਨ ਇੱਕ ਮਹੀਨੇ ਤੋਂ ਵੱਧ ਸਮੇਂ ਤੋਂ ਰਾਸ਼ਟਰੀ ਰਾਜਧਾਨੀ ਦੇ ਸਰ ਗੰਗਾ ਰਾਮ ਹਸਪਤਾਲ ਵਿੱਚ ਦਾਖਲ ਸਨ। ਸ਼ਿਬੂ ਸੋਰੇਨ (81) ਨੂੰ ਜੂਨ ਦੇ ਆਖਰੀ ਹਫ਼ਤੇ ਗੁਰਦੇ ਨਾਲ ਸਬੰਧਤ ਸਮੱਸਿਆਵਾਂ ਕਾਰਨ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਝਾਰਖੰਡ ਦੇ ਸਾਬਕਾ ਮੁੱਖ ਮੰਤਰੀ ਅਤੇ ਝਾਰਖੰਡ ਮੁਕਤੀ ਮੋਰਚਾ ਦੇ ਸੰਸਥਾਪਕ ਸ਼ਿਬੂ ਸੋਰੇਨ ਦੇ ਦੇਹਾਂਤ ’ਤੇ ਸ਼ਰਧਾਂਜਲੀ ਭੇਟ ਕਰਦੇ ਹੋਏ ਸੋਮਵਾਰ ਨੂੰ ਕਿਹਾ ਕਿ ਉਹ ਕਬਾਇਲੀ ਭਾਈਚਾਰਿਆਂ, ਗਰੀਬਾਂ ਅਤੇ ਪਛੜੇ ਲੋਕਾਂ ਨੂੰ ਸਸ਼ਕਤ ਬਣਾਉਣ ਲਈ ਵਿਸ਼ੇਸ਼ ਤੌਰ ’ਤੇ ਵਚਨਬੱਧ ਸਨ। ਸ਼ਿਬੂ ਦਾ ਸੋਮਵਾਰ ਨੂੰ ਸਰ ਗੰਗਾਰਾਮ ਹਸਪਤਾਲ ਵਿੱਚ ਦੇਹਾਂਤ ਹੋ ਗਿਆ।

# ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
# ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ ।

ਆਵਾਜ਼ਿ ਕੌਮ AWAZE QAUM

## ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**




ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB



ਸ੍ਰੀ ਪਟਨਾ ਸਾਹਿਬ
SRI PATNA SAHIB



ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB



ਸ੍ਰੀ ਦਮਦਮਾ ਸਾਹਿਬ
SRI DAMDAMA SAHIB



ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ਼੍ਰੀ ਦੁਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ਼੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ਼੍ਰੀ ਪਟਨਾ ਸਾਹਿਬ ਤੋਂ ਚੰਡੀਗੜ੍ਹ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

### ਅਕਾਊਂਟ ਨੰਬਰ ਤੇ ਡਿਟੇਲ

Account Name: RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

*** ਸਲਾਹ ***
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।


ਆਵਾਜ਼ਿ ਕੌਮ AWAZE QAUM

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ
# ਪੰਜ ਤਖ਼ਤ ਯਾਤਰਾ

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

ਆਵਾਜ਼ਿ ਕੌਮ AWAZE QAUM

### 15 ਫਰਵਰੀ (ਦਿਨ 1)




ਸਾਰੀ ਸੰਗਤ ਗੁਰਦਵਾਰਾ ਦੂਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੁ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)




ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਊਜੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖ਼ੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)




ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋ ਫਿਕਸਡ ਮੈਨਿਉ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)




ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)




ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)




ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)




ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਬਿ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਉਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।

--★ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ★--

| | | | |
|---|---|---|---|
| **RAGHBIR SINGH** | **PARAMJIT SHERGILL** | **INDERJIT KAUR** | **KULWINDER MANN** |
| **+44 7458 381111, +44 7976 210161** | **+44 7858 198159** | **+44 7883 635835** | **+44 7900 982906** |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ।

ਆਵਾਜ਼ਿ ਕੌਮ
AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥


**RAGHBIR SINGH (Call : +44 7976 210161)**
121. Broadway west Walsall, West Midlands, WS1 4DW, England uk



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mendioned bank account balance amout need to be deposited 2 weeks before the travel date.**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

**Contact Detail :**
**+44 7458 381111 +44 7976 210161**
**email: gnstuk@hotmail.com**

**To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.**

**--ADVICE--**
**Request to all Sangat to have own travel Insurance individualy!**


**Program is subject to change without Prior Notice.**

ਆਵਾਜ਼ਿ ਕੌਮ
AWAZE QAUM

## JOURNEY OF A LIFE TIME
## PANJ TAKHAT YATRA
### 5 TAKHAT YATRA - 10 NIGHTS / 11 DAYS

ਆਵਾਜ਼ਿ ਕੌਮ
AWAZE QAUM

### 15th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.




Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd




After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th



Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th




After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th




After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th




After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

**FOR MORE INFORMATION PLS. CONTACT**


| RAGHBIR SINGH | PARAMJIT SHERGILL | INDERJIT KAUR | KULVINDER MANN |
|---|---|---|---|
| +44 7458 381111, +44 7976 210161 | +44 7858 198159 | +44 7883 635835 | +44 7900 982906 |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਆਵਾਜ਼ਿ ਕੌਮ AWAZE QAUM TV

# AWAZE QAUM TOURS & TRAVELS

ORGANISE

# PANJ TAKHAT YATRA

# ਪੰਜ ਤਖ਼ਤ ਦਰਸ਼ਨ ਯਾਤਰਾ

## ( FROM 15th FEB 2026 TO 25th FEB 2026 )

10 Nights 11 Days Tour From 15th Feb 2026 to 25th Feb 2026

AKAL TAKHAT SAHIB & 5 OTHER PLACES | HYDRABAD & 2 OTHER PLACES
HAZUR SAHIB & 8 OTHER GURUDWARAS | PATNA SAHIB & 5 OTHER GURUDWARA
CHANDIGARH & SUKHNA LAKE | ANANDPUR SAHIB & 4 OTHER GURUDWARAS
DAMDAMA SAHIB & 3 OTHER GURUDWARAS

- Luxury Hotel with Breakfast & Dinner
- Luxury Air-conditioned Coaches
- Domestic Flights
- Guide
- Flexibility to stay in India before & after the trip*
- Starting and Ending Point at Jalandhar

NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE

Account Name
RAGHBIR SINGH
Bank Name
HALIFAX
Sort Code 11-08-07
Account Number
00516474

**ADVICE**

REQUEST TO ALL SANGAT TO HAVE YOUR OWN TRAVEL INSURANCE INDIVIDUALLY !


**FOR MORE INFO CONTACT**

**RAGHBIR SINGH**
(CALL + 44 7458 381111, + 44 7976 210161)

| PARAMJIT SHERGILL | INDERJIT KAUR | KULVINDER MANN |
|---|---|---|
| +44 7858 198159 | +44 7883 635835 | +44 7900 982906 |

121, BROADWAY WEST WALSALL, WEST MIDLANDS, WS1 4DW, ENGLAND UK

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ
350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਅਤੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ
ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ


ਧੰਨ-ਧੰਨ ਮਾਤਾ ਸਾਹਿਬ ਕੌਰ ਜੀ

ਗੁਰਮਤਿ ਸਮਾਗਮ
1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਆਵਾਜ਼ਿ ਕੌਮ AWAZE QAUM International Newspaper & WEB TV



ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ
ਨੋਟ : ਇਹ ਸਮਾਗਮ 13 ਦਿਨ ਚੱਲੇਗਾ ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।
ਬੇਨਤੀ ਕਰਤਾ ਸੰਤ ਬਾਬਾ ਰਣਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404
ਸੰਪਰਕ ਨੰਬਰ
98141-27470
84278-66404
73408-35137

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

## ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)

# ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਕੋਟਨਿ ਕੋਟਿ ਧੰਨਵਾਦ

# ਸ਼ੁਕਰਾਨੇ ਦੀ ਅਰਦਾਸ

ਸਨਿੱਚਰਵਾਰ 30 ਅਗਸਤ 2025 ਸ਼ਾਮ 3 ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪੈਣਗੇ। ਉਪੰਰਤ 5 ਵਜੇ ਤੱਕ ਦੀਵਾਨ ਸੱਜਣਗੇ

ਸਰਦਾਰ ਜਤਿੰਦਰ ਸਿੰਘ ਮੰਡ ਦੇ ਘਰ ਪੁੱਤਰ ਕਾਕਾ ਫ਼ਤਹਿ ਫੁਰਮਾਨ ਸਿੰਘ ਦੀ ਦਾਤ ਪ੍ਰਾਪਤ ਹੋਈ। ਸਮੂੰਹ ਮੰਡ ਪਰਿਵਾਰ ਦਾਦਾ ਅਤੇ ਦਾਦੀ ਵੱਲੋਂ ਰਿਸ਼ਤੇਦਾਰ ਸਾਕ ਸਬੰਧੀ ਯਾਰਾਂ ਦੋਸਤਾਂ ਨੂੰ ਬੇਨਤੀ ਹੈ ਸਮੇਂ ਸਿਰ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

--✶ ਗੁਰੂ ਪੰਥ ਦੇ ਸੇਵਾਦਾਰ ✶--

# ਸਮੂਹ ਮੰਡ ਪਰਿਵਾਰ

## ਅਤੇ ਸਾਕ-ਸਬੰਧੀ




# ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਜੀ ਦੇ ਧਾਰਮਿਕ ਸਮਾਗਮਾਂ ਲਈ ਭਾਈ ਕਪਤਾਨ ਸਿੰਘ ਨਾਲ ਸੰਪਰਕ ਕੀਤਾ ਜਾ ਸਕਦਾ ਹੈ।



# +44 7788 283485

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸੱਦਾ ਪੱਤਰ

## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ,

ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਵਸ,
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਮਹਾਰਾਜ ਜੀ ਦੇ 350 ਸਾਲਾ ਗੁਰਤਾ ਗੱਦੀ ਦਿਵਸ ਅਤੇ

## ਦਮਦਮੀ ਟਕਸਾਲ ਦੇ 319ਵੇਂ ਸਥਾਪਨਾ ਦਿਵਸ ਨੂੰ ਸਮਰਪਿਤ

# ਮਹਾਨ ਗੁਰਮਤਿ ਸਮਾਗਮ

ਮਿਤੀ 1 ਅਗਸਤ 2025
ਦਿਨ ਸ਼ੁੱਕਰਵਾਰ ਤੋਂ
7 ਅਗਸਤ 2025 ਦਿਨ ਵੀਰਵਾਰ ਤੱਕ

ਅਸਥਾਨ
ਤਖ਼ਤ ਸ੍ਰੀ ਦਮਦਮਾ ਸਾਹਿਬ
ਤਲਵੰਡੀ ਸਾਬੋ (ਬਠਿੰਡਾ)

ਵਿਖੇ ਕਰਵਾਏ ਜਾ ਰਹੇ ਹਨ।
ਸਵੇਰੇ ਕਥਾ ਦਾ ਸਮਾਂ : ਸਵੇਰੇ 6:15 ਵਜੇ ਤੋਂ 7:00 ਵਜੇ ਤੱਕ
ਸ਼ਾਮ ਨੂੰ ਕਥਾ ਦਾ ਸਮਾਂ : ਸ਼ਾਮ 5:30 ਵਜੇ ਤੋਂ 6:15 ਤੱਕ

ਆਰੰਭ ਸ੍ਰੀ ਅਖੰਡ ਪਾਠ ਸਾਹਿਬ
**ਮਿਤੀ 5 ਅਗਸਤ 2025**
ਦਿਨ ਮੰਗਲਵਾਰ ਸਮਾਂ ਸਵੇਰੇ 8:00 ਵਜੇ

ਭੋਗ ਸ੍ਰੀ ਅਖੰਡ ਪਾਠ ਸਾਹਿਬ
**ਮਿਤੀ 7 ਅਗਸਤ 2025**
ਦਿਨ ਵੀਰਵਾਰ ਸਮਾਂ ਸਵੇਰੇ 8:30 ਵਜੇ

ਭੋਗ ਉਪਰੰਤ
ਸਵੇਰੇ 09:30 ਵਜੇ ਤੋਂ
02:00 ਵਜੇ ਤੱਕ
ਮਹਾਨ ਗੁਰਮਤਿ ਸਮਾਗਮ ਹੋਣਗੇ

ਜਿਸ ਵਿੱਚ ਸੰਤ ਮਹਾਂ ਪੁਰਖ ਹਾਜਰੀਆਂ ਭਰਣਗੇ।



6 ਅਤੇ 7 ਅਗਸਤ ਨੂੰ ਵਰਤਮਾਨ ਮੁਖੀ ਦਮਦਮੀ ਟਕਸਾਲ,
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ,
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ ਕਥਾ ਕਰਨਗੇ।

ਸੋ ਆਪ ਜੀ ਨੂੰ ਬੇਨਤੀ ਹੈ
ਆਪ ਜੀ ਅਤੇ ਸੰਗਤਾ ਸਮੇਤ ਸਮੇਂ ਸਿਰ ਆਉਣ ਦੀ
ਕ੍ਰਿਪਾਲਤਾ ਕਰਨੀ ਜੀ।

ਗੁਰੂ ਪੰਥ ਦੇ ਦਾਸ:
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ,
ਮੁਖੀ ਦਮਦਮੀ ਟਕਸਾਲ,
ਪ੍ਰਧਾਨ ਸੰਤ ਸਮਾਜ, ਮੋ:98551-17300

ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




## ਸਮੂਹ ਸ਼ਹੀਦਾਂ ਨੂੰ ਸਮਰਪਿਤ 15/16/17 ਅਗਸਤ 2025 ਨੂੰ ਮਹਾਨ ਗੁਰਮਤਿ ਸਮਾਗਮ

**ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲੱਗ ਕੇ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਨਿਭਾਈ ਜਾਵੇਗੀ।**

ਸਮੂਹ ਸ਼ਹੀਦਾਂ ਦੀ ਯਾਦ ਅਤੇ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ਼੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਭਿੰਡਰਾਂਵਾਲਿਆਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

☛ਸ਼ੁੱਕਰਵਾਰ 15 ਅਗਸਤ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ 10 ਵਜੇ ਆਰੰਭ ਹੋਵੇਗੀ ਅਤੇ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।
☛ਸ਼ਨਿੱਚਰਵਾਰ 16 ਅਗਸਤ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 17 ਅਗਸਤ 2025 ਨੂੰ 6:30 ਵਜੇ ਸਵੇਰੇ ਚੁਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪੰਰਤ 1:00 ਵਜੇ ਤੱਕ ਦੀਵਾਨ ਸਜਣਗੇ।

☛ ਕਵੀਸ਼ਰੀ ਜਥਾ ਗਿਆਨੀ ਸੁਖਵਿੰਦਰ ਸਿੰਘ ਚੀਮਾ ਖੁੱਡੀ ਮਾਝੇ ਵਾਲੇ । ☛ ਕਥਾ ਵਾਚਕ ਗਿਆਨੀ ਹੀਰਾਂ ਸਿੰਘ ਦਮਦਮੀ ਟਕਸਾਲ ਵਾਲੇ। ☛ ਕੀਰਤਨੀ ਜਥਾ ਰਾਗੀ ਭਾਈ ਅਵਤਾਰ ਸਿੰਘ ਬੁੱਟਰ ਬਾਬਾ ਬਕਾਲਾ ਸਾਹਿਬ ਵਾਲੇ ਗੁਰਬਾਣੀ ਕੀਰਤਨ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

• ਵੱਖ-ਵੱਖ ਤਰ੍ਹਾਂ ਦੇ ਸਟਾਲ ਅਤੇ ਛਬੀਲ ਵੀ ਲੱਗੇਗੀ • ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਵਾਹਿਗੁਰੂ ਜੀ ਕਾ ਖਾਲਸਾ ।
ਵਾਹਿਗੁਰੂ ਜੀ ਕੀ ਫਤਿਹ ॥

# 5 ਅਗਸਤ ਦਿਨ ਮੰਗਲਵਾਰ ਨੂੰ ਸਵੇਰੇ 9 ਵਜੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਗੁਰੂ ਰਾਮਦਾਸ ਪਾਤਿਸ਼ਾਹ ਜੀਆਂ ਦੇ ਲੰਗਰਾਂ ਵਿੱਚ ਸੇਵਾ ਕੀਤੀ ਜਾਵੇਗੀ



ਇੰਟਰਨੈਸ਼ਨਲ ਪੰਥਕ ਦਲ ਦੇ ਸਾਰੇ ਅਹੁਦੇਦਾਰ ਤੇ ਵਰਕਰ ਸਾਹਿਬਾਨਾਂ ਨੂੰ ਬੇਨਤੀ ਹੈ ਕਿ ਵੀਹਵੀਂ ਸਦੀ ਦੇ ਮਹਾਨ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਭਤੀਜੇ ਸਾਬਕਾ ਜੱਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਬਾਨੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਜੀਆਂ ਦੇ ਹੁਕਮ ਅਨੁਸਾਰ ਹਰੇਕ ਮਹੀਨੇ ਜੋ ਗੁਰੂ ਰਾਮਦਾਸ ਸਾਹਿਬ ਮਹਾਰਾਜ ਜੀਆਂ ਦੇ ਲੰਗਰਾਂ ਵਿੱਚ ਸੇਵਾ ਕੀਤੀ ਜਾਂਦੀ ਹੈ,ਇਸ ਵਾਰ 5 ਅਗਸਤ ਦਿਨ ਮੰਗਲਵਾਰ ਨੂੰ ਸਵੇਰੇ 9 ਵਜੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਗੁਰੂ ਰਾਮਦਾਸ ਪਾਤਿਸ਼ਾਹ ਜੀਆਂ ਦੇ ਲੰਗਰਾਂ ਵਿੱਚ ਸੇਵਾ ਕੀਤੀ ਜਾਵੇਗੀ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ, ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ

ਇੰਟਰਨੈਸ਼ਨਲ ਪੰਥਕ ਦਲ
INTERNATIONAL PANTHIC DAL

**ਸਾਰੇ ਅਹੁਦੇਦਾਰ ਤੇ ਵਰਕਰ ਸਾਹਿਬਾਨਾਂ ਨੇ ਸਮੇਂ ਸਿਰ ਪਹੁੰਚ ਕੇ ਹੱਥੀਂ ਸੇਵਾ ਕਰਕੇ ਗੁਰੂ ਰਾਮਦਾਸ ਪਾਤਿਸ਼ਾਹ ਜੀਆਂ ਦੀਆਂ ਖੁਸ਼ੀਆਂ ਪ੍ਰਾਪਤ ਕਰਨੀਆਂ ਜੀ**



ਜੱਥੇਦਾਰ ਦਲੀਪ ਸਿੰਘ ਚਕਰ ਆਲ ਇੰਡੀਆ ਕਨਵੀਨਰ ਇੰਟਰਨੈਸ਼ਨਲ ਪੰਥਕ ਦਲ

★ ਬੇਨਤੀ ਕਰਤਾ ★

ਆਵਾਜ਼ਿ ਕੌਮ AWAZE QAUM International Newspaper & WEB TV

**ਜੱਥੇਦਾਰ ਦਲੀਪ ਸਿੰਘ ਚਕਰ**
**ਆਲ ਇੰਡੀਆ ਕਨਵੀਨਰ ਇੰਟਰਨੈਸ਼ਨਲ ਪੰਥਕ ਦਲ**


CROWN
INTERIOR DESIGN
DESIGN - MANUFACTURING SUPPLY AND FITTING
Follow us on :
DEALS IN :
ਆਵਾਜ਼ਿ ਕੌਮ AWAZE QAUM
International Newspaper & WEB TV
Kitchens
Bedrooms
Media Wall
Loft
Wardrobes & Sliding Doors
Dressing Table
Study Room
Bar
All Inclusive Free Measurement
Design & Quotes
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
SCAN HERE FOR WEBSITE


SCAN HERE FOR WEBSITE
Follow us on :
CROWN
INTERIOR DESIGN
DESIGN - MANUFACTURING SUPPLY AND FITTING
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
ਆਵਾਜ਼ਿ ਕੌਮ
AWAZE QAUM
International Newspaper & WEB TV




# ਮਾਨਵਤਾ ਦਾ ਅਮਰ ਪੁਜਾਰੀ-ਭਗਤ ਪੂਰਨ ਸਿੰਘ ਪਿੰਗਲਵਾੜਾ

**ਸਮੁੱਚੀ** ਮਨੁੱਖਤਾ ਨੂੰ ਦਿਲ ਦੀਆਂ ਗਹਿਰਾਈਆਂ ਤੋਂ ਪਿਆਰ ਕਰਨ ਵਾਲੇ ਅਤੇ ਮਨੁੱਖੀ ਦਰਦ ਨਾਲ ਓਤ-ਪ੍ਰੋਤ ਭਗਤ ਪੂਰਨ ਸਿੰਘ ਅਤੇ ਪਿੰਗਲਵਾੜਾ ਦੋਵੇਂ ਸ਼ਬਦ ਆਪਸ ਵਿੱਚ ਰਲਗੱਡ ਹੋ ਚੁੱਕੇ ਹਨ। ਜਦੋਂ ਪਿੰਗਲਵਾੜਾ ਸ਼ਬਦ ਸਹਿਜ-ਸੁਭਾਅ ਹੀ ਜ਼ਿਹਨ ਵਿੱਚ ਆਉਂਦਾ ਹੈ ਤਾਂ ਭਗਤ ਪੂਰਨ ਸਿੰਘ ਦਾ ਸਰੂਪ ਧਿਆਨ ਗੋਚਰੇ ਆ ਜਾਂਦਾ ਹੈ। ਉਨ੍ਹਾਂ 88 ਵਰ੍ਹੇ ਆਪਣਾ ਘਰ ਨਹੀਂ ਵਸਾਇਆ,


## 5 ਅਗਸਤ ਨੂੰ ਬਰਸੀ 'ਤੇ ਵਿਸ਼ੇਸ਼

-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ :
98143-24040



ਬਿਨਾਂ ਕਿਸੇ ਜਾਤ, ਮਜ਼੍ਹਬ, ਨਸਲੀ ਵਿਤਕਰੇ ਤੋਂ ਮਨੁੱਖਤਾ ਦੀ ਸੇਵਾ ਲਈ ਸਮਰਪਿਤ ਕਰ ਦਿੱਤੇ। ਸਾਰੀ ਜ਼ਿੰਦਗੀ ਲੋਕ-ਭਲੇ ਦੇ ਦਰਦ ਨੂੰ ਹੰਢਾਉਂਦੇ ਸਨੇਹ ਤੇ ਪਿਆਰ ਦੀ ਖੁਸ਼ਬੂ ਵੰਡਦੇ ਰਹੇ। ਅੱਜ ਸਮੁੱਚੀ ਲੋਕਾਈ ਲਈ ਮੂੰਹ ਅੱਡੀ ਖੜ੍ਹੀਆਂ ਸਮੱਸਿਆਵਾਂ ਪ੍ਰਤੀ ਸੁਚੇਤ ਹੋ ਕੇ ਅੱਜ ਤੋਂ 60-65 ਸਾਲ ਪਹਿਲਾਂ ਸਮਾਜ ਨੂੰ ਜਾਗ੍ਰਿਤ ਕਰਨਾ ਸ਼ੁਰੂ ਕੀਤਾ। ਅੱਜ ਅਸੀਂ ਘੱਟ ਰਹੇ ਪਾਣੀ ਦੇ ਪੱਧਰ, ਪ੍ਰਦੂਸ਼ਣ, ਵੱਧ ਰਹੀ ਅਬਾਦੀ, ਦਰਖੱਤਾਂ ਤੋਂ ਸੱਖਣੀ ਧਰਤੀ ਦੀਆਂ ਗੰਭੀਰ ਸਮੱਸਿਆਵਾਂ ਦੇ ਖਤਰਿਆਂ ਤੋਂ ਆਪਣੀ ਆਉਣ ਵਾਲੀ ਨਸਲ ਨੂੰ ਸੁਚੇਤ ਕਰਦਿਆਂ ਭਗਤ ਜੀ ਨੂੰ ਯਾਦ ਕਰ ਰਹੇ ਹਾਂ। ਉਨ੍ਹਾਂ ਇਸ ਕਾਰਜ ਨੂੰ ਪੁਸਤਕ-ਟ੍ਰੈਕਟ ਅਤੇ ਲੇਖ ਆਦਿ ਲਿਖ ਕੇ ਤਾਂ ਕਾਰਜ ਕਰਨਾ ਹੀ ਸੀ, ਸਗੋਂ ਦੇਸ਼ ਭਰ ਦੇ ਸਕੂਲਾਂ, ਕਾਲਜਾਂ ਵਿੱਚ ਸਮਾਜ ਦੇ ਬੁੱਧੀਜੀਵੀ ਅਤੇ ਵਿੱਦਿਆਰਥੀ ਵਰਗ ਤੱਕ ਪੈਦਲ ਚੱਲ ਕੇ ਲਹਿਰ ਦਾ ਸੁਪਨਾ ਸਾਕਾਰ ਕਰਨ ਦੇ ਯਤਨ ਕੀਤੇ। ਭਗਤ ਜੀ ਦਾ ਜਨਮ ਜ਼ਿਲ੍ਹਾ ਲੁਧਿਆਣਾ ਦੇ ਪਿੰਡ ਰਾਜੋਵਾਲ ਰੋਹਣੇ ਦੇ ਇਕ ਹਿੰਦੂ ਪਰਿਵਾਰ ਦੇ ਲਾਲਾ ਸਿੱਧੂ ਮੱਲ ਖੱਤਰੀ ਦੇ ਘਰ ਮਾਤਾ ਮਹਿਤਾਬ ਕੌਰ ਦੀ ਕੁੱਖ ਤੋਂ 4 ਜੂਨ, 1904 ਈ: ਨੂੰ ਹੋਇਆ। ਪਿਤਾ ਜੀ ਸ਼ਾਹੂਕਾਰੇ ਦਾ ਧੰਦਾ ਕਰਦੇ ਸਨ। ਭਗਤ ਜੀ ਦਾ ਮੁੱਢਲਾ ਨਾਂਅ ਰਾਮਜੀ ਦਾਸ ਸੀ। 1914 ਈ: ਦੇ ਭਿਆਨਕ ਦਿਲ-ਕੰਬਾਊ ਕਾਲ ਨੇ ਭਗਤ ਜੀ ਦੇ ਪਰਿਵਾਰ ਨੂੰ ਬਰਬਾਦ ਕਰ ਦਿੱਤਾ। ਸਾਰਾ ਪਰਿਵਾਰ ਦਰ-ਦਰ ਭਟਕਣ ਲਈ ਮਜ਼ਬੂਰ ਹੋ ਗਿਆ। ਕੁਝ ਸਮਾਂ ਖੰਨਾ ਸ਼ਹਿਰ ਵਿੱਚ ਵੀ ਸਿੱਖਿਆ ਹਾਸਲ ਕੀਤੀ।

ਭਗਤ ਜੀ ਜ਼ਿਕਰ ਕਰਦੇ ਹੋਏ ਕਹਿੰਦੇ ਹੁੰਦੇ ਸਨ, ਇਕ ਵਾਰ ਉਨ੍ਹਾਂ ਗੁਰਦੁਆਰਾ ਫਤਹਿਗੜ੍ਹ ਸਾਹਿਬ ਵਿੱਚ ਪਟਿਆਲਾ ਦੇ ਮਹਾਰਾਜਾ ਸ। ਭੁਪਿੰਦਰ ਸਿੰਘ ਨੂੰ ਗੁਰਦੁਆਰਾ ਸਾਹਿਬ ਵਿਖੇ ਸਾਹਿਬਜ਼ਾਦਿਆਂ ਨੂੰ ਨਤਮਸਤਕ ਹੁੰਦਿਆਂ ਤੱਕਿਆ। ਉਨ੍ਹਾਂ ਦੇ ਸੁੰਦਰ ਸਰੂਪ, ਸ਼ਾਹੀ ਸੱਜ-ਧੱਜ ਨੂੰ ਦੇਖ ਕੇ ਅਤੇ ਉਨ੍ਹਾਂ ਦੇ ਨਾਲ ਆਏ ਸ਼ਾਹੀ ਅਹਿਲਕਾਰਾਂ ਦੇ ਸਿੱਖੀ ਸਰੂਪ ਨੂੰ ਦੇਖ ਕੇ ਮੇਰੇ ਬਾਲ-ਮਨ ਉੱਪਰ ਡੂੰਘਾ ਅਸਰ ਹੋਇਆ। ਹੁਣ ਉਨ੍ਹਾਂ ਦੇ ਮਨ ਹੀ ਮਨ ਅੰਦਰ ਸਿੱਖੀ ਸਰੂਪ ਧਾਰਨ ਕਰਨ ਲਈ ਚਾਅ ਪੈਦਾ ਹੋ ਗਿਆ। ਆਪ ਜੀ ਦੱਸਦੇ ਹੁੰਦੇ ਸਨ ਕਿ ਉਨ੍ਹਾਂ ਨੂੰ ਸਿੱਖੀ ਮਾਰਗ ਵੱਲ ਪ੍ਰੇਰਿਤ ਕਰਨ ਵਾਲਿਆਂ ਵਿੱਚ ਸ। ਤੇਜਾ ਸਿੰਘ ਸਮੁੰਦਰੀ, ਸ। ਬ। ਮਹਿਤਾਬ ਸਿੰਘ ਅਤੇ ਸ। ਤੇਜਾ ਸਿੰਘ ਚੂਹੜਕਾਤਾ ਵਰਗੀਆਂ ਸ਼ਖ਼ਸੀਅਤਾਂ ਦਾ ਵੀ ਯੋਗਦਾਨ ਹੈ। ਰਾਮਜੀ ਦਾਸ ਤੋਂ ਅੰਮ੍ਰਿਤ ਛੱਕ ਕੇ ਬਣੇ ਭਗਤ ਪੂਰਨ ਸਿੰਘ। ਬਚਪਨ ਵਿੱਚ ਪ੍ਰਭੂ ਦੀ ਪ੍ਰਾਪਤੀ ਦੀ ਇੱਛਾ ਵਿੱਚੋਂ ਹੀ ਮਨੁੱਖਤਾ ਦੀ ਸੇਵਾ ਦਾ ਅੰਕੁਰ ਪ੍ਰਗਟ ਹੋਇਆ। ਇਹ ਸੇਵਾ ਕਾਰਜ ਪੂਰਨ ਰੂਪ ਵਿੱਚ 1924 ਈ: ਵਿੱਚ ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਡੇਹਰਾ ਸਾਹਿਬ ਲਾਹੌਰ ਤੋਂ ਆਰੰਭ ਹੋਇਆ। ਆਪ ਜੀ ਦਾ ਵਿਸ਼ਵਾਸ ਸੀ ਕਿ ਗੁਰਦੁਆਰਾ ਸਾਹਿਬਾਨ ਸੰਸਾਰ ਵਿੱਚ ਸਭ ਤੋਂ ਵੱਡੇ ਸਮਾਜਿਕ ਅਤੇ ਅਧਿਆਤਮਕ ਕੇਂਦਰ ਹਨ। ਪਿੰਗਲਿਆਂ, ਅਪਾਹਜਾਂ ਦੀ ਸੇਵਾ ਕਰਨ ਦੀ ਲਗਨ ਇਕ ਚਾਰ ਸਾਲਾ ਦੇ ਬੇਸਹਾਰਾ ਅਪਾਹਜ ਬਾਲਕ ਨੂੰ ਲਾਵਾਰਸ ਹਾਲਤ ਵਿੱਚ ਮਿਲਣ ਤੋਂ ਬਾਅਦ ਸ਼ੁਰੂ ਹੋਈ। ਇਹ ਬੱਚਾ ਗੁਰਦੁਆਰਾ ਡੇਹਰਾ ਸਾਹਿਬ ਤੋਂ ਲਾਵਾਰਸ ਹਾਲਤ ਵਿੱਚ ਮਿਲਿਆ। ਭਗਤ ਜੀ ਨੇ ਇਸ ਬੱਚੇ ਦਾ ਨਾਂਅ ਪਿਆਰਾ ਰੱਖਿਆ ਅਤੇ ਲਗਾਤਾਰ 14 ਸਾਲ ਉਸ ਨੂੰ ਮੋਢਿਆਂ 'ਤੇ ਚੁੱਕ ਕੇ ਪਾਲਿਆ ਅਤੇ ਵੱਡਾ ਕੀਤਾ। ਇਸ ਬਾਲਕ ਨੂੰ ਸੰਭਾਲਣ ਲਈ ਕੋਈ ਟਿਕਾਣਾ ਜਾਂ ਥਾਂ



ਨਹੀਂ ਸੀ। ਦੇਸ਼ ਦੀ ਵੰਡ ਤੋਂ ਬਾਅਦ ਅੰਮ੍ਰਿਤਸਰ ਵਿਖੇ ਪੂਰਨ ਰੂਪ ਵਿੱਚ ਲੋਕ ਸੇਵਾ ਨੂੰ ਸਮਰਪਿਤ ਹੋ ਗਏ।


ਅੱਜ ਇਹੋ ਭਗਤ ਜੀ ਵੱਲੋਂ ਸਥਾਪਿਤ ਪਿੰਗਲਵਾੜਾ ਬੋਹੜ ਦੇ ਦਰੱਖਤ ਦਾ ਵਿਸ਼ਾਲ ਰੂਪ ਧਾਰਨ ਕਰ ਚੁੱਕਾ ਹੈ। ਭਗਤ ਜੀ ਵੱਲੋਂ ਕੀਤੇ ਇਨ੍ਹਾਂ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਉਨ੍ਹਾਂ ਨੂੰ ਪਦਮਸ਼੍ਰੀ ਐਵਾਰਡ, ਹਾਰਮਨੀ ਐਵਾਰਡ, ਲੋਕ ਰਤਨ ਐਵਾਰਡ, ਭਾਈ ਘਨੱਈਆ ਐਵਾਰਡ ਆਦਿ ਪ੍ਰਾਪਤ ਹੋਏ। 1984 ਈ: ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਫੌਜੀ ਹਮਲੇ ਸਮੇਂ ਭਗਤ ਜੀ ਨੇ ਪਦਮਸ਼੍ਰੀ ਐਵਾਰਡ ਭਾਰਤ ਸਰਕਾਰ ਨੂੰ ਵਾਪਸ ਕਰ ਦਿੱਤਾ। ਭਗਤ ਜੀ 5 ਅਗਸਤ, 1992 ਨੂੰ ਸਦੀਵੀ ਵਿਛੋੜਾ ਦੇ ਗਏ। ਉਨ੍ਹਾਂ ਨੇ ਆਪਣੀ ਹਯਾਤੀ ਦੌਰਾਨ ਪਿੰਗਲਵਾੜੇ ਦੀ ਸੇਵਾ ਡਾ: ਇੰਦਰਜੀਤ ਕੌਰ ਨੂੰ ਸੰਭਾਲ ਦਿੱਤੀ। ਅੱਜ ਡਾ: ਬੀਬੀ ਇੰਦਰਜੀਤ ਪਿੰਗਲਵਾੜਾ ਸੰਸਥਾ ਦੇ ਸਮੂਹ ਟਰੱਸਟੀਜ਼ ਦੇ ਸਹਿਯੋਗ ਨਾਲ ਪਿੰਗਲਵਾੜਾ ਸੰਸਥਾ ਨੂੰ ਵਿਸ਼ਾਲ ਸੰਸਥਾ ਦਾ ਰੂਪ ਦੇ ਚੁੱਕੇ ਹਨ। ਅੱਜ ਪਿੰਗਲਵਾੜਾ ਅੰਮ੍ਰਿਤਸਰ ਵੱਲੋਂ ਸੰਗਰੂਰ, ਪਲਸੌਰ (ਚੰਡੀਗੜ੍ਹ) ਗੋਇੰਦਵਾਲ ਸਾਹਿਬ, ਜਲੰਧਰ, ਪੰਡੋਰੀ ਵੜੈਚ ਵਿਖੇ ਸਾਰੀਆਂ ਬਰਾਂਚਾਂ ਵਿੱਚ ਬੇਸਹਾਰਾ ਲੋਕਾਂ ਨੂੰ ਸੰਭਾਲਿਆ ਜਾ ਰਿਹਾ ਹੈ। ਮਾਨਾਂਵਾਲਾ ਜੀ।ਟੀ। ਰੋਡ (ਅੰਮ੍ਰਿਤਸਰ) ਵਿਖੇ ਆਧੁਨਿਕ ਇਮਾਰਤਾਂ ਵਿੱਚ ਫਿਜ਼ਿਓਥੈਰੇਪੀ, ਬਨਾਵਟੀ ਅੰਗ ਕੇਂਦਰ, ਭਗਤ ਪੂਰਨ ਸਿੰਘ ਆਦਰਸ਼ ਸਕੂਲ, ਭਗਤ ਪੂਰਨ ਸਿੰਘ ਗੂੰਗੇ ਬਹਿਰੇ ਬੱਚਿਆਂ ਦਾ ਸਕੂਲ, ਮੰਦ ਬੁੱਧੀ ਬੱਚਿਆਂ ਦਾ ਕੇਂਦਰ, ਗਊਸ਼ਾਲਾ, ਵਿਸ਼ਾਲ ਨਰਸਰੀ ਕਾਰਜਸ਼ੀਲ ਹਨ। ਪਿੰਗਲਵਾੜਾ ਅੰਮ੍ਰਿਤਸਰ ਵਿਖੇ ਡਿਸਪੈਂਸਰੀ, ਮਾਤਾ ਮਹਿਤਾਬ ਕੌਰ, ਭਾਈ ਪਿਆਰਾ ਸਿੰਘ ਵਾਰਡਾਂ, ਟਰੌਮਾ ਵੈਨ ਦੀ ਸਹੂਲਤ, ਲਾਵਾਰਸ, ਅਪਾਹਜ, ਮੰਦਬੁੱਧੀ ਰੋਗੀਆਂ ਦੀ ਸੇਵਾ ਨਿਭਾਈ ਜਾ ਰਹੀ ਹੈ। ਇਨ੍ਹਾਂ ਸਾਰੀਆਂ ਬਰਾਂਚਾਂ ਵਿੱਚ ਹਜ਼ਾਰਾਂ ਲੋੜਵੰਦ ਰੋਗੀਆਂ ਦੀ ਸੇਵਾ ਲਈ ਵੱਡੀ ਗਿਣਤੀ ਵਿੱਚ ਸਟਾਫ ਡਾ: ਬੀਬੀ ਇੰਦਰਜੀਤ ਕੌਰ ਦੀ ਅਗਵਾਈ ਵਿੱਚ ਸੇਵਾ ਨਿਭਾਅ ਰਿਹਾ ਹੈ। ਭਗਤ ਜੀ ਦੀ ਯਾਦ ਵਿੱਚ ਲਗਾਤਾਰ ਵੱਖ-ਵੱਖ ਸਮਾਗਮ ਰਚੇ ਜਾ ਰਹੇ ਹਨ। 5 ਅਗਸਤ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਕੀਰਤਨ ਤੇ ਸ਼ਰਧਾਂਜਲੀ ਸਮਾਗਮ ਹੋਵੇਗਾ।

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★






SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

## SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!
Please ask a member of staff if you have any food intolerance or allergies.


ਆਵਾਜ਼ ਕੌਮ AWAZE QAUM
International Newspaper & WEB TV

### ਵਖਰੇਵੇਂ ਛੱਡ ਕੇ ਸ਼ਤਾਬਦੀ ਸਮਾਗਮ

# ਸਾਰੇ ਸੰਸਾਰ ਵਿੱਚ ਕਰਵਾਏ ਜਾਣ : ਸਿੱਖ ਚਿੰਤਕ ਭਗਵਾਨ ਸਿੰਘ ਜੌਹਲ



**ਲੰਦਨ, 4 ਅਗਸਤ (ਆਵਾਜ਼ਿ ਕੌਮ ਬਿਊਰੋ)**- ਬਰਤਾਨੀਆਂ ਦੇ ਉੱਘੇ ਧਾਰਮਿਕ ਅਸਥਾਨ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਹਾਲ, ਲੰਦਨ ਵਿਖੇ ਇੱਕ ਵਿਸ਼ੇਸ਼ ਧਾਰਮਿਕ ਸਮਾਗਮ ਨੂੰ ਸੰਬੋਧਨ ਕਰਦਿਆਂ ਉੱਘੇ ਸਿੱਖ ਚਿੰਤਕ, ਪੰਥਕ ਬੁਲਾਰੇ ਤੇ ਲੇਖਕ ਭਗਵਾਨ ਸਿੰਘ ਜੌਹਲ ਨੇ ਕਿਹਾ ਸਮੁੱਚਾ ਸਿੱਖ ਜਗਤ ਮਾਨਵਤਾ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾਂ ਸ਼ਤਾਬਦੀ ਵਰ੍ਹੇ ਦੇ ਵੱਡੇ-ਵੱਡੇ ਗੁਰਮਤਿ ਸਮਾਗਮ ਕਰਵਾ ਰਿਹਾ ਹੈ। ਭਾਰਤ ਦੇ ਵੱਖ-ਵੱਖ ਸੂਬਿਆਂ ਅਤੇ ਪੰਜਾਬ ਦੇ ਸਾਰੇ ਉਹ ਅਸਥਾਨ, ਜੋ ਨੌਵੇਂ ਪਾਤਸ਼ਾਹ ਦੇ ਚਰਨਛੋਹ ਪ੍ਰਾਪਤ ਅਸਥਾਨ ਸਨ, ਉਨ੍ਹਾਂ ਸਾਰੇ ਗੁਰਦੁਆਰਾ ਸਾਹਿਬਾਨ ਵਿਖੇ ਉਹ ਚਿਰ ਸਥਾਈ ਅਤੇ ਸਦੀਵੀ ਯਾਦਗਾਰੀ ਸ਼ਤਾਬਦੀ ਗੁਰਮਤਿ ਸਮਾਗਮ ਕਰਵਾਕੇ, ਇਤਿਹਾਸ ਹਵਾਲਿਆਂ ਮੁਤਾਬਿਕ ਗੁਰੂ ਸਾਹਿਬ ਦੀ ਸ਼ਹਾਦਤ ਸਬੰਧੀ ਭਰਮ-ਭੁਲੇਖਿਆਂ ਅਤੇ ਇਤਿਹਾਸਕ ਤਰੁੱਟੀਆਂ ਨੂੰ ਦੂਰ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਤਿਹਾਸਕਾਰਾਂ ਅਤੇ ਵਿਦਵਾਨਾਂ ਦੀ ਕਮੇਟੀ ਬਣਾ ਕੇ ਵੱਖ-ਵੱਖ ਭਾਸ਼ਾਵਾਂ ਵਿੱਚ ਛਾਪਿਆ ਜਾਣਾ ਜ਼ਰੂਰੀ ਬਣਾਵੇ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਪਾਵਨ ਬਾਣੀ ਅਤੇ ਵਿਸ਼ੇਸ਼ ਕਰਕੇ ਨੌਵੇਂ ਮਹੱਲੇ ਦੇ ਸਲੋਕ ਨੂੰ ਦੁਨੀਆਂ ਦੀਆਂ ਵੱਖ-ਵੱਖ ਭਾਸ਼ਾਵਾਂ ਵਿੱਚ ਅਰਥਾਂ ਸਹਿਤ ਛਪਵਾ ਕੇ ਵੰਡਿਆ ਜਾਵੇ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਦਿੱਲੀ ਕਮੇਟੀ, ਹਰਿਆਣਾ ਕਮੇਟੀ ਵਖਰੇਵਿਆਂ ਨੂੰ ਭੁੱਲ ਕੇ ਗੁਰੂ ਸਾਹਿਬ ਜੀ ਦੀ ਯਾਦ ਵਿੱਚ ਸਮਾਗਮ ਆਯੋਜਿਤ ਕੀਤੇ ਜਾਣ। ਜਿਨ੍ਹਾਂ ਦੇਸ਼ਾਂ ਵਿੱਚ ਸਿੱਖ ਕੌਮ ਵੱਡੀ ਗਿਣਤੀ ਵਿੱਚ ਆਪਣੇ-ਆਪਣੇ ਗੁਰੂਘਰਾਂ ਵਿੱਚ ਗੁਰਮਤਿ ਸਮਾਗਮ ਕਰਵਾਏ, ਉਥੇ ਸੰਸਾਰ ਦੇ ਵੱਖ-ਵੱਖ ਦੇਸ਼ਾਂ ਦੇ ਵੱਡੇ ਸ਼ਹਿਰਾਂ ਵਿੱਚ ਗੁਰਮਤਿ ਸਮਾਗਮ, ਗੋਸ਼ਟੀਆਂ, ਸੈਮੀਨਾਰ ਕਰਵਾ ਕੇ ਦੁਨੀਆਂ ਦੇ ਦੂਜੇ ਧਰਮਾਂ ਦੇ ਵਿਦਵਾਨਾਂ ਨੂੰ ਸੱਦਾ ਪੱਤਰ ਦੇ ਕੇ ਗੁਰੂ ਸਾਹਿਬ ਦੀ ਸ਼ਹਾਦਤ ਨੂੰ 'ਮਾਨਵਤਾ ਦੀ ਚਾਦਰ' ਵਜੋਂ ਪ੍ਰਚਾਰਿਆ ਤੇ ਪ੍ਰਸਾਰਿਆ ਜਾਵੇ। ਇਸ ਮੌਕੇ ਇਸ ਅਸਥਾਨ ਦੀ ਸਮੁੱਚੀ ਪ੍ਰਬੰਧਕ ਕਮੇਟੀ ਸ. ਕੁਲਵੰਤ ਸਿੰਘ ਭਿੰਡਰ ਵੱਲੋਂ ਸਨਮਾਨਿਤ ਕੀਤਾ ਗਿਆ।

### ਬਰਾੜ ਪ੍ਰੈਸ ਕਲੱਬ ਦੇ ਪੱਤਰਕਾਰਾਂ ਨੂੰ ਜਗਸੀਰ ਸਿੰਘ ਕਾਲੇਕੇ ਵੱਲੋਂ

# ਕਲਮਾਂ ਦੇ ਸਿਰਨਾਵੇਂ ਅਵਾਰਡ ਦੇ ਕੇ ਕੀਤਾ ਗਿਆ ਸਨਮਾਨਿਤ



**ਬਾਘਾਪੁਰਾਣਾ (ਮੋਗਾ) 4 ਅਗਸਤ (ਰਾਜਿੰਦਰ ਸਿੰਘ ਕੋਟਲਾ, ਗੁਰਪ੍ਰੀਤ ਸਿੰਘ)** -ਲੋਕਤੰਤਰ ਦੇ ਚੌਥੇ ਥੰਮ ਪੱਤਰਕਾਰ ਭਾਈਚਾਰੇ ਵੱਲੋਂ ਸਮਾਜ ਦੀਆਂ ਸਮੱਸਿਆਵਾਂ ਨੂੰ ਉਜਾਗਰ ਕਰਕੇ ਸਰਕਾਰਾਂ ਤੱਕ ਪਹੁੰਚਾਉਣ ਅਤੇ ਪ੍ਰਸ਼ਾਸ਼ਨ ਵੱਲੋਂ ਕੀਤੀਆਂ ਜਾਂਦੀਆਂ ਕਨੂੰਨੀ ਵਧੀਕੀਆਂ ਦੁਆਰਾ ਕਿਸਾਨ ਅਤੇ ਮਜਦੂਰਾਂ ਉਪਰ ਸਰਕਾਰ ਵੱਲੋਂ ਥੋਪੇ ਜਾਣ ਵਾਲੇ ਫੈਸਲਿਆਂ ,ਗੁੰਡਾਗਰਦੀ, ਨਸ਼ਿਆਂ ਬੇਰੁਜ਼ਗਾਰੀ ,ਸਿੱਖਿਆ ਅਤੇ ਸਿਹਤ ਸਹੂਲਤਾਂ ਦੇਣ ਦੇ ਨਾਮ ਉਪਰ ਕੀਤੀ ਜਾਂਦੀ ਡਰਾਮੇਬਾਜੀ ਖਿਲਾਫ਼ ਆਵਾਜ਼ ਉਠਾਕੇ ਸਰਕਾਰ ਨੂੰ ਸਿੱਧੇ ਸਵਾਲ ਕਰਨ ਵਾਲੇ ਪੱਤਰਕਾਰਾਂ ਦੀ ਬੇਵਾਕੀ ਅਤੇ ਹੌਸਲੇ ਨੂੰ ਹੋਰ ਬੁਲੰਦ ਕਰਨ ਲਈ ਬੀਤੇ ਦਿਨੀਂ ਬਾਘਾ ਪੁਰਾਣਾ ਵਿਖੇ ਇੱਕ ਨਿੱਜੀ ਹੋਟਲ ਵਿੱਚ ਪੰਜਾਬ ਪਰਦੇਸ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਜਗਸੀਰ ਸਿੰਘ ਕਾਲੇਕੇ ਵੱਲੋਂ ਇਕ ਵਿਸੇਸ਼ ਪ੍ਰੈਸ ਪਾਰਟੀ ਮੀਟ ਅਤੇ ਕਲਮਾਂ ਦੇ ਸਿਰਨਾਵੇਂ ਅਵਾਰਡ ਕਰਵਾਇਆ ਗਿਆ। ਜਿਸ ਵਿੱਚ ਪੰਜਾਬ ਪਰਦੇਸ ਕਾਂਗਰਸ ਪਾਰਟੀ ਹਲਕਾ ਬਾਘਾ ਪੁਰਾਣਾ ਦੇ ਵਰਕਰ, ਸਾਬਕਾ ਮੈਂਬਰ ਨਗਰ ਕੌਂਸਲ ਅਤੇ ਵਿਸੇਸ਼ ਤੌਰ 'ਤੇ ਤੇ ਯੂਥ ਆਗੂਆਂ ਵੱਲੋਂ ਇਸ ਸਨਮਾਨ ਸਮਾਗਮ ਵਿੱਚ ਪਹੁੰਚਣ ਵਾਲੇ ਬਰਾੜ ਪ੍ਰੈਸ ਕਲੱਬ ਬਾਘਾ ਪੁਰਾਣਾ ਦੇ ਅਹੁਦੇਦਾਰ ਅਤੇ ਮੈਂਬਰ ਸਹਿਬਾਨਾਂ ਦਾ ਬਾਬਾ ਜਗਸੀਰ ਸਿੰਘ ਕਾਲੇਕੇ ਦੀ ਟੀਮ ਵੱਲੋਂ ਭਰਵਾਂ ਅਤੇ ਨਿੱਘਾ ਸਵਾਗਤ ਕੀਤਾ ਗਿਆ। ਸਮਾਗਮ ਵਿੱਚ ਪਹੁੰਚਣ ਵਾਲੇ ਮਹਿਮਾਨਾਂ ਲਈ ਉਚੇਚੇ ਤੌਰ ਤੇ ਕੀਤੇ ਗਏ ਚਾਹ ਪਾਣੀ ਦੇ ਪ੍ਰਬੰਧ ਕੀਤੇ ਗਏ। ਖਾਸ ਮਹਾਮਾਨ ਨਿਵਾਜ਼ੀ ਉਪਰੰਤ ਜਗਸੀਰ ਸਿੰਘ ਕਾਲੇਕੇ ਵੱਲੋਂ ਹਾਜ਼ਰੀਨ ਕੀਤੇ ਸੰਬੋਧਨ ਵਿੱਚ ਆਪਣੀਆਂ ਭਾਵਨਾਵਾਂ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਨੇ ਪੰਜਾਬ ਵਿੱਚ ਚਲ ਰਹੀ ਆਮ ਆਦਮੀ ਪਾਰਟੀ ਦੀ ਸਰਕਾਰ ਉੱਪਰ ਕਟਾਸ਼ ਕਰਦਿਆਂ ਕਿਹਾ ਕਿ ਮੈਂ ਸਮਝਦਾ ਹਾਂ ਕਿ ਜੋ ਇਹ ਸਰਕਾਰ ਲੋਕਾਂ ਨੂੰ ਗੁੰਮਰਾਹ ਕਰਕੇ ਧੋਖੇ ਨਾਲ ਬਣੀ ਹੈ ਇਸ ਤੋਂ ਪੰਜਬ ਦਾ ਹਰ ਵਰਗ ਦੁਖੀ ਹੈ ਕਿਉਂਕਿ ਆਮ ਆਦਮੀ ਲਈ ਬਣੀ ਇਸ ਸਰਕਾਰ ਦੇ ਰਾਜ ਵਿੱਚ ਆਮ ਲੋਕਾਂ ਨਾਲ ਹਰ ਰੋਜ਼ ਹੁੰਦੀ ਧੋਖਾਧੜੀ, ਗੁੰਡਾਗਰਦੀ, ਲੁੱਟ ਖੋਹ ਅਤੇ ਦਿਨ ਦਿਹਾੜੇ ਕਤਲੇਆਮ ਵਰਗੀਆਂ ਹੋ ਰਹੀਆਂ ਵਾਰਦਾਤਾਂ ਦੀ ਕਿਤੇ ਵੀ ਸੁਣਵਾਈ ਨਹੀਂ ਹੋ ਰਹੀ। ਲੋਕਾਂ ਨੂੰ ਸੁਆਲ ਕਰਨ ਦਾ ਸਬਕ ਸਿਖਾਉਣ ਵਾਲੀ ਸੱਤਾਧਾਰੀ ਪਾਰਟੀ ਅਨਿਆ ਵਿਰੁੱਧ ਅਵਾਜ਼ ਉਠਾਉਣ ਵਾਲੇ ਕਿਸਾਨ ,ਮਜਦੂਰ, ਬੇਰੁਜ਼ਗਾਰ ,ਕੱਚੇ ਮੁਲਾਜਮ ਅਤੇ ਧਾਰਮਿਕ ਆਗੂਆਂ ਉੱਪਰ ਨਜਾਇਜ਼ ਪਰਚੇ ਪਾ ਕੇ ਜੇਲਾਂ ਵਿੱਚ ਡੱਕ ਕੇ ਉਨਾਂ ਦੀ ਅਵਾਜ਼ ਨੂੰ ਬੰਦ ਕਰਨ ਉਪਰ ਤੁਲੀ ਹੋਈ ਹੈ । ਅਜਿਹੇ ਹਲਾਤਾਂ ਦੌਰਾਨ ਸਰਕਾਰ ਦੀਆਂ ਅੱਖਾਂ ਖੋਲਣ ਵਾਲੀ ਇੱਕੋ ਇੱਕ ਧਿਰ ਬੱਚਦੀ ਹੈ ।ਉਹ ਹੈ ਪੱਤਰਕਾਰ ਭਾਈਚਾਰਾ ।ਜਿਸ ਨੇ ਪਿਛਲੇ ਸਮੇਂ ਦੌਰਾਨ ਪੰਜਾਬ ਸਰਕਾਰ ਦੀਆਂ ਆਪਹੁਦਰੀਆਂ , ਬੇਈਮਾਨੀ,ਅਤੇ ਸਰਕਾਰੀ ਦਲਾਲਾਂ ਵੱਲੋਂ ਕਰਵਾਏ ਜਾ ਰਹੇ ਭ੍ਰਿਸ਼ਟਾਚਾਰ ਦੇ ਖਿਲਾਫ਼ ਲਿਖਿਆ ਅਤੇ ਬੋਲਿਆ ਹੈ ।ਜਿਸ ਨਾਲ ਮਜੂਦਾ ਸਰਕਾਰ ਅਤੇ ਪ੍ਰਸ਼ਾਸ਼ਨ ਤੋਂ ਪੀੜਿਤ ਆਮ ਲੋਕਾਂ ਨੂੰ ਕੁਝ ਰਾਹਤ ਮਿਲੀ ਹੈ ਅਤੇ ਕੁਝ ਪੀੜਤ ਪਰਿਵਾਰਾਂ ਨੂੰ ਪੱਤਰਕਾਰ ਭਾਈਚਾਰੇ ਵੱਲੋਂ ਅਵਾਜ਼ ਬੁਲੰਦ ਕਰਨ ਉਪਰੰਤ ਇਨਸਾਫ਼ ਵੀ ਮਿਲਿਆ ਹੈ ।ਇਸੇ ਦੇ ਮੱਦੇਨਜ਼ਰ ਮੈਂ ਅਤੇ ਮੇਰੀ ਟੀਮ ਨੇ ਆਪਣੇ ਸ਼ਹਿਰ ਬਾਘਾ ਪੁਰਾਣਾ ਦੇ ਪੱਤਰਕਾਰ ਭਾਈਚਾਰੇ ਦਾ " ਕਲਮਾਂ ਦੇ ਸਿਰਨਾਵੇਂ ਅਵਾਰਡ " ਨਾਲ ਸਨਮਾਨਿਤ ਕਰਨ ਦਾ ਫ਼ੈਸਲਾ ਕੀਤਾ ਹੈ ਤਾਂ ਜੋ ਸਾਡੇ ਵੱਲੋਂ ਦਿੱਤੇ ਗਏ ਹੌਸਲੇ ਨਾਲ ਪੱਤਰਕਾਰ ਭਾਈਚਾਰਾ ਸਮਾਜ ਦੀ ਹਰ ਸਮੱਸਿਆ ਲਈ ਲੋਕਾਂ ਦੀ ਅਵਾਜ਼ ਬੁਲੰਦ ਕਰਨ ਲਈ ਹੋਰ ਉਤਸ਼ਾਹਿਤ ਹੋਵੇ। ਸੋ ਅਸੀਂ ਮਾਣ ਮਹਿਸੂਸ ਕਰਦੇ ਹਾਂ ਕਿ ਤੁਸੀਂ ਸਾਰੇ ਪੱਤਰਕਾਰ ਭਰਾਵਾਂ ਨੇ ਸਾਡੀ ਟੀਮ ਵੱਲੋਂ ਦਿੱਤੇ ਨਿੱਘੇ ਸੱਦੇ 'ਤੇ ਪਹੁੰਚਕੇ "ਕਲਮਾਂ ਦੇ ਸਿਰਨਾਵੇਂ ਅਵਾਰਡ" ਪ੍ਰਾਪਤ ਕਰਕੇ ਸਾਨੂੰ ਧੰਨਵਾਦੀ ਬਣਾਇਆ ਹੈ। ਇਥੇ ਜਿਕਰਯੋਗ ਹੈ ਕਿ ਪੰਜਾਬ ਪ੍ਰਦੇਸ਼ ਕਾਂਗਰਸ ਦੇ ਸੀਨੀਅਰ ਆਗੂ ਜਗਸੀਰ ਸਿੰਘ ਕਾਲੇਕੇ ਅਤੇ ਸਮੂਹ ਟੀਮ ਵੱਲੋਂ ਬਰਾੜ ਪ੍ਰੈਸ ਕਲੱਬ , ਬਾਘਾ ਪੁਰਾਣਾ ਦੇ ਚੇਅਰਮੈਨ ਤਰਲੋਚਨ ਸਿੰਘ ਬਰਾੜ, ਪ੍ਰਧਾਨ ਪਵਨ ਗਰਗ, ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਮਾਣੂੰਕੇ ,ਜਨਰਲ ਸਕੱਤਰ ਨਿਰਮਲ ਸਿੰਘ ਕਲਿਆਣ, ਖਜਾਨਚੀ ਟਿੰਕੂ ਕਾਠਪਾਲ, ਫੈਸਲਾ ਕਮੇਟੀ ਮੈਂਬਰ ਅੰਕੁਸ਼ ਅਗਰਵਾਲ, ਫੈਸਲਾ ਕਮੇਟੀ ਮੈਂਬਰ ਬਲਵੰਤ ਸਿੰਘ ਜੈਮਲਵਾਲਾ, ਜੁਆਇੰਟ ਸਕੱਤਰ ਛਿੰਦਰਪਾਲ ਸਿੰਘ ਰਾਜੇਆਣਾ, ਸੀਨੀਅਰ ਪੱਤਰਕਾਰ ਮੁਨੀਸ਼ ਸ਼ਰਮਾ, ਪੱਤਰਕਾਰ ਵਿਕਰਾਂਤ ਸ਼ਰਮਾ, ਕੈਮਰਾਮੈਨ ਜਗਤ ਸੇਵਕ ਰਾਜ ਬਰਾੜ ਨੂੰ ਐਵਾਰਡ ਕਲਮਾਂ ਦੇ ਸਿਰਨਾਵੇਂ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬਰਾੜ ਪ੍ਰੈਸ ਕਲੱਬ ਬਾਘਾ ਪੁਰਾਣਾ ਦੇ ਪ੍ਰਧਾਨ ਪਵਨ ਗਰਗ ਨੇ ਸਨਮਾਨ ਕਰਨ ਜਗਸੀਰ ਸਿੰਘ ਬਾਬਾ ਕਾਲੇਕੇ ਅਤੇ ਉਨ੍ਹਾਂ ਦੀ ਸਮੂਚੀ ਟੀਮ ਦਾ ਸਮੂਹ ਪੱਤਰਕਾਰ ਭਾਈਚਾਰੇ ਵੱਲੋਂ ਧੰਨਵਾਦ ਵੀ ਕੀਤਾ ਗਿਆ ।ਇਸ ਮੌਕੇ ਸਨਮਾਨ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਸਾਬਕਾ ਐਮ ਸੀ ਜਗਸੀਰ ਸਿੰਘ ਜੱਗਾ, ਗੁਰਮੁਖ ਸਿੰਘ, ਪ੍ਰਦੀਪ ਅਰੋੜਾ, ਸ਼ਸ਼ੀ ਗਰਗ,ਸੁੱਖਾ ਲੰਗਿਆਣਾ, ਗਗਨ ਲੰਗੇਆਣਾ , ਸੁਖਦੀਪ ਸਿੰਘ ਸੀਪਾ ਰਾਜਿਆਣਾ, ਕਾਕਾ ਬਰਾੜ ਆਲਮ ਵਾਲਾ, ਜੀਵਨ ਲਤਾ, ਤੇਜਪਾਲ ਕੌਰ, ਗੁਰਜੰਟ ਸਿੰਘ ਧਾਲੀਵਾਲ ਆਦਿ ਹਾਜ਼ਰ ਸਨ।

# ਪੁਤਲੇ ਫੂਕ ਮੁਜ਼ਾਹਰਾ ਪੂਰੀ ਤਰਾ ਸਫ਼ਲ ਰਿਹਾ , ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ : ਪੰਜੋਲੀ





**ਨਵੀਂ ਦਿੱਲੀ, 4 ਅਗਸਤ (ਸਟਿੰਗ ਆਪ੍ਰੇਸ਼ਨ ਬਿਊਰੋ)**-ਕੌਮੀ ਇਨਸਾਫ਼ ਮੋਰਚੇ ਵੱਲੋ ਬੰਦੀ ਸਿੰਘਾ ਦੀ ਰਿਹਾਈ ਦੇ ਸੰਘਰਸ਼ ਨੂੰ ਤੇਜ਼ ਕਰਨ ਲਈ ਵੱਖ ਵੱਖ ਜਥੇਬੰਦੀਆਂ ਨੇ ਸਾਂਝੇ ਰੂਪ ਵਿੱਚ ਡੀ ਸੀ ਫਤਹਿਗੜ ਸਾਹਿਬ ਦੇ ਦਫ਼ਤਰ ਅੱਗੇ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਪੁਤਲੇ ਫੂੱਕੇ ਗਏ। ਵੱਖ ਵੱਖ ਜਥੇਬੰਦੀਆਂ ਦੇ ਆਗੂ ਵੱਡੀ ਗਿਣਤੀ ਵਿੱਚ ਗੁਰਦੂਆਰਾ ਸ੍ਰੀ ਫਤਹਿਗੜ ਸਾਹਿਬ ਵਿਖੇ ਇਕੱਠੇ ਹੋਏ ਜਿੱਥੋਂ ਮੁੱਖ ਮੰਤਰੀ ਅਤੇ ਪ੍ਰਧਾਨ ਮੰਤਰੀ ਦੇ ਪੁਤਲੇ ਚੁੱਕ ਕੇ ਡੀ ਸੀ ਦੇ ਦਫ਼ਤਰ ਤੱਕ ਮਾਰਚ ਕੀਤਾ ਗਿਆ । ਵੱਡੀ ਗਿਣਤੀ ਵਿੱਚ ਸ਼ਾਮਲ ਜਥੇਬੰਦੀਆਂ ਨੇ ਸਰਕਾਰ ਦੇ ਵਿਰੁੱਧ ਮੁਰਦਾਬਾਦ ਦੇ ਨਾਹਰੇ ਲਾਏ ਅਤੇ ਬੰਦੀ ਸਿੰਘ ਦੀ ਰਿਹਾਈ ਦੀ ਮੰਗ ਵੀ ਕੀਤੀ ਗਈ । ਸ਼੍ਰੋਮਣੀ ਗੁਰਦੂਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਦੱਸਿਆ ਕਿ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ , ਕ੍ਰਾਂਤੀਕਾਰੀ ਯੂਨੀਆਨ ਦੇ ਆਗੂ , ਰਾਜੇਵਾਲ ਯੂਨੀਅਨ ਦੇ ਆਗੂ , ਲੱਖੋਵਾਲ ਯੂਨੀਆਨ ਦੇ ਆਗੂ , ਪੰਜ ਮੈਂਬਰੀ ਭਰਤੀ ਕਮੇਟੀ ਕਿਸਾਨ ਸੁੰਨੀਆਨ ਬਹਿਰੂ , ਕਿਸਾਨ ਯੂਨੀਅਨ ਕਾਦੀਆਂ , ਸ਼ੇਰੇ ਪੰਜਾਬ ਕਿਸਾਨ ਯੂਨੀਅਨ ਅਤੇ ਮਾਨ ਅਕਾਲੀ ਦੱਲ ਦੇ ਆਗੂ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।

# ਦੁਖਦਾਈ ਖ਼ਬਰ : 2020 ਕੇਸ ਵਿੱਚ ਨਜ਼ਰਬੰਦ ਗੁਰਵਿੰਦਰ ਸਿੰਘ ਦੀ ਸੰਗਰੂਰ ਜੇਲ੍ਹ 'ਚ ਮੌਤ



**ਸੰਗਰੂਰ, 4 ਅਗਸਤ (ਸਟਿੰਗ ਆਪ੍ਰੇਸ਼ਨ ਬਿਊਰੋ)**-ਬਹੁਤ ਹੀ ਦੁਖਦਾਈ ਖ਼ਬਰ ਹੈ ਕਿ ਪਿਛਲੇ ਸੱਤ ਸਾਲਾਂ ਤੋਂ 2020 ਦੇ ਇੱਕ ਕੇਸ ਵਿੱਚ ਨਜ਼ਰਬੰਦ ਗੁਰਵਿੰਦਰ ਸਿੰਘ ਦਾ ਸੰਗਰੂਰ ਜੇਲ੍ਹ ਵਿੱਚ ਮੌਤ ਹੋ ਗਈ ਹੈ। ਅਖਬਾਰੀ ਖ਼ਬਰਾਂ ਅਨੁਸਾਰ ਪ੍ਰਸ਼ਾਸਨ ਇਸ ਮੌਤ ਦੇ ਹਾਲਾਤਾਂ ਨੂੰ 'ਭੇਦਭਰੇ' ਦੱਸ ਰਿਹਾ ਹੈ। ਗੁਰਵਿੰਦਰ ਸਿੰਘ ਨੂੰ ਪਿਛਲੇ ਸੱਤ ਸਾਲਾਂ ਤੋਂ ਝੂਠੇ ਕੇਸ ਵਿੱਚ ਨਜ਼ਰਬੰਦ ਰੱਖਿਆ ਗਿਆ ਸੀ ਅਤੇ ਉਸਨੂੰ ਵਾਰ ਵਾਰ ਕੋਸ਼ਿਸ਼ ਕਰਨ ਤੇ ਜ਼ਮਾਨਤ ਵੀ ਨਹੀਂ ਦਿੱਤੀ ਜਾ ਰਹੀ ਸੀ। ਆਪਣੇ ਪੁੱਤਰ ਤੋਂ ਦੂਰ ਹੋਏ ਪਰਿਵਾਰ ਵੱਲੋਂ ਪ੍ਰਸ਼ਾਸਨ 'ਤੇ ਕਤਲ ਦਾ ਦੋਸ਼ ਲਗਾਇਆ ਜਾ ਰਿਹਾ ਹੈ। ਇਸ ਦੁੱਖ ਦੀ ਘੜੀ ਵਿੱਚ ਅਸੀਂ ਗੁਰਵਿੰਦਰ ਸਿੰਘ ਦੇ ਪਰਿਵਾਰ ਦੇ ਨਾਲ ਖੜ੍ਹੇ ਹਾਂ। ਅਕਾਲ ਪੁਰਖ ਅੱਗੇ ਅਰਦਾਸ ਹੈ ਕਿ ਪਰਿਵਾਰ ਨੂੰ ਇਹ ਭਾਣਾ ਮੰਨਣ ਦਾ ਬਲ ਬਖਸ਼ੇ। ਵੱਲੋਂ - ਸਿੱਖ ਰਲੀਫ (SPOW)

************************************************************



18 ਸਾਲਾ ਅੰਮ੍ਰਿਤਧਾਰੀ ਨੌਜਵਾਨ ਸ. ਅਨੰਤਬੀਰ ਸਿੰਘ ਪੁੱਤਰ ਸ. ਸਵਿੰਦਰ ਸਿੰਘ ਜੋ ਖ਼ਾਲਸਾ ਕਾਲਜ ਅੰਮ੍ਰਿਤਸਰ ਵਿਖੇ ਬੀਪੀਐੱਡ ਕਰ ਰਿਹਾ ਹੈ, ਨੇ ਦਾਵਣਗੇਰੇ, ਕਰਨਾਟਕਾ 'ਚ 22 ਤੋਂ 30 ਜੂਨ 2025 ਤੱਕ ਆਯੋਜਿਤ ਨੈਸ਼ਨਲ ਪਾਵਰਲਿਫਟਿੰਗ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਿੰਘ ਨੇ 93 ਕਿਲੋ ਭਾਰ ਵਰਗ ਵਿੱਚ ਤਿੰਨ ਮੈਡਲ ਜਿੱਤੇ ਅਤੇ ਓਵਰਆਲ ਸਿਲਵਰ ਮੈਡਲ ਹਾਸਿਲ ਕਰਕੇ ਭਾਰਤ ਪੱਧਰ 'ਤੇ ਦੂਜਾ ਸਥਾਨ ਪ੍ਰਾਪਤ ਕੀਤਾ। ਇਹ ਸਿਰਫ਼ ਖੇਡਾਂ ਵਿੱਚੋਂ ਪ੍ਰਾਪਤ ਇੱਕ ਜਿੱਤ ਨਹੀਂ, ਸਗੋਂ ਇੱਕ ਅੰਮ੍ਰਿਤਧਾਰੀ ਨੌਜਵਾਨ ਵਲੋਂ ਆਪਣੀ ਸਿੱਖੀ ਦੇ ਅਨੁਸ਼ਾਸਨ ਨੂੰ ਕਾਇਮ ਰੱਖਦੇ ਹੋਏ ਦੁਨੀਆ ਅੱਗੇ ਕਾਬਲਿਅਤ ਪੇਸ਼ ਕਰਨਾ ਹੈ। ਸ. ਅਨੰਤਬੀਰ ਸਿੰਘ ਦੀ ਇਹ ਉਪਲਬਧੀ ਸਿਰਫ਼ ਤਰਨ ਤਾਰਨ ਜਾਂ ਖ਼ਾਲਸਾ ਕਾਲਜ ਦੀ ਨਹੀਂ, ਸਗੋਂ ਪੂਰੇ ਪੰਜਾਬ ਅਤੇ ਸਿੱਖ ਕੌਮ ਦੀ ਸ਼ਾਨ ਹੈ। ••


ਵਿਧਾਨ ਸਭਾ ਹਲਕਾ ਅਜਨਾਲਾ ਦੇ ਪਿੰਡ ਮੱਤੇਨੰਗਲ ਅਤੇ ਗੋਰੇਨੰਗਲ ਦੀਆਂ

# ਪੰਜ-ਪੰਜ ਮੈਂਬਰੀ ਕਮੇਟੀ ਦਾ ਗਠਨ

## ਬਾਬਾ ਬਕਾਲਾ ਸਾਹਿਬ ਵਿਖੇ 9 ਅਗਸਤ ਨੂੰ ਕੀਤੀ ਜਾ ਰਹੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੂੰ ਪਹੁੰਚਣ ਦੀ ਅਪੀਲ ਕੀਤੀ












**ਅਜਨਾਲਾ, 4 ਅਗਸਤ (ਆਵਾਜ਼ਿ ਕੌਮ ਬਿਊਰੋ)**- ਅਕਾਲੀ ਦਲ (ਵਾਰਿਸ ਪੰਜਾਬ ਦੇ)ਵਿਧਾਨ ਸਭਾ ਹਲਕਾ ਅਜਨਾਲਾ ਦੇ ਪਿੰਡ ਮੱਤੇਨੰਗਲ ਦੇ ਗੁਰਦੁਆਰਾ ਸ੍ਰੀ ਸੰਗਤ ਸਰ ਸਾਹਿਬ ਵਿਖੇ ਸਾਬਕਾ ਸਰਪੰਚ ਜਗਜੀਤ ਸਿੰਘ ਅਤੇ ਪ੍ਰਿੰਸੀਪਲ ਹਰਜਿੰਦਰ ਸਿੰਘ ਦੀ ਅਗਾਵਾਈ ਹੇਠ ਇਕ ਭਰਵੀਂ ਇਕੱਤਰਤਾ ਕੀਤੀ ਗਈ ਜਿਸ ਵਿੱਚ ਹਲਕਾ ਅਜਨਾਲਾ ਦੇ ਸੇਵਾਦਾਰ ਭਾਈ ਸੁਰਿੰਦਰ ਪਾਲ ਸਿੰਘ ਤਾਲਬਪੁਰਾ, ਭਾਈ ਜੁਗਰਾਜ ਸਿੰਘ ਲਾਲਾ ਨੰਗਲ ਸੇਵਾਦਾਰ ਵਿਧਾਨ ਸਭਾ ਹਲਕਾ ਫਤਿਹਗੜ੍ਹ ਚੂੜੀਆਂ, ਭਾਈ ਗੁਰਪ੍ਰੀਤ ਸਿੰਘ ਬਟਾਲਾ ਕਾਰਜਕਾਰੀ ਕਮੇਟੀ ਮੈਂਬਰ ਜਿਲ੍ਹਾ ਗੁਰਦਾਸਪੁਰ, ਭਾਈ ਪ੍ਰਿਤਪਾਲ ਸਿੰਘ ਮੀਰਾਂ ਵਿਸ਼ੇਸ਼ ਤੌਰ ਤੇ ਪਹੁੰਚੇ ਜਿਥੇ ਪੰਜ ਮੈਂਬਰੀ ਕਮੇਟੀ ਦਾ ਗੱਠਨ ਕੀਤਾ ਗਿਆ ।ਜਿਸ ਵਿੱਚ ਪਿੰਡ ਮੱਤੇਨੰਗਲ ਤੋ ਭਾਈ ਹਰਪ੍ਰਤਾਪ ਸਿੰਘ, ਭਾਈ ਅਨਵਰ ਸਿੰਘ, ਭਾਈ ਮਨਦੀਪ ਸਿੰਘ, ਭਾਈ ਮਨਦੀਪ ਸਿੰਘ, ਭਾਈ ਰਾਜਨਸਿੰਘ, ਭਾਈ ਸੁਖਬਾਜ ਸਿੰਘ ਨੂੰ ਅਤੇ ਪਿੰਡ ਗੋਰੇਨੰਗਲ ਤੋ ਭਾਈ ਅਨਰੂਪ ਸਿੰਘ, ਭਾਈ ਅਰਮਾਨਦੀਪ ਸਿੰਘ, ਭਾਈ ਮਲਕੀਤ ਸਿੰਘ, ਭਾਈ ਇੰਦਰਜੀਤ ਸਿੰਘ ਅਤੇ ਭਾਈ ਤਾਜਦੀਪ ਸਿੰਘ ਨੂੰ ਮੈਂਬਰ ਨਿਯੁਕਤ ਕੀਤਾ ਗਿਆ। ਸਾਬਕਾ ਸਰਪੰਚ ਜਗਜੀਤ ਸਿੰਘ ਨੂੰ ਵਿਸ਼ੇਸ਼ ਇੰਨਵਾਈਟੀ ਮੈਂਬਰ ਨਿਯੁਕਤ ਕੀਤਾ ਗਿਆ। ਸਮੂੰਹ ਚੁਣੇ ਗਏ ਮੈਂਬਰਾ ਨੂੰ ਪਹੁੰਚੇ ਆਗੂਆਂ ਵੱਲੋਂ ਸਿਰੋਪਾਓ ਨਾਲ ਸਨਮਾਨਿਤ ਕੀਤਾ ਗਿਆ ਹੈ। ਭਾਈ ਮਨਜੀਤ ਸਿੰਘ ਠਰੂ, ਨੰਬਰਦਾਰ ਰਾਜਵਿੰਦਰ ਸਿੰਘ, ਯੂਥ ਆਗੂ ਭਾਈ ਸਰਤਾਜ ਸਿੰਘ, ਭਾਈ ਨਿਰਮਲ ਸਿੰਘ ਭਲਾ ਪਿੰਡ, ਡਾ. ਸੁਖਪ੍ਰੀਤ ਸਿੰਘ, ਭਾਈ ਪ੍ਰਗਟ ਸਿੰਘ ਗੋਰੇਨੰਗਲ, ਬਾਬਾ ਸੁਰਜੀਤ ਸਿੰਘ ਮੱਤੇਨੰਗਲ ਆਦਿ ਤੋ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੋ। ਵਿਧਾਨ ਸਭਾ ਹਲਕਾ ਅਜਨਾਲਾ ਦੇ ਸੇਵਾਦਾਰ ਭਾਈ ਸੁਰਿੰਦਰ ਪਾਲ ਸਿੰਘ ਤਾਲਬਪੁਰਾ ਨੇ ਜਿਥੇ ਨਵ- ਨਿਯੁਕਤ ਮੈਂਬਰਾ ਨੂੰ ਪਾਰਟੀ ਵਿੱਚ ਸ਼ਾਮਿਲ ਹੋਣ ਤੇ ਵਧਾਈ ਦਿੱਤੀ ਉਥੇ ਹੀ ਖਡੂਰ ਸਾਹਿਬ ਤੋਂ ਲੋਕ ਸਭਾ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੀ ਪਾਰਟੀ ਵੱਲੋਂ ਬਾਬਾ ਬਕਾਲਾ ਸਾਹਿਬ ਵਿਖੇ 9 ਅਗਸਤ ਨੂੰ ਕੀਤੀ ਜਾ ਰਹੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੂੰ ਪਹੁੰਚਣ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

32 ਸਾਲ ਬਾਅਦ ਮਿਲਿਆ ਇਨਸਾਫ਼

# 1993 'ਚ 7 ਨੌਜਵਾਨਾਂ ਦਾ ਕੀਤਾ ਸੀ ਝੂਠਾ ਮੁਕਾਬਲਾ




**ਮੋਹਾਲੀ, 4 ਅਗਸਤ (ਆਵਾਜ਼ਿ ਕੌਮ ਬਿਊਰੋ)**-ਮੋਹਾਲੀ ਸੀਬੀਆਈ ਕੋਰਟ ਦੇ ਸਪੈਸ਼ਲ ਜੱਜ ਬਲਜਿੰਦਰ ਸਿੰਘ ਸਰਾਂ ਦੀ ਅਦਾਲਤ ਵੱਲੋਂ ਅੱਜ 7 ਨੌਜਵਾਨਾਂ ਦੇ ਝੂਠੇ ਪੁਲਿਸ ਮੁਕਾਬਲੇ ਵਿੱਚ ਸਾਬਕਾ ਐਸਐਸਪੀ ਭੁਪਿੰਦਰਜੀਤ ਸਿੰਘ ਡੀਐਸਪੀ ਦਵਿੰਦਰ ਸਿੰਘ ਇੰਸਪੈਕਟਰ ਸੂਬਾ ਸਿੰਘ ਏਐਸਆਈ ਗੁਲਬਰਗ ਸਿੰਘ ਤੇ ਏਐਸਆਈ ਰਘਬੀਰ ਸਿੰਘ ਨੂੰ ਧਾਰਾ 302 ਉਮਰ ਕੈਦ ਦੋ ਲੱਖ ਜੁਰਮਾਨਾ ਧਾਰਾ 120 ਉਮਰ ਕੈਦ ਲੱਖ ਜੁਰਮਾਨਾ ਧਾਰਾ 218 ਤਿੰਨ ਸਾਲ ਕੈਦ 50 ਜੁਰਮਾਨਾ ਅਤੇ 364 ਵਿੱਚ ਤਿੰਨ ਸਾਲ ਕੈਦ ਅਤੇ 50,ਜੁਰਮਾਨਾ ਕੀਤਾ ਗਿਆ ਹੈ ਇਹ ਕੇਸ 1993 ਵਿੱਚ ਥਾਣਾ ਸਰਹਾਲੀ ਦੀ ਪੁਲਿਸ ਵੱਲੋਂ ਪਿੰਡ ਰਾਣੀਵਾਲਾ ਦੇ ਸਿੱਦਾ ਸਿੰਘ ਦੇਸਾ ਸਿੰਘ ਅਤੇ ਕਰਮੂਵਾਲ ਦੇ ਮੰਗਲ ਸਿੰਘ ਅਤੇ ਰੱਤਾ ਖੇੜਾ ਦੇ ਬਲਕਾਰ ਸਿੰਘ ਨੂੰ ਨਜਾਇਜ਼ ਹਿਰਾਸਤ ਵਿੱਚ ਰੱਖ ਕੇ 12 ਜੁਲਾਈ 1993 ਨੂੰ ਝੂਠੇ ਪੁਲਿਸ ਮੁਕਾਬਲੇ ਵਿੱਚ ਮਾਰ ਦਿੱਤਾ ਗਿਆ ਸੀ ਅਤੇ ਥਾਣਾ ਵੈਰੋਵਾਲ ਦੀ ਪੁਲਿਸ ਪਾਰਟੀ ਜਿਸ ਦੀ ਅਗਵਾਈ ਸੂਬਾ ਸਿੰਘ ਇੰਸਪੈਕਟਰ ਕਰਦਾ ਸੀ ਉਸ ਨੇ ਸਰਬਜੀਤ ਸਿੰਘ ਵਾਸੀ ਹੰਸਾਂ ਵਾਲਾ ਹਰਵਿੰਦਰ ਸਿੰਘ ਵਾਸੀ ਵੈਰੋਵਾਲ ਅਤੇ ਸੁਖਦੇਵ ਸਿੰਘ ਵਾਸੀ ਰਾਣੀ ਵਿਲਾਹ ਨੂੰ 28 ਜੁਲਾਈ 1993 ਨੂੰ ਝੂਠੇ ਪੁਲਿਸ ਮੁਕਾਬਲੇ ਵਿੱਚ ਮਾਰ ਦਿੱਤਾ ਸੀ ਇਨਾ ਸੱਤਾ ਨੌਜਵਾਨਾਂ ਨੂੰ ਕਰੀਬ 22 ਦਿਨ ਨਜਾਇਜ ਪੁਲਿਸ ਹਿਰਾਸਤ ਵਿੱਚ ਰੱਖਿਆ ਗਿਆ ਅਤੇ ਅੰਨਾ ਤਸ਼ਦਦ ਕੀਤਾ ਗਿਆ ਇਸ ਝੂਠੇ ਪੁਲਿਸ ਮੁਕਾਬਲਿਆਂ ਦੀ ਅਗਵਾਈ ਉਸ ਸਮੇਂ ਦੇ ਡੀਐਸਪੀ ਭੁਪਿੰਦਰਜੀਤ ਸਿੰਘ ਗੋਇੰਦਵਾਲ ਸਾਹਿਬ ਵੱਲੋਂ ਕੀਤੀ ਗਈ ਸੀ ਅਤੇ ਪਰਿਵਾਰਾਂ ਨੂੰ ਡਰਾ ਧਮਕਾ ਕੇ ਕੋਈ ਵੀ ਪੈਰਵਾਈ ਕਰਨ ਤੋਂ ਰੋਕ ਦਿੱਤਾ ਗਿਆ ਸੀ ਸਾਲ 1995 ਵਿੱਚ ਰਿਟ ਪਟੀਸ਼ਨ ਨੰਬਰ 497/95 ਬੀਬੀ ਪਰਮਜੀਤ ਕੌਰ ਖਾਲੜਾ ਵਲੋਂ ਸੁਪਰੀਮ ਕੋਰਟ ਵਿੱਚ ਦਾਇਰ ਕੀਤੀ ਗਈ ਜਿਸ ਤੇ ਮਾਨਯੋਗ ਸੁਪਰੀਮ ਕੋਰਟ ਨੇ ਇਹਨਾਂ ਕੇਸਾਂ ਦੀ ਇਨਕੁਆਰੀ ਸੀਬੀਆਈ ਨੂੰ ਸੌਂਪ ਦਿੱਤੀ ਅਤੇ ਇਹ ਕੇਸ ਵਿੱਚ 10 ਪੁਲਿਸ ਮੁਲਾਜ਼ਮਾਂ ਨੂੰ ਨਾਮਜਦ ਕਰਕੇ ਉਹਨਾਂ ਵਿਰੁੱਧ ਚਾਰਜਟ ਕੋਰਟ ਵਿੱਚ ਦਾਇਰ ਕੀਤੀ ਗਈ ਅਤੇ ਪਟਿਆਲਾ ਸੀਬੀਆਈ ਕੋਰਟ ਵਿੱਚ ਕੇਸ ਚੱਲੇ ਜਿੱਥੇ ਕੁਝ ਸਮੇਂ ਬਾਅਦ ਇਹਨਾਂ ਦੋਸ਼ੀ ਪੁਲਿਸ ਮੁਲਾਜ਼ਮਾਂ ਨੇ ਪਹਿਲਾਂ ਹਾਈ ਕੋਰਟ ਅਤੇ ਬਾਅਦ ਵਿੱਚ ਸੁਪਰੀਮ ਕੋਰਟ ਤੋਂ ਸਟੇਅ ਲੈ ਲਿਆ ਅਤੇ ਲੰਮਾ ਸਮਾਂ ਇਹ ਕੇਸ ਬਿਨਾਂ ਕਿਸੇ ਕਾਰਵਾਈ ਦੇ ਸਟੇਅ ਕਾਰਨ ਬੰਦ ਰਹੇ ਅਖੀਰ ਸਾਲ 2017 ਵਿੱਚ ਪੰਜਾਬ ਡਾਕੋਮਟੇਸਨ ਐਡਵੋਕਸੀ ਪ੍ਰੋਜੈਕਟ ਦੇ ਧਿਆਨ ਵਿੱਚ ਆਉਣ ਤੋਂ ਬਾਅਦ ਇਹ ਕੇਸਾਂ ਉੱਤੇ ਲੱਗਾ ਸਟੇਅ ਸੁਪਰੀਮ ਕੋਰਟ ਤੋਂ ਤੜਵਾ ਕੇ ਦੁਬਾਰਾ ਇਹਨਾਂ ਕੇਸਾਂ ਨੂੰ ਚਾਲੂ ਕਰਵਾਇਆ ਗਿਆ ਅਤੇ ਇਹਨਾਂ ਕੇਸਾਂ ਵਿਚ ਨਾਮਜਦ ਦੋਸ਼ੀ ਪੁਲਿਸ ਅਫਸਰਾਂ ਨੂੰ ਦੁਬਾਰਾ ਕੋਰਟ ਵਿੱਚ ਪੇਸ਼ ਹੋਣਾ ਪਿਆ 33 ਸਾਲ ਲੰਮਾ ਸਮਾਂ ਇਹਨਾਂ ਕੇਸਾਂ ਵਿੱਚ ਨਾਮਜਦ ਦੱਸ ਦੋਸ਼ੀ ਪੁਲਿਸ ਅਫਸਰਾਂ ਵਿੱਚੋਂ ਪੰਜਾਂ ਦੀ ਮੌਤ ਹੋ ਚੁੱਕੀ ਹੈ ਹੈ ਅਤੇ ਪੰਜ ਜਣੇ ਜਿਨਾਂ ਨੂੰ ਅੱਜ ਮਾਨਯੋਗ ਸੀਬੀਆਈ ਅਦਾਲਤ ਵੱਲੋਂ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਇਸ ਕੇਸ ਦੀ ਸੁਣਵਾਈ ਦੌਰਾਨ ਪੰਜਾਬ ਪੁਲਿਸ ਦੇ ਨਾਮ ਜਦ ਦੋਸ਼ੀ ਪੁਲਿਸ ਅਫਸਰ ਅਤੇ ਐਸਐਸਪੀ ਭੁਪਿੰਦਰਜੀਤ ਸਿੰਘ ਦੇ ਪਰਿਵਾਰਾਂ ਨੂੰ ਕਾਫੀ ਲਾਲਚ ਦਿੱਤੇ ਅਤੇ ਨੌਕਰੀਆਂ ਦੇਣ ਦਾ ਦਾਵਾ ਕੀਤਾ ਅਤੇ ਜਦੋਂ ਇਹ ਪਰਿਵਾਰ ਨਾ ਮੰਨੇ ਤਾਂ ਫਿਰ ਪੈਸੇ ਦਾ ਲਾਲਚ ਵੀ ਦਿੱਤਾ ਜਾਂਦਾ ਰਿਹਾ ਅਤੇ ਡਰਾਤਮਕਾ ਕੇ ਵੀ ਗਵਾਈਆਂ ਤੋਂ ਬੈਠਣ ਲਈ ਧਮਕਾਇਆ ਜਾਂਦਾ ਰਿਹਾ ਪਰ ਇਹ ਪਰਿਵਾਰ ਮਾਨਯੋਗ ਅਦਾਲਤ ਕੋਲੋਂ ਇਨਸਾਫ ਲੈਣ ਲਈ 33 ਸਾਲ ਗਰੀਬੀ ਹੋਣ ਕਾਰਨ ਵੀ ਕਾਨੂੰਨੀ ਲੜਾਈ ਲੜਦੇ ਰਹੇ। ਇਸ ਕੇਸ ਦੀ ਪੈਰਵਾਈ ਕਰਨ ਲਈ ਐਡਵੋਕੇਟ ਸਤਨਾਮ ਸਿੰਘ ਬੈਂਸ ਸਰਬਜੀਤ ਸਿੰਘ ਵੇਰਕਾ ਜਗਜੀਤ ਸਿੰਘ ਬਾਜਵਾ ਬਲਜਿੰਦਰ ਸਿੰਘ ਬਾਜਵਾ ਪੁਸਪਿੰਦਰ ਸਿੰਘ ਨੱਤ ਪੈਰਵਾਈ ਕਰਦੇ ਰਹੇ।

# ਸਮਾਜ ਲਈ ਵਿਗਿਆਨਕ ਸਾਹਿਤ ਬੇਹੱਦ ਜ਼ਰੂਰੀ - ਡਾ. ਢੀਂਡਸਾ

**ਧੂਰੀ (ਰਣਜੀਤ ਸਿੰਘ ਪੇਧਨੀ )**-ਪੰਜਾਬੀ ਸਾਹਿਤ ਸਭਾ ਧੂਰੀ ਜਿਲ੍ਹਾ ਸੰਗਰੂਰ ਦਾ ਮਹੀਨਾਵਾਰ ਸਾਹਿਤਕ ਸਮਾਗਮ ਮੂਲ ਚੰਦ ਸ਼ਰਮਾ ਦੀ ਪ੍ਰਧਾਨਗੀ ਹੇਠ ਡਾ. ਰਾਮ ਸਿੰਘ ਸਿੱਧੂ ਯਾਦਗਾਰੀ ਸਾਹਿਤ ਭਵਨ ਵਿਖੇ ਕੀਤਾ ਗਿਆ ਜਿਸ ਵਿੱਚ ਵਿਗਿਆਨ ਵਿਸ਼ੇ ਦੇ ਚਿੰਤਕ ਅਤੇ ਸਿੱਖਿਆ ਸਾਸ਼ਤਰੀ ਡਾ.ਅਵਤਾਰ ਸਿੰਘ ਢੀਂਡਸਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ।ਉਨ੍ਹਾਂ ਨੇ ਹਾਜ਼ਰੀਨ ਨੂੰ ਸੰਬੋਧਨ ਹੁੰਦਿਆਂ ਆਪਣੀ ਖੋਜ ਭਰਪੂਰ ਪੁਸਤਕ " ਬ੍ਰਹਿਮੰਡ ਦੇ ਰਹੱਸਾਂ ਦੀ ਯਾਤਰਾ " ਦੇ ਹਵਾਲੇ ਅਤੇ ਆਪਣੇ ਨਿੱਜੀ ਤਜ਼ਰਬਿਆਂ 'ਤੇ ਆਧਾਰਿਤ " ਕਾਮਯਾਬ ਜੀਵਨ ਲਈ ਵਿਗਿਆਨਕ ਸਾਹਿਤ " ਵਿਸ਼ੇ 'ਤੇ ਭਰਭੂਰ ਚਾਨਣਾਂ ਪਾਇਆ ।ਉਨ੍ਹਾਂ ਨੇ ਸਾਧਾਰਣ ਭਾਸ਼ਾ ਵਿੱਚ ਵਿਗਿਆਨਕ ਸੋਚ ਦੇ ਧਾਰਨੀ ਬਣਨ ਦੀ ਲੋੜ 'ਤੇ ਜ਼ੋਰ ਦਿੰਦਿਆਂ ਸਰਕਾਰਾਂ ਤੋਂ ਵੀ ਵਿਗਿਆਨ ਦੀ ਸਿੱਖਿਆ ਮਾਤ ਭਾਸ਼ਾ ਵਿੱਚ ਦੇਣ ਦੀ ਪੁਰਜ਼ੋਰ ਮੰਗ ਕੀਤੀ ।



ਸ਼ੁਰੂਆਤੀ ਦੌਰ ਵਿੱਚ ਸੁਆਗਤੀ ਸ਼ਬਦਾਂ ਤੋਂ ਇਲਾਵਾ ਪ੍ਰਸਿੱਧ ਕਹਾਣੀ ਲੇਖਿਕਾ ਪ੍ਰੀਤਮਾ ਦੋਮੇਲ , ਜਗਸੀਰ ਸਿੰਘ ਮੂਲੋਵਾਲ ਦੇ ਜੀਜਾ ਜੀ ਅਤੇ ਹਰਬੰਸ ਸਿੰਘ ਬੇਨੜਾ ਦੇ ਪਿਤਾ ਜੀ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ । ਇੱਕ ਵੱਖਰੇ ਮਤੇ ਰਾਹੀਂ ਕੁਲਜੀਤ ਧਵਨ ਨੂੰ ਪੋਤਰੇ ਦੇ ਜਨਮ ਦੀ ਮੁਬਾਰਕਬਾਦ ਵੀ ਦਿੱਤੀ ਗਈ ।ਦੂਸਰੇ ਦੌਰ ਵਿੱਚ ਅਜਾਇਬ ਸਿੰਘ ਕੋਮਲ , ਕਰਮਜੀਤ ਹਰਿਆਊ , ਪਰਮਜੀਤ ਸਿੰਘ ਦਰਦੀ ਅਤੇ ਰੇਣੂ ਸ਼ਰਮਾ ਹਥਨ ਦੇ ਜਨਮ ਦਿਨ ਦੀ ਖ਼ੁਸ਼ੀ ਵਿੱਚ ਅਤੇ ਇੰਦਰਜੀਤ ਕੌਰ ਲੋਟੇ ਤੇ ਜਸਪ੍ਰੀਤ ਕੌਰ ਗੁਰਨੇ ਦਾ ਪਹਿਲੀ ਵਾਰ ਪਹੁੰਚਣ ਤੇ ਵਿਸ਼ੇਸ਼ ਸਨਮਾਨ ਕੀਤਾ ਗਿਆ ।

ਅੰਤ ਵਿੱਚ ਚਰਨਜੀਤ ਮੀਮਸਾ ਦੇ ਮੰਚ ਸੰਚਾਲਨ ਅਧੀਨ ਹੋਏ ਵਿਸ਼ਾਲ ਕਵੀ ਦਰਬਾਰ ਵਿੱਚ ਹੋਰਨਾਂ ਤੋਂ ਇਲਾਵਾ ਸੁਖਦੇਵ ਸ਼ਰਮਾ , ਸੁਖਵਿੰਦਰ ਲੋਟੇ , ਸਰਪ੍ਰਸਤ ਜਗਦੇਵ ਸ਼ਰਮਾ , ਮੀਤ ਸਕਰੌਦੀ , ਮਨਜੀਤ ਕੌਰ ਸੰਧੂ , ਮੁਲਖ਼ ਰਾਜ ਲੈਹਰੀ , ਪਵਨ ਕੁਮਾਰ ਹੋਸ਼ੀ , ਰਣਜੀਤ ਆਜ਼ਾਦ ਕਾਂਝਲਾ , ਸਰਬਜੀਤ ਸੰਗਰੂਰਵੀ , ਜਸਵੀਰ ਸਿੰਘ , ਜਸ਼ਨਪ੍ਰੀਤ ਸਿੰਘ , ਸੁਰਿੰਦਰ ਸ਼ਰਮਾਂ ਹਰਚੰਦ ਪੁਰੀ , ਕੁਲਵਿੰਦਰ ਬੰਟੀ , ਸਰਬਜੀਤ ਰਾਜੋਮਾਜਰਾ , ਕਾਮਰੇਡ ਸੁਖਦੇਵ ਸ਼ਰਮਾ , ਗੁਰੀ ਚੰਦੜ , ਮੁਨੀਸ਼ ਸ਼ਰਮਾ , ਮਨਦੀਪ ਕੌਰ , ਬਲਜੀਤ ਸਿੰਘ ਬਾਂਸਲ , ਅਸ਼ੋਕ ਭੰਡਾਰੀ ਅਤੇ ਪੰਕਜ਼ ਸ਼ਰਮਾ ਬੁਗਰਾ ਨੇ ਆਪੋ ਆਪਣੀਆਂ ਸੱਜਰੀਆਂ ਅਤੇ ਚੋਣਵੀਆਂ ਰਚਨਾਵਾਂ ਪੇਸ਼ ਕੀਤੀਆਂ।

# ਭਗਵੰਤ ਮਾਨ ਸਰਕਾਰ ਨੇ ਦਾਨ ਕੀਤੇ ਖ਼ੂਨ ਦੀ ਕੀਮਤ ਕੀਤੀ 1300 ਰੁਪਏ ਪ੍ਰਤੀ ਯੂਨਿਟ

**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਯੂਥ ਕਲੱਬਾਂ ਸਮਾਜਿਕ ਸੰਸਥਾਵਾਂ ਅਤੇ ਵੱਖ-ਵੱਖ ਗਰੁੱਪਾਂ ਵੱਲੋਂ ਮੁਫਤ ਵਿੱਚ ਖ਼ੂਨਦਾਨ ਕਰਨ ਲਾਏ ਜਾਂਦੇ ਫਰੀ ਬਲੱਡ ਕੈਂਪਾਂ ਵਿੱਚੋਂ ਸੈਂਕੜੇ ਹਜ਼ਾਰਾਂ ਯੂਨਿਟ ਖ਼ੂਨ ਦਾਨ ਕੀਤਾ ਜਾਂਦਾ ਹੈ। ਅੱਜ ਦੇ ਸਵਾਰਥੀ ਯੁਗ ਵਿੱਚ ਜਿਹੜੇ ਮਾਨਵਤਾ ਦੀ ਭਲਾਈ ਲਈ ਆਪਣੇ ਸਰੀਰ ਦਾ ਖ਼ੂਨ ਦਾਨ ਕਰਦੇ ਹਨ ਉਹਨਾਂ ਨੂੰ ਪੰਜਾਬ ਸਰਕਾਰ ਵੱਲੋਂ ਇੱਕ ਯੂਨਿਟ ਖ਼ੂਨ ਦੇਣ ਬਦਲੇ 300 ਰੁਪਏ ਤੋਂ ਵਧਾ ਕੇ ਰੇਟ 1300 ਰੁਪਏ ਪ੍ਰਤੀ ਯੂਨਿਟ ਕਰਨ ਤੇ ਬਹੁਤ ਦੁੱਖ ਲੱਗਿਆ ਹੈ। ਜਿਹੜੀ ਸਰਕਾਰ ਮੁਫਤ ਵਿੱਚ ਸਿਹਤ ਅਤੇ ਸਿੱਖਿਆ ਦੇਣ ਦੇ ਵਾਅਦੇ ਕਰਦੀ ਸੀ, ਹੁਣ ਉਹ ਸਰਕਾਰਾਂ ਲੋਕਾਂ ਵੱਲੋਂ ਦਾਨ ਕੀਤੇ ਖ਼ੂਨ ਦੇ ਰੇਟ ਵਧਾ ਕੇ ਆਪਣੇ ਆਪ ਨੂੰ ਕੀ ਸਾਬਿਤ ਕਰਨਾ ਚਾਹੁੰਦੀ ਹੈ। ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਯੁਵਕ ਸੇਵਾਵਾਂ ਕਲੱਬ ਫਤਿਹਗੜ੍ਹ ਛੰਨਾ ਦੇ ਪ੍ਰਧਾਨ ਸ਼੍ਰੀ ਪ੍ਰਗਟ ਸਿੰਘ ਅਤੇ ਸਮੂਹ ਅਹੁਦੇਦਾਰਾਂ ਵੱਲੋਂ ਕੀਤਾ ਗਿਆ ਹੈ। ਉਹਨਾਂ ਵੱਲੋਂ ਕਿਹਾ ਕਿ ਸਾਡੇ ਵੱਲੋਂ ਹਰ ਸਾਲ ਮੁਫਤ ਖ਼ੂਨਦਾਨ ਕੈਂਪ ਲਗਾਇਆ ਜਾਂਦਾ ਹੈ ਅਤੇ ਹੋਰ ਵੀ ਬਹੁਤ ਸਾਰੀਆਂ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਵੱਲੋਂ ਹਰ ਸਾਲ ਜਾਂ ਸਮੇਂ ਸਮੇਂ ਤੇ ਮੁਫਤ ਖ਼ੂਨਦਾਨ ਕੈਂਪ ਲਗਾਏ ਜਾਂਦੇ ਹਨ ਤਾਂ ਕਿ ਕਿਸੇ ਮੁਸੀਬਤ ਵਿੱਚ ਫਸੇ ਵਿਅਕਤੀ ਦੀ ਕੀਮਤੀ ਜਾਨ ਬਚਾਈ ਜਾ ਸਕੇ । ਸਾਡੀ ਸਰਕਾਰ ਤੋਂ ਪੁਰਜੋਰ ਮੰਗ ਹੈ ਕਿ ਪਹਿਲਾਂ ਲਿਆ ਜਾਂਦਾ 300 ਰੁਪਏ ਪ੍ਰਤੀ ਯੂਨਿਟ ਹੁਣ ਵਧਾ ਕੇ 1300 ਰੁਪਏ ਕਰ ਦਿੱਤਾ ਗਿਆ ਹੈ, ਜਿਸਨੂੰ ਤੁਰੰਤ ਵਾਪਸ ਲਿਆ ਜਾਵੇ ਅਤੇ ਕੀਤੇ ਵਾਅਦੇ ਨੂੰ ਪੂਰਾ ਕੀਤਾ ਜਾਵੇ। ਨਾਲ ਹੀ, ਲੋੜਵੰਦ ਲੋਕਾਂ ਲਈ ਖ਼ੂਨਦਾਨ ਦੇ ਨਾਂ 'ਤੇ ਮੁਫ਼ਤ ਖ਼ੂਨ ਦੇਣ ਦੀ ਸਹੂਲਤ ਮੁਹੱਈਆ ਕਰਵਾਈ ਜਾਵੇ। ਇਸ ਮੌਕੇ ਤੇ ਹੋਰਨਾਂ ਦੇ ਇਲਾਵਾ ਹਰਵਿੰਦਰ ਸਿੰਘ, ਸੰਦੀਪ ਸਿੰਘ, ਡਾ. ਸੁਖਚੈਨ ਸਿੰਘ, ਸਾਰੋ, ਮਿੱਠਾ ਸਿੰਘ, ਪੁਸ਼ਿਪੰਦਰ ਸਿੰਘ, ਗੁਰਸੰਤ ਸਿੰਘ, ਗੁਰਪਿਆਰ ਸਿੰਘ, ਅੰਮ੍ਰਿਤ ਸਿੰਘ, ਸੁਖਪਾਲ ਸਿੰਘ, ਗਗਨਦੀਪ ਸਿੰਘ, ਲੱਖੀ, ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।



# ਖਾਲਸਾ ਕਾਲਜ ਮਹਿਤਾ ਐਮ.ਏ ਇਤਿਹਾਸ ਦਾ ਸ਼ਾਨਦਾਰ ਨਤੀਜਾ



**ਚੌਂਕ ਮਹਿਤਾ, 4 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਚੌਂਕ ਦੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਵੱਲੋਂ ਐਲਾਨੇ ਗਏ ਐਮ.ਏ ਚੌਥੇ ਸਮੈਸਟਰ ਦੇ ਨਤੀਜੇ 100% ਰਹੇ। ਜਿਸ ਵਿੱਚ ਅਰਮਾਨਪ੍ਰੀਤ ਕੌਰ ਅਤੇ ਰਾਜਬੀਰ ਕੌਰ ਨੇ 76%, ਕੋਮਲਪ੍ਰੀਤ ਕੌਰ ਤੇ ਮਨਦੀਪ ਕੌਰ ਨੇ 74%, ਸਿਮਰਨ ਤੇ ਮਨਜਿੰਦਰ ਕੌਰ ਨੇ 73%, ਇਸੇ ਤਰ੍ਹਾਂ ਬੀ.ਏ. ਸਮੈਸਟਰ ਛੇਵੇਂ ਦੀ ਹਰਮਨਜੋਤ ਕੌਰ 77% ਕੋਮਲਪ੍ਰੀਤ ਕੌਰ ਤੇ ਅਨਮੋਲ ਪ੍ਰੀਤ ਕੌਰ 75% ਪਵਨਦੀਪ ਕੌਰ , ਰਮਨਬੀਰ ਸਿੰਘ , ਕਮਲਨੂਰ ਸਿੰਘ ਨੇ 74% ਅੰਕ ਹਾਸਿਲ ਕਰਕੇ ਆਪਣੇ ਮਾਪਿਆਂ ਅਤੇ ਕਾਲਜ ਦਾ ਮਾਣ ਵਧਾਇਆ। ਇਸ ਤੋਂ ਇਲਾਵਾ ਐਮ.ਏ ਇਤਿਹਾਸ ਦੀ ਜਤਿੰਦਰ ਕੌਰ, ਤਰਨਜੋਤ ਕੌਰ, ਮਨਦੀਪ ਕੌਰ, ਗੁਰਸਿਮਰਨ ਸਿੰਘ ਨੇ ਵੀ ਵਧੀਆ ਅੰਕ ਪ੍ਰਾਪਤ ਕੀਤੇ । ਇਸ ਮੌਕੇ ਖ਼ੁਸ਼ੀ ਜ਼ਾਹਿਰ ਕਰਦੇ ਹੋਏ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਕਿਹਾ ਕਿ ਇਸ ਸਾਲ ਸਾਡੇ ਕਾਲਜ ਨੇ ਅਕਾਦਮਿਕ ਖੇਤਰ ਵਿੱਚ ਨਵੀਆਂ ਉਚਾਈਆਂ ਨੂੰ ਛੂਹਿਆ ਹੈ। ਇਹ ਨਤੀਜਾ ਇਥੇ ਸਾਡੀ ਟੀਮ ਵਰਕ, ਵਿਦਿਆਰਥੀਆਂ ਦੀ ਮਿਹਨਤ ,ਅਧਿਆਪਕਾਂ ਦੀ ਸੱਚੇ ਨਿਭਾਏ ਗਏ ਫਰਜ਼ ਅਤੇ ਮਾਪਿਆਂ ਦੇ ਵਿਸ਼ਵਾਸ ਦਾ ਪਰਿਣਾਮ ਹੈ ਉਹਨਾਂ ਨੇ ਵਿਦਿਆਰਥੀਆ ਦੇ ਉਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਕਿਹਾ ਕਿ ਸੰਸਥਾ ਹਮੇਸ਼ਾ ਇਸੇ ਯਤਨ ਵਿੱਚ ਰਹਿੰਦੀ ਹੈ ਕਿ ਵਿਦਿਆਰਥੀਆਂ ਨੂੰ ਅਜਿਹੀ ਵਿਦਿਅਕ ਸਿਖਲਾਈ ਦਿੱਤੀ ਜਾਵੇ ਜਿਸ ਨਾਲ ਉਹ ਵਰਤਮਾਨ ਸਮੇਂ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਕਾਬਲ ਬਣ ਸਕਣ ਅਤੇ ਆਧੁਨਿਕ ਮੁਕਾਬਲੇ ਵਾਲੇ ਯੁੱਗ ਵਿੱਚ ਆਪਣੀ ਨਿਵੇਕਲੀ ਪਹਿਚਾਣ ਬਣਾ ਸਕਣ । ਨਾਲ ਹੀ ਉਹਨਾਂ ਨੇ ਆਪਣੇ ਕਾਲਜ ਦੇ ਮਿਹਨਤੀ ਅਤੇ ਕਾਬਲ ਅਧਿਆਪਕਾਂ ਦਾ ਧੰਨਵਾਦ ਕੀਤਾ। ਇਸ ਸੁਨਹਿਰੀ ਮੌਕੇ 'ਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾਂ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ , ਕੁਲਦੀਪ ਕੌਰ , ਸੁਖਦੇਵ ਸਿੰਘ, ਮਨਜੀਤ ਕੌਰ,ਗੁਰਵਿੰਦਰ ਕੌਰ,ਨਵਨੀਤ ਕੌਰ,,ਗੁਰਸ਼ਰਨਪ੍ਰੀਤ ਕੌਰ, ਪੂਰਤੀ ਸ਼ਰਮਾ , ਸੁਪ੍ਰੀਤ ਕੌਰ,ਅਮਨਦੀਪ ਕੌਰ, ਪਵਨਦੀਪ ਕੌਰ, ਸੁਖਮਨਦੀਪ ਕੌਰ, ਅਰਸ਼ਪ੍ਰੀਤ ਕੌਰ ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

# ਸਿੱਖਿਆ ਤੋਂ ਬਿਨਾਂ ਚੰਗਾ ਭਲਾ ਮਨੁੱਖ ਇਕ ਅੰਨ੍ਹੇ ਵਿਅਕਤੀ ਵਾਂਗ : ਡਾਇਰੈਕਟਰ ਤੇਜਬੀਰ ਸਿੰਘ ਸੋਹਲ

ਚੌਂਕ ਮਹਿਤਾ, 4ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)- ਡਾਇਰੈਕਟਰ ਤੇਜਬੀਰ ਸਿੰਘ ਸੋਹਲ ਨੇ ਅਜੋਕੀ ਸਿੱਖਿਆ ਬਾਰੇ ਟਿੱਪਣੀ ਕਰਦਿਆਂ ਕਿਹਾ ਕਿ ਮਨੁੱਖ ਸਿਖਿਆ ਤੋਂ ਬਗੈਰ ਅੰਨਿਆਂ ਤਰ੍ਹਾਂ ਹੈ। ਸਿੱਖਿਆ ਦੇ ਖੇਤਰ 'ਚ ਲਾਮਿਸਾਲ ਤਬਦੀਲੀਆਂ ਕਰਕੇ ਸਕੂਲਾਂ 'ਚ ਬੁਨਿਆਦੀ ਢਾਂਚਾ ਮਜ਼ਬੂਤ ਕੀਤਾ ਹੈ। ਸਿੱਖਿਆ 'ਚ ਕ੍ਰਾਂਤੀ ਲਿਆ ਕੇ ਬੁਲੰਦੀਆਂ 'ਤੇ ਪਹੁੰਚਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਕਿਉਂਕਿ ਸਿੱਖਿਆ ਦੀ ਹਰ ਵਿਅਕਤੀ ਦੇ ਜੀਵਨ 'ਚ ਬਹੁਤ ਮਹੱਤਤਾ ਹੈ। ਇਹ ਇਕ ਹਥਿਆਰ ਹੈ, ਜੋ ਸਾਨੂੰ ਮੁਸ਼ਕਲਾਂ 'ਚ ਲੜਨ ਲਈ ਸਹਾਇਤਾ ਕਰਦਾ ਹੈ। ਇਹ ਸਾਡੀ ਸਹੀ ਤੇ ਗਲਤ ਵਿਚਕਾਰ ਅੰਤਰ ਨੂੰ ਸਮਝਣ ਦੀ ਤਾਕਤ ਨੂੰ ਵਿਕਸਿਤ ਕਰਦਾ ਹੈ। ਸਿੱਖਿਆ ਤੋਂ ਬਿਨਾਂ ਚੰਗਾ ਭਲਾ ਮਨੁੱਖ ਇਕ ਅੰਨ੍ਹੇ ਵਿਅਕਤੀ ਵਾਂਗ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀ ਦ੍ਰਿਸ਼ਟੀ ਕੋਣ ਸੋਚ ਅਤੇ ਵਿਚਾਰਧਾਰਾ ਸਿੱਖਿਆ ਤੋਂ ਹੀ ਪ੍ਰਭਾਵਿਤ ਹੁੰਦੀ ਹੈ। ਸਿੱਖਿਆ ਨਾਲ ਮਨੁੱਖ ਦੀ ਕਾਬਲੀਅਤ ਤੇ ਹੁਨਰਮੰਦੀ 'ਚ ਨਿਖਾਰ ਆ ਜਾਂਦਾ ਹੈ, ਜਿਸ ਕਾਰਨ ਮਨੁੱਖ ਸਮਾਜਿਕ ਭੂਮਿਕਾ ਨੂੰ ਹੋਰ ਬਿਹਤਰ ਤਰੀਕੇ ਨਾਲ ਅੰਜਾਮ ਦਿੰਦਾ ਹੈ, ਇਸ ਕਰਕੇ ਸਿੱਖਿਆ ਸਮਾਜਿਕ ਪਛਾਣ ਅਤੇ ਮਾਣ-ਸਨਮਾਨ ਦਾ ਜ਼ਰੀਆ ਵੀ ਬਣਦੀ ਹੈ।




ਸੰਤ ਬਾਬਾ ਈਸ਼ਰ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਦੇ ਜਨਮ ਨਗਰ, ਨਗਰ ਆਲੋਵਾਲ ਨੇੜੇ ਭਾਦਸੋਂ ( ਪਟਿਆਲਾ) ਵਿਖੇ

# ਮਹਾਂਪੁਰਸ਼ਾਂ ਦੇ ਜਨਮ ਦਿਵਸ ਨੂੰ ਸਮਰਪਿਤ ਸਮਾਗਮ

## ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾਂ ਵੱਲੋਂ ਸੰਗਤਾਂ ਨੂੰ ਬਹੁਤ ਸੁੰਦਰ ਗੁਰਮਤਿ ਵਿਚਾਰਾਂ ਸ੍ਰਵਣ ਕਰਵਾਕੇ ਨਿਹਾਲ ਕੀਤਾ ਗਿਆ











ਸੰਤ ਬਾਬਾ ਈਸ਼ਰ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਦੇ ਜਨਮ ਨਗਰ, ਨਗਰ ਆਲੋਵਾਲ ਨੇੜੇ ਭਾਦਸੋਂ ( ਪਟਿਆਲਾ ) ਵਿਖੇ ਮਹਾਂਪੁਰਸ਼ਾਂ ਦੇ ਜਨਮ ਦਿਵਸ ਨੂੰ ਸਮਰਪਿਤ ਸਮਾਗਮ ਸੰਤ ਬਾਬਾ ਬਲਜਿੰਦਰ ਸਿੰਘ ਜੀ ਮੁਖੀ ਸੰਪ੍ਰਦਾਇ ਰਾੜਾ ਸਾਹਿਬ ਵਾਲਿਆਂ ਦੀ ਅਗੁਵਾਈ ‘ਚ ਕੀਤੇ ਜਾ ਰਹੇ ਹਨ । ਇਹਨਾਂ ਸਮਾਗਮਾਂ ‘ਚ ਵਿਸ਼ੇਸ਼ ਤੌਰ ਤੇ ਪਹੁੰਚੇ ਸ਼੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾਂ ਵੱਲੋਂ ਸੰਗਤਾਂ ਨੂੰ ਬਹੁਤ ਸੁੰਦਰ ਗੁਰਮਤਿ ਵਿਚਾਰਾਂ ਸ੍ਰਵਣ ਕਰਵਾਕੇ ਨਿਹਾਲ ਕੀਤਾ ਗਿਆ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਰੀ ਕੈਨੇਡਾ ਵਿਖੇ ਖਾਲਸਾਈ ਜਾਹੋ-ਜਲਾਲ ਨਾਲ ਨਿਕਲਿਆ

# ਸਾਲਾਨਾ 'ਮੀਰੀ-ਪੀਰੀ ਦਿਵਸ' ਨਗਰ ਕੀਰਤਨ




**ਨਵੀਂ ਦਿੱਲੀ, 4 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਸ਼ਹੀਦਾਂ ਦੇ ਪਾਵਨ-ਪਵਿੱਤਰ ਅਸਥਾਨ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ (ਸਰੀ-ਡੇਲਟਾ) ਵਿਖੇ ਹਰ ਸਾਲ ਦੀ ਤਰਾਂ ਇਸ ਸਾਲ ਵੀ ਪੂਰੇ ਜਾਹੋ-ਜਲਾਲ ਅਤੇ ਸ਼ਾਨ ਦੇ ਨਾਲ ਗੁਰੂ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ ਸਾਲਾਨਾ "ਮੀਰੀ-ਪੀਰੀ ਦਿਵਸ" ਨਗਰ ਕੀਰਤਨ ਸਜਾਏ ਗਏ ਜਿਸ ਦੇ ਵਿੱਚ ਹਜ਼ਾਰਾਂ ਹੀ ਸੰਗਤਾਂ ਨੇ ਸ਼ਮੂਲੀਅਤ ਕੀਤੀ। ਵੱਖ-ਵੱਖ ਲੰਗਰਾਂ ਦੇ ਸਟਾਲ, ਗਤਕੇ ਦੇ ਜੌਹਰ ਅਤੇ ਢਾਡੀ ਵਾਰਾਂ ਨਾਲ ਨਗਰ ਕੀਰਤਨ ਨੂੰ ਚਾਰ ਚੰਨ ਲੱਗੇ । ਨਗਰ ਕੀਰਤਨ ਸਵੇਰੇ 9 ਵਜੇ ਆਰੰਭ ਹੋਇਆ ਅਤੇ ਸ਼ਹੀਦੀ ਅਸਥਾਨ ਭਾਈ ਹਰਦੀਪ ਸਿੰਘ ਜੀ ਨਿੱਝਰ ਵਿਖੇ ਜੈਕਾਰਿਆਂ ਅਤੇ ਖ਼ਾਲਿਸਤਾਨ ਜ਼ਿੰਦਾਬਾਦ ਦੇ ਨਾਅਰਿਆਂ ਦੀਆਂ ਗੂੰਜਾ ਪੈਂਦੀਆਂ ਰਹੀਆਂ ।ਇਸ ਬਾਰੇ ਜਾਣਕਾਰੀ ਦਿੰਦਿਆ ਗੁਰਦੁਆਰਾ ਸਾਹਿਬ ਦੇ ਸਕੱਤਰ ਭਾਈ ਗੁਰਮੀਤ ਸਿੰਘ ਤੂਰ ਨੇ ਦੱਸਿਆ ਕਿ ਇਹ ਸਾਲਾਨਾ ਨਗਰ ਕੀਰਤਨ ਹਰ ਸਾਲ ਦੀ ਤਰਾਂ ਇਸ ਸਾਲ ਵੀ ਪੂਰੇ ਜਾਹੋ ਜਲਾਲ ਅਤੇ ਖ਼ਾਲਸਾਈ ਰੀਤੀ ਰਿਵਾਜ਼ ਨਾਲ ਸਜਾਇਆ ਗਿਆ ਸੀ ਜਿਸ ਵਿੱਚ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ ਸੀ ਅਤੇ ਇਸ ਤਰ੍ਹਾਂ ਦੇ ਪ੍ਰੋਗਰਾਮਾਂ ਵਿਚ ਲੰਗਰਾਂ ਦੇ ਸਟਾਲ, ਗੱਤਕਾ ਅਤੇ ਹੋਰ ਸਭ ਤਿਆਰੀਆਂ ਸੰਗਤਾਂ ਦੇ ਸਹਿਯੋਗ ਨਾਲ ਅਤੇ ਗੁਰੂ ਪਾਤਸ਼ਾਹ ਜੀ ਦੀ ਕਿਰਪਾ ਸਦਕਾ ਹੀ ਸੰਪੂਰਨ ਹੁੰਦੀਆਂ ਹਨ ।ਇਹ ਸਮਾਗਮ ਤਕਰੀਬਨ ਦੋ ਹਫ਼ਤੇ ਚੱਲੇ ਸਨ ਜਿੰਨਾਂ ਦੇ ਵਿੱਚ ਢਾਡੀ ਦਰਬਾਰ, ਕਥਾ ਦਰਬਾਰ ਅਤੇ ਕੀਰਤਨ ਦਰਬਾਰ ਜਿਨ੍ਹਾਂ ਦੇ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਤੋਂ ਕੀਰਤਨੀ ਜਥੇ ਭਾਈ ਲਖਵਿੰਦਰ ਸਿੰਘ ਜੀ, ਭਾਈ ਦਵਿੰਦਰ ਸਿੰਘ ਜੀ ਅਤੇ ਭਾਈ ਸੰਦੀਪ ਸਿੰਘ ਜੀ ਅਤੇ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਗੁਰਮਤ ਸਕੂਲ ਦੇ ਵਿਦਿਆਰਥੀਆਂ ਵੱਲੋਂ ਹਾਜ਼ਰੀ ਭਰੀ ਗਈ ਅਤੇ ਹਜ਼ਾਰਾਂ ਹੀ ਸੰਗਤਾਂ ਨੇ ਹਾਜ਼ਰੀ ਭਰ ਕੇ ਮਨੁੱਖੀ ਜੀਵਨ ਦਾ ਲਾਹਾ ਲਿਆ ਸੀ ।ਗੱਲਬਾਤ ਦੌਰਾਨ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਮਨਜਿੰਦਰ ਸਿੰਘ, ਭਾਈ ਅਜੈਪਾਲ ਸਿੰਘ ਵੀਂ ਹਾਜਿਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

### ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ

# ਗੁਰਮਤਿ ਸਮਾਗਮਾਂ ਦੀ ਦਿੱਲੀ ਕਮੇਟੀ ਵੱਲੋਂ ਹੋਈ ਸ਼ੁਰੂਆਤ




**ਨਵੀਂ ਦਿੱਲੀ, 4 ਅਗਸਤ (ਮਨਪ੍ਰੀਤ ਸਿੰਘ ਖਾਲਸਾ)**: ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮਾਂ ਦੀ ਲੜੀ ਦੀ ਸ਼ੁਰੂਆਤ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਗੁਰਮਤਿ ਸਮਾਗਮ ਕਰਵਾ ਕੇ ਕੀਤੀ ਗਈ। ਇਸ ਬਾਰੇ ਜਾਣਕਾਰੀ ਦਿੰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਅਤੇ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਦੱਸਿਆ ਕਿ ਇਸ ਲੜੀ ਤਹਿਤ 57 ਪ੍ਰੋਗਰਾਮ ਦਿੱਲੀ ਦੇ ਵੱਖ-ਵੱਖ ਗੁਰੂ ਘਰਾਂ ਵਿਚ ਕਰਵਾਏ ਜਾਣਗੇ ਅਤੇ ਇਸ ਵਾਸਤੇ ਸਿੰਘ ਸਭਾਵਾਂ ਦੇ ਨਾਲ-ਨਾਲ ਵੱਖ-ਵੱਖ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦਾ ਸਹਿਯੋਗ ਵੀ ਲਿਆ ਜਾਵੇਗਾ। ਸੰਗਤਾਂ ਨੂੰ ਸੰਬੋਧਨ ਕਰਦਿਆਂ ਸਰਦਾਰ ਕਾਲਕਾ, ਸਰਦਾਰ ਕਾਹਲੋਂ ਤੇ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਨੇ ਉਸ ਵੇਲੇ ਸ਼ਹਾਦਤ ਦਿੱਲੀ ਜਦੋਂ ਸਮੇਂ ਦੇ ਹਾਕਮ ਪੂਰੇ ਜ਼ਬਰ ਤੇ ਜ਼ੁਲਮ ਢਾਹ ਰਹੇ ਸਨ ਤੇ ਹਿੰਦੂ ਧਰਮ ਦੀ ਹੋਂਦ ਖ਼ਤਰੇ ਵਿਚ ਸੀ। ਉਹਨਾਂ ਕਿਹਾ ਕਿ ਗੁਰੂ ਸਾਹਿਬ ਨੇ ਆਪ ਆਪਣੀ ਮਰਜ਼ੀ ਨਾਲ ਹਿੰਦੂ ਧਰਮ ਦੀ ਰਾਖੀ ਵਾਸਤੇ ਸ਼ਹਾਦਤ ਦੇ ਕੇ ਦੁਨੀਆਂ ਵਿਚ ਨਿਵੇਕਲੀ ਮਿਸਾਲ ਪੇਸ਼ ਕੀਤੀ। ਉਹਨਾਂ ਦੇ ਨਾਲ ਹੀ ਭਾਈ ਮਤੀ ਦਾਸ, ਭਾਈ ਸਤੀਸ ਦਾਸ ਅਤੇ ਭਾਈ ਦਿਆਲਾ ਜੀ ਨੇ ਵੀ ਸ਼ਹਾਦਤਾਂ ਦੇ ਕੇ ਸਿੱਖਾਂ ਦੇ ਅਮੀਰ ਇਤਿਹਾਸ ਨੂੰ ਹੋਰ ਅਮੀਰ ਕੀਤਾ। ਉਹਨਾਂ ਕਿਹਾ ਕਿ ਸਿੱਖ ਭਾਈਚਾਰੇ ਬਾਰੇ ਇਹ ਅਟਲ ਸੱਚਾਈ ਹੈ ਕਿ ਸਾਡੀ ਆਬਾਦੀ ਦੇਸ਼ ਵਿਚ ਸਿਰਫ 2 ਫੀਸਦੀ ਹੈ ਪਰ ਕੁਰਬਾਨੀਆਂ ਦੇਣ ਦੇ ਮਾਮਲੇ ਵਿਚ ਸਾਡਾ ਯੋਗਦਾਨ 90 ਫੀਸਦੀ ਹੈ। ਉਹਨਾਂ ਕਿਹਾ ਕਿ ਗੁਰੂ ਸਾਹਿਬਾਨ ਦੇ ਸਮੇਂ ਤੋਂ ਲੈ ਕੇ ਭਾਰਤ ਦੀ ਆਜ਼ਾਦੀ ਦੇ ਸੰਘਰਸ਼ ਤੱਕ ਅਤੇ ਹੁਣ ਵੀ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਵਾਸਤੇ ਸਭ ਤੋਂ ਵੱਧ ਸ਼ਹਾਦਤਾਂ ਸਿੱਖ ਕੌਮ ਵੱਲੋਂ ਦਿੱਤੀਆਂ ਜਾਂਦੀਆਂ ਹਨ। ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਗੁਰੂ ਸਾਹਿਬ ਦੇ 350ਵੇਂ ਸ਼ਹੀਦੀ ਦਿਹਾੜੇ ਲਈ ਵਿਉਂਤੇ ਪ੍ਰੋਗਰਾਮਾਂ ਦੀ ਗੱਲ ਕਰਦਿਆਂ ਉਹਨਾਂ ਦੱਸਿਆ ਕਿ 15 ਅਪ੍ਰੈਲ ਨੂੰ ਵੱਡੀ ਗਿਣਤੀ ਵਿਚ ਸੰਗਤਾਂ ਨੇ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਤੋਂ ਸਹਿਜ ਪਾਠਾਂ ਦੀ ਲੜੀ ਆਰੰਭ ਕੀਤੀ ਸੀ। ਉਹਨਾਂ ਦੱਸਿਆ ਕਿ ਇਹਨਾਂ ਦੇ ਭੋਗ ਉਸੇ ਲਾਲ ਕਿਲ੍ਹੇ 'ਤੇ ਪਾਏ ਜਾਣਗੇ ਜਿਥੋਂ ਗੁਰੂ ਸਾਹਿਬ ਦੀ ਸ਼ਹਾਦਤ ਦੇ ਹੁਕਮ ਸਮੇਂ ਦੇ ਜ਼ਾਲਮ ਹਾਕਮਾਂ ਨੇ ਸੁਣਾਏ। ਉਹਨਾਂ ਦੱਸਿਆ ਕਿ 23, 24 ਅਤੇ 25 ਨਵੰਬਰ ਨੂੰ ਲਾਲ ਕਿਲ੍ਹੇ 'ਤੇ ਬਹੁਤ ਵੱਡੇ ਪੱਧਰ 'ਤੇ ਸਮਾਗਮ ਹੋਣਗੇ ਜਿਹਨਾਂ ਲਈ ਤਿਆਰੀਆਂ ਪੂਰੀ ਜੰਗੀ ਪੱਧਰ 'ਤੇ ਚਲ ਰਹੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਗਰੂਰ ਵੈਲੀ ਕਲੋਨੀ ਵੱਲੋਂ ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਸੰਗਰੂਰ ਵੈਲੀ ਕਲੋਨੀ ਸੰਗਰੂਰ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਪੂਨੀਆ ਟਾਵਰ ਰੈਸਟੋਰੈਂਟ ਸੰਗਰੂਰ ਵਿਖੇ ਮਨਾਇਆ ਗਿਆ। ਇਹ ਪ੍ਰੋਗਰਾਮ ਕਲੋਨੀ ਦੀ ਮਹਿਲਾ ਕਮੇਟੀ ਵੱਲੋਂ ਕਰਵਾਇਆ ਗਿਆ। ਜਿਸ ਵਿੱਚ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਰੰਗ ਬਰੰਗੀ ਰਵਾਇਤੀ ਲਿਬਾਸ, ਪੰਜਾਬੀ ਵਸਤਰਾਂ ਵਿੱਚ ਸੱਜ ਧੱਜ ਕੇ ਸ਼ਿਰਕਤ ਕੀਤੀ। ਜਿਸ ਨਾਲ ਪੰਜਾਬੀ ਰਵਾਇਤੀ ਤਿਉਹਾਰ ਦੀ ਮਹਿਕ ਹੋਰ ਵੱਧ ਗਈ।ਇਸ ਤਿਉਹਾਰ ਨੇ ਨਾਰੀ ਸ਼ਕਤੀ ਨੂੰ ਨਾ ਸਿਰਫ ਇਕੱਠਾ ਹੋਣ ਦਾ ਮੌਕਾ ਦਿੱਤਾ, ਸਗੋਂ ਪੰਜਾਬੀ ਸੱਭਿਆਚਾਰ ਦੀ ਰੰਗਤ ਨਾਲ ਭਰਪੂਰ ਪ੍ਰਦਰਸ਼ਨ ਵੀ ਕੀਤਾ। ਤਿਉਹਾਰ ਮੌਕੇ ਸਭਾ ਦੀਆਂ ਮੈਂਬਰਾਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ ।ਇਸ ਪ੍ਰੋਗਰਾਮ ਦੌਰਾਨ ਪੰਜਾਬੀ ਪਹਿਰਾਵੇ ਵਿੱਚ ਹਿੱਸਾ ਲੈਣ ਵਾਲੀਆਂ ਮੁਟਿਆਰਾ ਨੇ ਗਿੱਧਾ, ਭੰਗੜਾ ,ਸੋਲੋ ਡਾਂਸ, ਗਰੁੱਪ ਗੀਤ, ਪੰਜਾਬੀ ਬੋਲੀਆਂ ਆਦਿ ਪੇਸ਼ ਕੀਤਾ। ਇਸ ਦੋਰਾਨ ਵੱਖ ਵੱਖ ਤਰ੍ਹਾਂ ਦੀਆਂ ਗੇਮਸ ਦਾ ਪ੍ਰਬੰਧ ਵੀ ਕੀਤਾ ਗਿਆ। ਤੀਆਂ ਦੇ ਇਸ ਪ੍ਰੋਗਰਾਮ ਨੇ ਸਾਰਿਆਂ ਦੇ ਚਿਹਰਿਆਂ ਤੇ ਖ਼ੁਸ਼ੀਆਂ ਅਤੇ ਉਤਸ਼ਾਹ ਭਰ ਦਿੱਤਾ। ਪ੍ਰੋਗਰਾਮ ਦੇ ਅੰਤ ਵਿੱਚ ਮਹਿਲਾ ਸਭਾ ਦੇ ਮੈਂਬਰਾਂ ਨੇ ਕਿਹਾ ਕਿ ਨਵੀਂ ਪੀੜ੍ਹੀ ਨੂੰ ਆਪਣੇ ਵਿਰਸੇ ਨਾਲ ਜੋੜਨ ਲਈ ਸਾਨੂੰ ਅਜਿਹੇ ਉਪਰਾਲੇ ਕਰਦੇ ਰਹਿਣਾ ਚਾਹੀਦਾ ਹੈ ਤਾਂ ਜ਼ੋ ਪੁਰਾਣੇ ਰੀਤੀ ਰਿਵਾਜ, ਤਿਉਹਾਰ ਅਤੇ ਰਸਮਾਂ ਨੂੰ ਜਿਉਂਦਾ ਰੱਖਿਆ ਜਾ ਸਕੇ। ਇਸ ਮੋਕੇ ਕਲੋਨੀ ਦੇ ਸਾਰੇ ਮਹਿਲਾ ਮੈਂਬਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੀਨੀਅਰ ਸਿਟੀਜਨ ਕੌਂਸਲ ਵੱਲੋਂ ਰੇਲਵੇ ਪਾਰਕ ਵਿੱਚ ਸ਼ੁੱਧ ਵਾਤਾਵਰਨ ਲਈ ਲਗਾਏ ਪੌਦੇ






**ਫ਼ਿਰੋਜ਼ਪੁਰ, 4 ਅਗਸਤ (ਮਨੋਹਰ ਲਾਲ)** :— ਸੀਨੀਅਰ ਸਿਟੀਜਨ ਕੌਂਸਲ ਵੱਲੋਂ ਸ੍ਰੀ ਪੀ.ਡੀ ਸ਼ਰਮਾ ਪ੍ਰਧਾਨ ਦੀ ਅਗਵਾਈ ਵਿੱਚ ਵਾਤਾਵਰਨ ਨੂੰ ਮੁੱਖ ਰੱਖਦਿਆਂ ਰੇਲਵੇ ਸਟੇਸ਼ਨ ਫਿਰੋਜ਼ਪੁਰ ਦੇ ਨਾਲ ਅਵਤਾਰ ਸਿੰਘ ਵੱਲੋਂ ਆਪਣੀ ਮਾਤਾ ਸ਼੍ਰੀਮਤੀ ਸੁਰਜੀਤ ਕੌਰ ਦੀ ਯਾਦ ਵਿੱਚ ਫਿਰੋਜ਼ਪੁਰ ਦੇ ਨਾਮਵਾਰ ਵਿਅਕਤੀਆਂ ਦੇ ਸਹਿਯੋਗ ਨਾਲ ਤਿਆਰ ਕੀਤੇ ਪਾਰਕ ਵਿੱਚ ਪੌਦੇ ਲਗਾ ਕੇ ਵਾਤਾਵਰਨ ਦੀ ਸਾਂਭ ਸੰਭਾਲ ਦਾ ਪ੍ਰਣ ਲਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੀਨੀਅਰ ਸਿਟੀਜਨ ਕੌਂਸਲ ਦੇ ਆਗੂਆਂ ਨੇ ਦੱਸਿਆ ਕਿ ਸਭਾ ਵੱਲੋਂ ਸਪਤਾਹਿਕ ਮੀਟਿੰਗ ਹਾਸਿਆਂ ਦੀ ਪਟਾਰੀ ਵਿੱਚ ਸਮੂਹ ਸੀਨੀਅਰ ਸਿਟੀਜਨ ਕਲਾਕਾਰਾਂ ਵੱਲੋਂ ਚੁਟਕਲੇ, ਗੀਤ ਸਕਿਟ ਆਦਿ ਪੇਸ਼ ਕਰਕੇ ਮਾਹੌਲ ਨੂੰ ਖੁਸ਼ਹਾਲ ਮਨਾਇਆ ਜਾਂਦਾ ਹੈ। ਇਸ ਖੁਸ਼ੀ ਭਰੇ ਸੀਨੀਅਰ ਸਿਟੀਜਨ ਆਊਟਿੰਗ ਦੇ ਪ੍ਰੋਗਰਾਮ ਵਿੱਚ ਚਲਦੇ ਹੋਏ ਬਾਗਬਾਨ ਤੋਂ ਰੇਲਵੇ ਸ਼ਹਿਰ ਵੱਲ ਵਾਤਾਵਰਨ ਦੀ ਸਾਂਭ ਸੰਭਾਲ ਪ੍ਰੋਗਰਾਮ ਨੇਪਰੇ ਚਾੜ੍ਹਨ ਲਈ ਚਾਲੇ ਪਾਏ, ਜਿਸ ਵਿੱਚ ਵੱਖ—ਵੱਖ ਤਰ੍ਹਾਂ ਦੇ ਪੌਦੇ ਰੇਲਵੇ ਪਾਰਕ ਵਿੱਚ ਲਗਾ ਕੇ ਵਾਤਾਵਰਨ ਨੂੰ ਸ਼ੁੱਧ ਕਰਨ ਦਾ ਸੰਦੇਸ਼ ਦੇਣ ਦੀ ਕੋਸ਼ਿਸ਼ ਕਰਨ ਦਾ ਉਪਰਾਲਾ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਸੀਨੀਅਰ ਸਿਟੀਜਨ ਕਲਾਕਾਰਾਂ ਵੱਲੋਂ ਜਿਨਾਂ ਵਿੱਚ ਸਰਵਸ੍ਰੀ ਅਸ਼ੋਕ ਕੁਮਾਰ ਕੱਕੜ, ਚਰਨਜੀਤ ਸ਼ਰਮਾ, ਗੁਲਸ਼ਨ ਧਵਨ ਵੱਲੋਂ ਸ੍ਰੀ ਹਨੂਮਾਨ ਚਲੀਸਾ ਪਾਠ ਪੜਦੇ ਹੋਏ ਸਭ ਸੀਨੀਅਰ ਸਿਟੀਜਨ ਲਈ ਸੁੱਖ ਸ਼ਾਂਤੀ ਦੀ ਕਾਮਨਾ ਕੀਤੀ। ਉਪਰੰਤ ਸਰਵਸ੍ਰੀ ਹਰੀ ਚੰਦ ਚੋਪੜਾ, ਪ੍ਰੇਮ ਨਾਥ, ਮਨੋਹਰ ਲਾਲ ਢੀਂਗੜਾ, ਮਨਜੀਤ ਸਿੰਘ, ਅਵਤਾਰ ਸਿੰਘ ਐਸ.ਡੀ.ਓ, ਜਤਿੰਦਰ ਨਿਸ਼ਚਲ, ਰਵਿੰਦਰ ਸ਼ਰਮਾ ਅਤੇ ਅਵਤਾਰ ਸਿੰਘ ਖਜ਼ਾਨਾ ਅਫਸਰ ਆਦਿ ਕਲਾਕਾਰਾਂ ਨੇ ਗੀਤ ਚੁਟਕਲੇ ਸੁਣਾ ਕੇ ਆਏ ਸਰੋਤਿਆਂ ਨੂੰ ਮੰਤਰ ਮੁਗਧ ਕੀਤਾ। ਇਸ ਉਪਰੰਤ ਪਾਰਕ ਵਿੱਚ ਤਰ੍ਹਾਂ—ਤਰ੍ਹਾਂ ਦੇ ਪੌਦੇ ਲਗਾਏ ਗਏ। ਇਸ ਸਮੇਂ ਕੌਂਸਲ ਦੇ ਉਪ ਪ੍ਰਧਾਨ ਸ੍ਰੀ ਜੀ.ਐਸ ਸੇਠੀ ਵੱਲੋਂ ਲੱਡੂ ਵੰਡ ਕੇ ਖੁਸ਼ੀ ਦਾ ਇਜਹਾਰ ਕੀਤਾ ਗਿਆ, ਜਦੋਂ ਕਿ ਵਿਸ਼ੇਸ਼ ਤੌਰ ਤੇ ਸ੍ਰੀ ਅਵਤਾਰ ਸਿੰਘ ਖਜਾਨਾ ਅਫਸਰ ਬਲਾਇੰਡ ਹੋਮ ਦੇ ਮਿਸ਼ਰਾ ਜੀ, ਵਿਨੋਦ ਕੁਮਾਰ, ਸੂਰਯ ਪ੍ਰਕਾਸ਼, ਵੀਰ ਚੰਦ, ਅਵਤਾਰ ਸਿੰਘ, ਨੌ ਨਿਹਾਲ ਸਿੰਘ ਐਡਵੋਕੇਟ ਸ਼ਭਾਸ਼ ਕਾਲੀਆ ਮੱਖਣ ਲਾਲ, ਮਲਕੀਤ ਸਿੰਘ, ਅੰਮ੍ਰਿਤ ਸੋਡੀ, ਸਵਰਨ ਸਿੰਘ ਸੁਹਾਨਾ, ਰਾਮ ਚੰਦ ਬਿੰਦਰਾ, ਰਾਜਕੁਮਾਰ, ਸੋਹਨ ਸਿੰਘ ਅਤੇ ਹੋਰ ਬਹੁਤ ਸਾਰੇ ਸੀਨੀਅਰ ਸਿਟੀਜਨ ਆਦਿ ਹਾਜ਼ਰ ਸਨ।ਸੀਨੀਅਰ ਸਿਟੀਜਨ ਦੇ ਆਗੂਆਂ ਨੇ ਦੱਸਿਆ ਕਿ ਪਾਰਕ ਵਾਲੀ ਥਾਂ ਤੇ ਬਹੁਤ ਜਿਆਦਾ ਗੰਦਗੀ ਹੋਇਆ ਕਰਦੀ ਸੀ ਜਦੋਂ ਵੀ ਰੇਲਵੇ ਸਟੇਸ਼ਨ ਸ਼ਹਿਰ ਲੋਕਾਂ ਨੂੰ ਜਾਣਾ ਪੈਂਦਾ ਤਾਂ ਇਸ ਗੰਦੇ ਮਾਹੌਲ ਚੋਂ ਲੰਘਣਾ ਪੈਂਦਾ ਸੀ ਇਥੋਂ ਬਹੁਤ ਬਦਬੂ ਫ਼ੈਲਦੀ ਸੀ, ਇਸ ਦੇ ਨੇੜੇ ਰਹਿਣ ਵਾਲੇ ਲੋਕਾਂ ਨੂੰ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਸੀ। ਇਸ ਨੂੰ ਮੁੱਖ ਰੱਖਦੇ ਹੋਏ ਅਵਤਾਰ ਸਿੰਘ ਜੋ ਖਜ਼ਾਨਾ ਅਫਸਰ ਵੱਲੋਂ ਸ਼ਹਿਰ ਦੇ ਨਾਮਵਰ ਵਿਅਕਤੀਆਂ ਦੇ ਸਹਿਯੋਗ ਨਾਲ ਇਸ ਗੰਦਗੀ ਵਾਲੀ ਜਗ੍ਹਾ ਨੂੰ ਖੁਸ਼ਬੂਦਾਰ ਫੁੱਲਾਂ ਦੇ ਪੌਦਿਆਂ ਨਾਲ ਸਜਾ ਦਿੱਤਾ ਸਿਰਫ ਇਹੀ ਨਹੀਂ ਉਨ੍ਹਾਂ ਨੇ ਬਹੁਤ ਸਾਰੇ ਐਸੇ ਪੌਦੇ ਵੀ ਲਗਾਏ ਜਿਸ ਤੋਂ ਕਈ ਤਰਾਂ ਦਵਾਈਆਂ ਪਾਉਂਦੀਆਂ ਹਨ ਔਰ ਲੋਕਾਂ ਨੂੰ ਬਿਮਾਰੀਆਂ ਤੋਂ ਰਾਹਤ ਮਿਲਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV




# ਬੰਦੀ ਸਿੰਘਾਂ ਦੀ ਰਿਹਾਈ ਨਾ ਹੋਣ ਕਰਕੇ ਅਕਾਲੀ ਦਲ ਅੰਮ੍ਰਿਤਸਰ ਨੇ ਪ੍ਰਧਾਨ ਮੰਤਰੀ ਅਤੇ ਮੁੱਖ ਮੰਤਰੀ ਦੇ ਪੁਤਲੇ ਫੂਕੇ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਕੌਮੀ ਇਨਸਾਫ਼ ਮੋਰਚੇ ਵੱਲੋਂ ਦਿੱਤੇ ਹੋਏ ਪ੍ਰੋਗਰਾਮ ਅਨੁਸਾਰ ਸੰਗਰੂਰ ਜ਼ਿਲ੍ਹੇ ਵਿੱਚ ਸਰਕਾਰ ਦੀਆਂ ਗਲਤ ਨੀਤੀਆਂ ਅਤੇ ਸਿੱਖ ਭਾਈਚਾਰੇ ਨਾਲ ਹੋ ਰਹੇ ਪੱਖਪਾਤ ਦੇ ਵਿਰੁੱਧ ਇੱਕ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਪ੍ਰਦਰਸ਼ਨ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਮਾਨ ਅਤੇ ਪ੍ਰਧਾਨ ਮੰਤਰੀ ਸ. ਨਰਿੰਦਰ ਮੋਦੀ ਦੇ ਪੁਤਲੇ ਫੂਕੇ ਗਏ, ਜਿਸ ਨਾਲ ਸਰਕਾਰ ਦੀਆਂ ਸਿੱਖ ਵਿਰੋਧੀ ਨੀਤੀਆਂ ਅਤੇ ਜੇਲ੍ਹਾਂ ਵਿੱਚ ਬੰਦ ਸਿੱਖ ਨੌਜਵਾਨਾਂ ਦੀ ਰਿਹਾਈ ਦੀ ਮੰਗ ਨੂੰ ਜ਼ੋਰਦਾਰ ਢੰਗ ਨਾਲ ਉਠਾਇਆ ਗਿਆ। ਕੌਮੀ ਇਨਸਾਫ਼ ਮੋਰਚੇ ਦੀ ਅਗਵਾਈ ਹੇਠ ਸੰਗਰੂਰ ਵਿੱਚ ਸੈਂਕੜੇ ਪ੍ਰਦਰਸ਼ਨਕਾਰੀਆਂ ਨੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦਿਆਂ ਸਿੱਖ ਭਾਈਚਾਰੇ ਨਾਲ ਹੋ ਰਹੀਆਂ ਜ਼ਿਆਦਤੀਆਂ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲਿਆਂ ਵਿੱਚ ਸਜ਼ਾ ਨਾ ਮਿਲਣ 'ਤੇ ਗੁੱਸੇ ਦਾ ਪ੍ਰਗਟਾਵਾ ਕੀਤਾ। ਜ਼ਿਲ੍ਹਾ ਪ੍ਰਧਾਨ ਸੰਗਰੂਰ ਗੁਰਨੈਬ ਸਿੰਘ ਰਾਮਪੁਰਾ ਨੇ ਪ੍ਰੈੱਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੌਮੀ ਇਨਸਾਫ਼ ਮੋਰਚੇ ਵੱਲੋਂ ਡੀ.ਸੀ ਸਹਿਬਾਨਾਂ ਨੂੰ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਨੂੰ ਚੇਤਾਵਨੀ ਪੱਤਰ ਪਹਿਲਾਂ ਕਾਫ਼ੀ ਵਾਰ ਦੇ ਚੁੱਕੇ ਹਨ, ਪ੍ਰੰਤੂ ਪੰਜਾਬ ਸਰਕਾਰ ਤੇ ਕੇਂਦਰ ਦੀ ਸਰਕਾਰ ਦੇ ਕੰਨਾਂ ਤੇ ਜੂ ਨਹੀਂ ਸਰਕ ਰਹੀ, ਨਾਹੀ ਇਹ ਸਰਕਾਰਾਂ ਪੰਜਾਬ ਤੇ ਸਿੱਖਾਂ ਦੇ ਦਰਦ ਨੂੰ ਮਹਿਸੂਸ ਕਰ ਰਹੀ ਹੈ।ਜਥੇਦਾਰ ਰਾਮਪੁਰਾ ਨੇ ਮੰਗ ਕੀਤੀ ਕਿ ਜਿਹੜੇ ਸਿੱਖ ਨੌਜਵਾਨ ਆਪਣੀ ਸਜ਼ਾ ਪੂਰੀ ਕਰ ਚੁੱਕੇ ਹਨ, ਉਨ੍ਹਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਅਤੇ ਬੇਅਦਬੀ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ।




ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਜ਼ਿਲ੍ਹਾ ਸੰਗਰੂਰ ਦੇ ਆਗੂਆਂ ਤੇ ਵਰਕਰ ਸਹਿਬਾਨ ਨੇ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਸਿੱਖਾਂ ਦੀਆਂ ਜਾਇਜ਼ ਮੰਗਾਂ ਨੂੰ ਨਜ਼ਰਅੰਦਾਜ਼ ਕੀਤਾ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਪੰਥਕ ਜਥੇਬੰਦੀਆਂ ਵੱਲੋਂ ਹੋਰ ਵੀ ਸਖ਼ਤ ਸੰਘਰਸ਼ ਕੀਤਾ ਜਾਵੇਗਾ।ਪਾਰਟੀ ਨੇ ਸਮੁੱਚੇ ਸਿੱਖ ਭਾਈਚਾਰੇ ਨੂੰ ਇਕਜੁੱਟ ਹੋ ਕੇ ਸਰਕਾਰ ਦੀਆਂ ਗਲਤ ਨੀਤੀਆਂ ਦਾ ਵਿਰੋਧ ਕਰਨ ਦੀ ਅਪੀਲ ਕੀਤੀ ਹੈ। ਇਸ ਮੌਕੇ ਸੰਗਰੂਰ ਜ਼ਿਲ੍ਹੇ ਦੀ ਜਥੇਬੰਦੀ ਦੇ ਨੁਮਾਇੰਦਿਆਂ ਨੇ ਸਰਕਾਰ ਨੂੰ ਸਵਾਲ ਕੀਤਾ ਕਿ ਸਿੱਖਾਂ ਬੰਦੀਆਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਤੇ ਸਿੱਖਾਂ ਦੇ ਹੱਕਾਂ ਨੂੰ ਕਦੋਂ ਬਹਾਲ ਕੀਤਾ ਜਾਵੇਗਾ ?

ਇਸ ਸਮੇਂ ਪਾਰਟੀ ਦੇ ਜ਼ਿਲ੍ਹਾ ਮੀਤ ਪ੍ਰਧਾਨ ਨਰਿੰਦਰ ਸਿੰਘ ਕਾਲਾਬੂਲਾ, ਜਿਲ੍ਹਾ ਯੂਥ ਪ੍ਰਧਾਨ ਸਤਿਨਾਮ ਸਿੰਘ ਰੱਤੋਕੇ, ਸ਼ਹਿਰੀ ਪ੍ਰਧਾਨ ਸੰਗਰੂਰ ਸੁਖਵਿੰਦਰ ਸਿੰਘ, ਜਿਲ੍ਹਾ ਜਰਨਲ ਸਕੱਤਰ ਕੁਲਵੰਤ ਸਿੰਘ ਲੱਡੀ, ਅਮਰਜੀਤ ਸਿੰਘ ਬਾਦਸ਼ਾਹਪੁਰ, ਸਾਧੂ ਸਿੰਘ ਪੇਧਨੀ, ਦਫ਼ਤਰ ਸਕੱਤਰ ਸਤਿਗੁਰ ਸਿੰਘ ਦੁੱਗਾਂ, ਜ਼ਿਲ੍ਹਾ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਦੁੱਗਾਂ, ਪ੍ਰਭਜੋਤ ਸਿੰਘ ਸੰਗਰੂਰ, ਬਲਜਿੰਦਰ ਸਿੰਘ ਖੋਖਰ, ਕਾਕੂ ਸਿੰਘ ਖਿੱਲਰੀਆਂ, ਅਮਰਜੀਤ ਸਿੰਘ ਲੌਂਗੋਵਾਲ, ਹਰਿੰਦਰ ਸਿੰਘ ਲਾਲੀ, ਤਰਸੇਮ ਕਾਕੜਾ, ਸੁਖਵੀਰ ਸਿੰਘ ਆਲੋਅਰਖ, ਬਲਵਿੰਦਰ ਸਿੰਘ ਕਾਕੜਾ, ਗੁਰਦੀਪ ਸਿੰਘ ਕਾਕੜਾ, ਡਾ: ਬਿਨੈਪਾਲ ਸਿੰਘ ਘਨੌਰ, ਹਰਪ੍ਰੀਤ ਸਿੰਘ ਸ਼ਹਿਰੀ, ਦੀਦਾਰ ਸਿੰਘ ਕਾਂਝਲਾ, ਸਰਬਜੀਤ ਸਿੰਘ ਅਲਾਲ, ਰਾਜ ਸਿੰਘ ਲੌਂਗੋਵਾਲ, ਤੇਜਿੰਦਰ ਸਿੰਘ ਘਨੌਰ, ਨਰਿੰਦਰ ਸਿੰਘ ਪੇਧਨੀ, ਪਰਮਜੀਤ ਸਿੰਘ ਮਾਹਮਦਪੁਰ, ਅਮਰੀਕ ਸਿੰਘ ਨਦਾਮਪੁਰ, ਪਨੀਤ ਕੁਮਾਰ ਭਵਾਨੀਗੜ੍ਹ ਅਤੇ ਜਿਲ੍ਹਾ ਇਸਤਰੀ ਵਿੰਗ ਦੇ ਪ੍ਰਧਾਨ ਬੀਬੀ ਬਲਜੀਤ ਕੌਰ ਜਖੇਪਲ, ਇਸਤਰੀ ਵਿੰਗ ਜਰਨਲ ਸਕੱਤਰ ਪੰਜਾਬ ਬੀਬੀ ਹਰਪਾਲ ਕੌਰ ਬੀਬੀ ਅਮਨਦੀਪ ਕੌਰ ਸਿਆਲ ,ਬੀਬੀ ਸ਼ਿੰਦਰ ਕੌਰ ਸਿਆਲ ਇਲਾਵਾ ਵੱਡੀ ਗਿਣਤੀ ਵਿੱਚ ਆਗੂ ਤੇ ਵਰਕਰ ਸ਼ਾਮਿਲ ਸਨ।

## ਚੇਅਰਮੈਨ ਰਾਜ ਕੁਮਾਰ ਗੋਇਲ ਦੀ ਪੰਜਵੀਂ ਬਰਸੀ ਸਤਿਕਾਰ ਸਹਿਤ ਮਨਾਈ

# ਵੱਖ-ਵੱਖ ਧਾਰਮਿਕ ਸਮਾਜਿਕ ਅਤੇ ਰਾਜਨੀਤਕ ਸ਼ਖ਼ਸੀਅਤਾਂ ਸਮੇਤ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਭਰੀ ਹਾਜ਼ਰੀ











ਜਗਰਾਉਂ -(ਵਰਿਆਮ ਹਠੂਰ) ਮਾਰਕਿਟ ਕਮੇਟੀ ਹਠੂਰ ਦੇ ਚੇਅਰਮੈਨ ਰਹਿ ਚੁੱਕੇ ਮਰਹੂਮ ਸ਼੍ਰੀ ਰਾਜ ਕੁਮਾਰ ਗੋਇਲ ਦੀ ਪੰਜਵੀਂ ਬਰਸੀ ਪਿੰਡ ਮਾਣੂੰਕੇ ਸੰਧੂ ਵਿਖੇ ਸਸ਼ੋਭਿਤ ਇਤਿਹਾਸਕ ਗੁਰਦੁਆਰਾ ਜੌੜੀਆਂ ਸਾਹਿਬ ਵਿਖੇ ਸਤਿਕਾਰ ਸਹਿਤ ਮਨਾਈ ਗਈ, ਸਵੇਰੇ ਸਤਿਗੁਰਾਂ ਦੀ ਇਲਾਹੀ ਬਾਣੀ ਦੇ ਜਾਪ ਹੋਏ ਤੇ ਪ੍ਰਕਾਸ਼ ਕੀਤੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਵੱਖ ਵੱਖ ਵੱਖ ਧਾਰਮਿਕ ਸਮਾਜਿਕ ਅਤੇ ਰਾਜਨੀਤਕ ਸ਼ਖ਼ਸੀਅਤਾਂ ਸਮੇਤ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਆਪਣੀ ਹਾਜ਼ਰੀ ਭਰੀ ਤੇ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕੀਤਾ, ਚੇਅਰਮੈਨ ਰਾਜ ਕੁਮਾਰ ਗੋਇਲ ਮੈਮੋਰੀਅਲ ਟਰੱਸਟ ਅਤੇ ਸ਼ਬਦ ਅਦਬ ਸਹਿਤ ਸਭਾ ਮਾਣੂੰਕੇ ਦੇ ਪ੍ਰਬੰਧਕਾਂ ਅਤੇ ਗੋਇਲ ਪਰਿਵਾਰ ਨੇ ਸਮੂਹ ਬਰਸੀ ਸਮਾਗਮ ਵਿੱਚ ਹਾਜ਼ਰੀਆਂ ਭਰਨ ਵਾਲੀਆਂ ਸੰਗਤਾਂ ਨੂੰ ਜੀ ਆਇਆਂ ਆਖਿਆ, ਭਾਈ ਪਿੰਦਰਪਾਲ ਸਿੰਘ ਜੀ ਦੇ ਦੇਹੜਕੇ ਵਾਲਿਆਂ ਦੇ ਕੀਰਤਨੀ ਜੱਥੇ ਨੇ ਸ਼ਬਦ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ, ਐੱਮ ਐੱਲ ਏ ਬੀਬੀ ਸਰਵਜੀਤ ਕੌਰ ਮਾਣੂੰਕੇ, ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਅਤੇ ਹਲਕਾ ਇੰਚਾਰਜ ਸ਼੍ਰੀ ਐੱਸ ਆਰ ਕਲੇਰ, ਗੁਰਦੁਆਰਾ ਮੈਹਦੇਆਣਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਕੁਲਵੰਤ ਸਿੰਘ ਜੀ ਲੱਖਾ, ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਚੰਦ ਸਿੰਘ ਡੱਲਾ, ਸਰਪੰਚ ਹਰਪ੍ਰੀਤ ਸਿੰਘ ਹੈਪੀ ਮਾਣੂੰਕੇ, ਸੀਨੀਅਰ ਆਗੂ ਜਸਵੀਰ ਸਿੰਘ ਦੇਹੜਕਾ, ਕਾਂਗਰਸ ਦੇ ਸੀਨੀਅਰ ਆਗੂ ਸਤਿੰਦਰਪਾਲ ਸਿੰਘ ਕਾਕਾ ਗਰੇਵਾਲ, ਸੀਨੀਅਰ ਆਗੂ ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ, ਜਗਰਾਜ ਸਿੰਘ ਰਾਜਾ ਮਾਣੂੰਕੇ, ਬਾਈ ਰਛਪਾਲ ਸਿੰਘ ਚਕਰ, ਪ੍ਰਧਾਨ ਅਵਤਾਰ ਸਿੰਘ ਬਿੱਲਾ (ਹਠੂਰ ਵਾਲੇ), ਅਤੇ ਪ੍ਰਧਾਨ ਅਮਰਜੀਤ ਸਿੰਘ ਰਸੂਲਪੁਰ, ਆਦਿ ਨੇ ਚੇਅਰਮੈਨ ਰਾਜ ਕੁਮਾਰ ਗੋਇਲ ਦੀ ਨਿੱਘੀ ਪਿਆਰੀ ਯਾਦ ਨੂੰ ਤਾਜ਼ਾ ਕਰਦਿਆਂ ਗੋਇਲ ਪਰਿਵਾਰ ਦੇ ਇਲਾਕੇ ਵਿੱਚ ਅੱਛੇ ਰਸੂਖ਼ ਹੋਣ ਅਤੇ ਲੋੜਵੰਦਾਂ ਦੀ ਮਦਦ ਕਰਨ ਲਈ ਸ਼ਲਾਘਾ ਕੀਤੀ, ਉਨ੍ਹਾਂ ਕਿਹਾ ਕਿ ਚੇਅਰਮੈਨ ਰਾਜ ਕੁਮਾਰ ਗੋਇਲ ਮਿਲਾਪੜੇ ਸੁਭਾਅ ਦੇ ਮਾਲਕ ਅਤੇ ਹਰ ਇੱਕ ਨਾਲ ਅੱਛਾ ਰਸੂਖ ਰੱਖਣ ਵਾਲੇ ਇਨਸਾਨ ਸਨ। ਤੇ ਉਨ੍ਹਾਂ ਦੇ ਨਕਸ਼ੇ ਕਦਮਾਂ ਤੇ ਉਨ੍ਹਾਂ ਦਾ ਪਰਿਵਾਰ ਚੱਲ ਰਿਹਾ ਹੈ। ਉਨ੍ਹਾਂ ਦੀ ਯਾਦ ਵਿੱਚ ਚੇਅਰਮੈਨ ਰਾਜ ਕੁਮਾਰ ਗੋਇਲ ਮੈਮੋਰੀਅਲ ਟਰੱਸਟ, ਚੇਅਰਮੈਨ ਰਾਜ ਕੁਮਾਰ ਗੋਇਲ ਲਾਇਬ੍ਰੇਰੀ, ਅਤੇ ਸਿਲਾਈ ਸੈਂਟਰ ਦੀਆਂ ਸੇਵਾਵਾਂ ਚੱਲ ਰਹੀਆਂ ਹਨ। ਪ੍ਰਮਾਤਮਾ ਗੋਇਲ ਪਰਿਵਾਰ ਤੇ ਸਦਾ ਮਿਹਰ ਭਰਿਆ ਹੱਥ ਰੱਖੇ, ਅੰਤ ਵਿੱਚ ਸਰਪੰਚ ਹਰਪ੍ਰੀਤ ਸਿੰਘ ਹੈਪੀ ਮਾਣੂੰਕੇ, ਅਤੇ ਗੁਰਦੁਆਰਾ ਮੈਹਦੇਆਣਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਕੁਲਵੰਤ ਸਿੰਘ ਜੀ ਲੱਖਾ ਸਮੇਤ ਨਗਰ ਵੱਲੋ ਚੇਅਰਮੈਨ ਰਾਜ ਕੁਮਾਰ ਗੋਇਲ ਮੈਮੋਰੀਅਲ ਟਰੱਸਟ ਦੇ ਚੇਅਰਪਰਸਨ ਮੈਡਮ ਪ੍ਰੇਮ ਲਤਾ ਗੋਇਲ, ਪ੍ਰਬੰਧਕ ਜੀਵਨ ਕੁਮਾਰ ਗੋਲਡੀ ਗੋਇਲ, ਅਤੇ ਬੱਬੂ ਗੋਇਲ ਨੂੰ ਸਨਮਾਨਿਤ ਵੀ ਕੀਤਾ ਗਿਆ, ਚੇਅਰਮੈਨ ਰਾਜ ਕੁਮਾਰ ਗੋਇਲ ਮੈਮੋਰੀਅਲ ਟਰੱਸਟ ਦੇ ਚੇਅਰਪਰਸਨ ਮੈਡਮ ਪ੍ਰੇਮ ਲਤਾ ਗੋਇਲ ਪ੍ਰਧਾਨ ਸਾਬਕਾ ਸਰਪੰਚ ਸਾਧੂ ਸਿੰਘ ਮਾਣੂੰਕੇ, ਅਤੇ ਮੁੱਖ ਪ੍ਰਬੰਧਕ ਜੀਵਨ ਕੁਮਾਰ ਗੋਲਡੀ ਨੇ ਸਮੂਹ ਗੁਰਸੰਗਤਾਂ ਦਾ ਬਰਸੀ ਸਮਾਗਮ ਵਿੱਚ ਸ਼ਾਮਲ ਹੋਣ ਤੇ ਜਿੱਥੇ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ ਉੱਥੇ ਸਮੂਹ ਟਰੱਸਟ ਮੈਂਬਰਾਂ ਅਤੇ ਹੋਰ ਸੇਵਾਵਾਂ ਨਿਭਾਉਣ ਵਾਲੇ ਸੇਵਾਦਾਰਾਂ ਦਾ ਵੀ ਧੰਨਵਾਦ ਕੀਤਾ ਇਸ ਮੌਕੇ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਹਾਜ਼ਰ ਸਨ ਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਟਰੱਸਟ ਸਦਾ ਵਰਤ ਪੰਚਾਇਤੀ ਵੱਲੋਂ 101 ਗਰੀਬ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ



**ਫ਼ਿਰੋਜ਼ਪੁਰ, 4 ਅਗਸਤ (ਮਨੋਹਰ ਲਾਲ) :—** ਟਰੱਸਟ ਸਦਾ ਵਰਤ ਪੰਚਾਇਤੀ ਰਜਿ: ਵੱਲੋਂ 101 ਗਰੀਬ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ। ਇਸ ਮੌਕੇ ਤੇ ਟਰੱਸਟ ਦਾ ਸਦਾਵਰਤ ਪੰਚਾਇਤੀ ਦੇ ਪ੍ਰਧਾਨ ਅਸ਼ਵਨੀ ਮੌਂਗਾ, ਡੀ.ਕੇ ਬਜਾਜ, ਉਮ ਪ੍ਰਕਾਸ਼ ਅਤੇ ਰਜਨੀਸ਼ ਕਪੂਰ, ਮਦਨ ਲਾਲ ਆਦਿ ਆਗੂ ਹਾਜ਼ਰ ਸਨ। ਇਸ ਮੌਕੇ ਤੇ ਸਭ ਤੋਂ ਪਹਿਲਾਂ ਵਾਹਿਗੁਰੂ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਜਿਨ੍ਹਾਂ ਨੇ 1914 ਵਿਚ ਟਰੱਸਟ ਬਨਾਇਆ ਹੈ, ਉਨ੍ਹਾਂ ਦੀਆਂ ਆਤਮਾਵਾਂ ਨੂੰ ਸ਼ਾਂਤੀ ਦੇਈ, ਜਿਨ੍ਹਾਂ ਨੇ ਆਪਣੀਆਂ ਜਾਇਦਾਦਾਂ ਟਰੱਸਟ ਦੇ ਨਾਮ ਤੇ ਲੁਆਈਆਂ, ਜਦੋਂ ਦੇਸ਼ ਵਿਚ ਭੁਖਮਰੀ ਸੀ ਤੇ ਅਕਾਲ ਪੈ ਗਿਆ ਸੀ ਤਾਂ ਕੁਝ ਦਾਨੀ ਸੱਜਣਾਂ ਨੇ ਇਹ ਟਰੱਸਟ ਸਦਾ ਵਰਤ ਬਨਾਇਆ ਜੋ ਕਿ 111 ਸਾਲ ਤੋਂ ਗਰੀਬ, ਲੋੜਵੰਦਾਂ ਨੂੰ ਰਾਸ਼ਨ, ਮਰੀਜਾਂ ਨੂੰ ਦਵਾਈਆਂ, ਸਕੂਲ ਵਿਚ ਬੱਚਿਆਂ ਨੂੰ ਕਿਤਾਬਾਂ ਉਨ੍ਹਾਂ ਦੀਆਂ ਫੀਸਾਂ ਅਤੇ ਕੁਦਰਤੀ ਆਫਤ ਵਿਚ ਸਰਕਾਰ ਨਾਲ ਮੋਢੇ ਨਾਲ ਮੋਢਾ ਲਾ ਕੇ ਨਾਲ ਖੜਦਾ ਹੈ, ਜਿਵੇਂ ਹੜ੍ਹਾਂ ਦੌਰਾਨ, ਕਰੋਨਾਂ ਦੌਰਾਨ, ਲੋਕਾਂ ਦੀ ਮੱਦਦ ਕਰਦਾ ਆ ਰਿਹਾ ਹੈ। ਇਸ ਮੌਕੇ ਤੇ ਪ੍ਰਧਾਨ ਅਸ਼ਵਨੀ ਮੌਂਗਾ ਨੇ ਬੋਲਦਿਆਂ ਕਿਹਾ ਕਿ ਸਾਨੂੰ ਹਮੇਸ਼ਾ ਲੋੜਵੰਦ ਪਰਿਵਾਰਾਂ ਦੀ ਮੱਦਦ ਕਰਨੀ ਚਾਹੀਦੀ ਹੈ ਤਾਂ ਜ਼ੋ ਉਹ ਆਪਣੇ ਬੱਚੇ ਪਾਲ ਸਕਣ। ਇਸ ਮੌਕੇ ਤੇ ਡੀ.ਕੇ ਬਜਾਜ ਨੇ ਕਿਹਾ ਕਿ ਜਿਨ੍ਹਾਂ ਔਰਤਾਂ ਦਾ ਮੁਖੀ ਸਵਰਗਵਾਸ ਹੋ ਜਾਂਦਾ ਹੈ, ਉਸ ਨੂੰ ਆਪਣੇ ਬੱਚੇ ਪਾਲਣ ਵਿਚ ਬਹੁਤ ਕਠਿਨਾਈ ਹੁੰਦੀ ਹੈ, ਸਾਨੂੰ ਇਹੋ ਜਿਹੇ ਲੋਕਾਂ ਦੀ ਮੱਦਦ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ ਤੇ ਓਮ ਪ੍ਰਕਾਸ਼ ਕੈਸ਼ੀਅਰ ਨੇ ਬੋਲਦਿਆਂ ਕਿਹਾ ਕਿ ਇਹ ਉਨ੍ਹਾਂ ਮਹਾਨ ਪੁਰਸ਼ਾਂ ਦੀ ਦੇਣ ਹੈ, ਜਿਨ੍ਹਾਂ ਨੇ ਇਹ ਟਰੱਸਟ ਬਨਾਇਆ, ਜ਼ੋ ਕਿ ਅਸੀਂ ਲੋੜਵੰਦਾਂ ਦੀ ਸੇਵਾ ਕਰ ਰਹੇ ਹਾਂ। ਇਸ ਮੌਕੇ ਤੇ ਸ੍ਰੀ ਰਜਨੀਸ਼ ਕਪੂਰ ਰਿਟਾਇਰਡ ਮੈਨੇਜਰ ਪੰਜਾਬ ਨੈਸ਼ਨਲ ਬੈਂਕ ਨੇ ਬੋਲਦਿਆਂ ਕਿਹਾ ਕਿਕ ਦੇ ਮਹਾਨ ਆਤਮਾਵਾਂ ਮਰਦੀਆਂ ਨਹੀਂ, ਉਹ ਹਮੇਸ਼ਾ ਜਿੰਦਾ ਰਹਿੰਦੀਆਂ ਹਨ, ਜਿਹੜੀਆਂ ਕਿ ਮਨੁੱਖਤਾ ਦੇ ਭਲੇ ਲਈ ਆਪਣਾ ਸਭ ਕੁਝ ਲੋਕਾਂ ਦੇ ਹਵਾਲੇ ਕਰ ਦਿੱਤਾ। ਅਸੀਂ ਉਨ੍ਹਾਂ ਮਹਾਨ ਆਤਮਾਵਾਂ ਨੂੰ ਦਿਲ ਦੀਆਂ ਗਹਿਰਾਈਆਂ ਨਾਲ ਧੰਨਵਾਦ ਕਰਦੇ ਹਾਂ, ਪ੍ਰਮਾਤਮਾ ਉਨ੍ਹਾਂ ਨੂੰ ਸਵਰਗਾਂ ਵਿਚ ਵਾਸ ਦੇਵੇ।

ਆਵਾਜ਼ਿ ਕੌਮ AWAZE QAUM International Newspaper & WEB TV

## ਖ਼ਾਲਸਾ ਕਾਲਜ, ਚੋਹਲਾ ਸਾਹਿਬ ਵਿਖੇ ਖੇਤੀਬਾੜੀ ਵਿੱਚ ਰੁਜ਼ਗਾਰ ਦੇ ਵਸੀਲੇ ਵਿਸ਼ੇ ਤੇ ਲੈਕਚਰ ਦਾ ਆਯੋਜਨ

**ਚੋਹਲਾ ਸਾਹਿਬ 4 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮਾਣਯੋਗ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ੍ਰ. ਸੁਖਮਿੰਦਰ ਸਿੰਘ ਜੀ ਸਕੱਤਰ ਵਿੱਦਿਆ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਡਾ. ਹਰਮਨਦੀਪ ਸਿੰਘ ਜੀ ਦੀ ਅਗਵਾਈ ਅਧੀਨ ਚੱਲ ਰਹੇ ਗੁਰੂ ਅਰਜਨ ਦੇਵ ਖਾਲਸਾ ਕਾਲਜ ਚੋਹਲਾ ਸਾਹਿਬ ਵਿਖੇ ਕਿਸਾਨੀ ਇੱਕ ਉੱਤਮ ਕ੍ਰਿਤ ਅਤੇ ਰੁਜ਼ਗਾਰ ਵਿਸ਼ੇ ਤੇ ਵਿਦਿਆਰਥੀਆ ਨਾਲ ਵਿਚਾਰ ਸਾਂਝੇ ਕਰਨ ਹਿਤ ਗੁਰੂ ਨਾਨਕ ਦੇਵ ਯੂਨੀਵਰਸਿਟੀ, ਸ੍ਰੀ ਅੰਮ੍ਰਿਤਸਰ ਦੇ ਐਗਰੀਕਲਚਰ ਵਿਭਾਗ ਤੋਂ ਡਾ. ਅਰਮਿੰਦਰ ਸਿੰਘ ਰਿਆੜ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਵਿਚ ਕਾਲਜ ਪ੍ਰਿੰਸੀਪਲ ਨੇ ਡਾ. ਰਿਆੜ ਨੂੰ ਫੁੱਲਾਂ ਦਾ ਗੁਲਦਸਤਾ ਭੇਂਟ ਕਰਦਿਆਂ ਸਵਾਗਤ ਕੀਤਾ ਅਤੇ ਜੀ ਆਇਆਂ ਕਿਹਾ। ਡਾ. ਰਿਆੜ ਨੇ ਖੇਤੀ ਨੂੰ ਉੱਤਮ ਸੰਸਾਦਨ ਦੱਸਦਿਆਂ ਵਿਦਿਆਰਥੀਆਂ ਨੂੰ ਇਸ ਕਿੱਤੇ ਨਾਲ ਨਿਆਂ ਕਰਨ ਦੇ ਨਾਲ-ਨਾਲ ਵਾਤਾਵਰਨ ਪ੍ਰਤੀ ਚਿੰਤਨ ਰਹਿਣ ਲਈ ਪ੍ਰੇਰਿਤ ਕੀਤਾ। ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਅਤੇ ਸੰਜੀਦਗੀ ਨਾਲ ਲੈਕਚਰ ਵਿਚ ਸ਼ਮੂਲੀਅਤ ਕੀਤੀ।

## ਕੌਮੀ ਇਨਸਾਫ ਮੋਰਚਾ ਮੋਹਾਲੀ ਵੱਲੋਂ 4 ਅਗਸਤ ਨੂੰ ਹੋਣ ਜਾ ਰਹੇ ਜ਼ਿਲ੍ਹਾ ਹੈਡ ਕੁਆਰਟਰ ਤੋਂ ਪੂਤਲੇ ਫੂਕਣ ਦੇ ਪ੍ਰੋਗਰਾਮ ਤਹਿਤ

# ਫ਼ਿਰੋਜ਼ਪੁਰ ਦੇ ਡੀ.ਸੀ ਦਫਤਰ ਸਾਹਮਣੇ ਮੁੱਖ ਮੰਤਰੀ ਭਗਵੰਤ ਮਾਨ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਫੂਕਿਆ ਪੁਤਲਾ

ਫ਼ਿਰੋਜ਼ਪੁਰ, 4 ਅਗਸਤ (ਮਨੋਹਰ ਲਾਲ) :— ਕੌਮੀ ਇਨਸਾਫ ਮੋਰਚਾ ਮੋਹਾਲੀ ਵੱਲੋਂ 4 ਅਗਸਤ ਨੂੰ ਹੋਣ ਜਾ ਰਹੇ ਜ਼ਿਲ੍ਹਾ ਹੈਡ ਕੁਆਰਟਰਾਂ ਤੋਂ ਪੂਤਲੇ ਫੂਕਣ ਦੇ ਪ੍ਰੋਗਰਾਮ ਤਹਿਤ ਅੱਜ ਫ਼ਿਰੋਜ਼ਪੁਰ ਦੇ ਡੀ.ਸੀ ਦਫਤਰ ਸਾਹਮਣੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੂਤਲਾ ਫੂਕਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਖਾਲਸਾ ਗੁਰਦੁਆਰਾ ਫ਼ਿਰੋਜ਼ਪੁਰ ਛਾਉਣੀ ਵਿਖੇ ਸਮੂਹ ਜਥੇਬੰਦੀਆਂ, ਕਿਸਾਨ ਜਥੇਬੰਦੀਆਂ ਹਾਜ਼ਰ ਸਨ। ਇਸ ਕੌਮੀ ਇਨਸਾਫ ਮੋਰਚੇ ਦੇ ਪ੍ਰਧਾਨ ਬਲਵਿੰਦਰ ਸਿੰਘ ਪਿਆਰੇਆਣਾ ਨੇ ਫ਼ਿਰੋਜ਼ਪੁਰ ਦੀ ਅਗਵਾਈ ਬੜੇ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ 6 ਕਿਸਾਨ ਯੂਨੀਅਨਾਂ ਦੇ ਆਗੂ ਅਤੇ ਭਾਰੀ ਗਿਣਤੀ ਵਿਚ ਵਰਕਰ ਹਾਜ਼ਰ ਸਨ, ਜਿਨ੍ਹਾਂ ਵਿਚ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਸੁਖਮੰਦਰ ਸਿੰਘ, ਮਜ਼ਦੂਰ ਵੈਲਫੇਅਰ ਸਭਾ ਪ੍ਰਧਾਨ ਬੱਗਾ ਸਿੰਘ, ਭਾਰਤੀ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਮੀਤ ਪ੍ਰਧਾਨ ਸੁਰਜੀਤ ਸਿੰਘ, ਭਾਰਤੀ ਕਿਸਾਨ ਯੂਨੀਅਨ ਤੋਤੇ ਵਾਲਾ ਤੋਂ ਤਰਨਜੀਤ ਸਿੰਘ ਬਲਾਕ ਪ੍ਰਧਾਨ, ਭਾਰਤੀ ਕਿਸਾਨ ਯੂਨੀਅਨ ਕਰਾਂਤੀਕਾਰੀ ਦੇ ਕੁਲਵਿੰਦਰ ਸਿੰਘ ਬਲਾਕ ਪ੍ਰਧਾਨ, ਕਿਸਾਨ ਬਚਾਓ ਮੋਰਚਾ ਕ੍ਰਿਪਾ ਸਿੰਘ ਪੰਜਾਬ ਪ੍ਰਧਾਨ ਤੋਂ ਇਲਾਵਾ ਵੱਖ—ਵੱਖ ਧਾਰਮਿਕ ਜਥੇਬੰਦੀਆਂ ਦੇ ਆਗੂ ਜਿਨ੍ਹਾਂ ਵਿਚ ਮਿਸਲ ਸਤਲੁਜ਼ ਤੋਂ ਦਵਿੰਦਰ ਸਿੰਘ ਸੇਖੋਂ ਜਨਰਲ ਸਕੱਤਰ ਅਤੇ ਹੋਰ ਵੀ ਕਈ ਜਥੇਬੰਦੀਆਂ ਦੇ ਆਗੂ ਹਾਜ਼ਰ ਸਨ। ਭਾਰਤੀ ਕਿਸਾਨ ਯੂਨੀਅਨ ਮਝੈਲ ਦੇ ਦਵਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਮਾਨ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਗੁਰਚਰਨ ਸਿੰਘ ਭੁੱਲਰ, ਪੰਜਾਬ ਕਿਸਾਨ ਯੂਨੀਅਨ ਬਾਗੀ ਸੁਖਦੇਵ ਸਿੰਘ, ਸ੍ਰੀ ਕਲਗੀਧਰ ਸੰਚਾਰ ਜਥੇ ਦੇ ਭਾਈ ਬਲਕਾਰ ਸਿੰਘ ਇਲਮੇਵਾਲਾ, ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਮੇਟੀ ਦੇ ਲਖਬੀਰ ਸਿੰਘ ਮਹਾਲਮ ਸਰਪ੍ਰਸਤ, ਇੰਟਰ ਨੈਸ਼ਨਲ ਪੰਥਕ ਦਲ ਦੇ ਬਾਬਾ ਸਤਨਾਮ ਸਿੰਘ ਵੱਲੀਆਂ ਪੰਜਾਬ ਪ੍ਰਧਾਨ ਧਾਰਮਿਕ ਵਿੰਗ, ਸੂਬੇ ਦੇ ਆਗੂ ਅਵਤਾਰ ਸਿੰਘ ਮਹਿਮਾ, ਗੁਰਵਿੰਦਰ ਸਿੰਘ ਸੁਰ ਸਿੰਘ ਵਾਲਾ, ਡਾਕਟਰ ਮੁਖਤਿਆਰ ਸਿੰਘ ਭੁੱਲਰ, ਵੱਖ—ਵੱਖ ਜਥੇਬੰਦੀਆਂ ਦੇ ਆਗੂ ਜ਼ਸਵੀਰ ਸਿੰਘ ਪਿਆਰੇਆਣਾ, ਧਰਮ ਸਿੰਘ ਸਭਰਾਵੀ ਬੀ.ਕੇ.ਯੂ ਤੋਤੇਵਾਲਾ, ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਹਰਜਿੰਦਰ ਸਿੰਘ ਜ਼ਿਲ੍ਹਾ ਆਗੂ ਕਾਬਲ ਸਿੰਘ ਬੂਟੇ ਵਾਲਾ, ਲਖਵਿੰਦਰ ਸਿੰਘ, ਸੁਖਦੇਵ ਸਿੰਘ ਮਹੀਆਂ ਵਾਲਾ, ਦਿਲਬਾਗ ਸਿੰਘ ਜ਼ਿਲ੍ਹਾ ਮੀਤ ਪ੍ਰਧਾਨ ਕ੍ਰਾਂਤੀਕਾਰੀ ਕਿਸਾਨ ਯੂਨੀਅਨ, ਲਖਵਿੰਦਰ ਸਿੰਘ, ਬਲਦੇਵ ਸਿੰਘ, ਗੁਰਸੇਵਕ ਸਿੰਘ ਜਥੇਦਾਰ ਅਮਰਜੀਤ ਸਿੰਘ ਮਠਾੜੂ, ਦਾਰਾ ਸਿੰਘ ਜ਼ੀਰਾ, ਰਣਬੀਰ ਸਿੰਘ ਸਨੇਰ ਵਾਰਿਸ ਪੰਜਾਬ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਸੁਖਮੰਦਰ ਸਿੰਘ ਜ਼ਿਲ੍ਹਾ ਪ੍ਰਧਾਨ, ਹਰਪਿੰਦਰ ਸਿੰਘ ਤੂਤ ਗੁਰਦੁਆਰਾ ਛੱਪੜੀ ਸਾਹਿਬ, ਹਰਦਿਆਲ ਸਿੰਘ ਪੰਜਾਬ ਮੀਤ ਪ੍ਰਧਾਨ, ਕਿਰਨ ਪਾਲ ਸਿੰਘ ਸੋਢੀ ਪੰਜਾਬ ਮੀਤ ਪ੍ਰਧਾਨ, ਚਮਕੌਰ ਸਿੰਘ ਜ਼ਿਲ੍ਹਾ ਮੀਤ ਪ੍ਰਧਾਨ, ਸਰਵਨ ਸਿੰਘ ਬਲਾਕ ਪ੍ਰਧਾਨ ਮੱਲਾਂਵਾਲਾ, ਦਲਜੀਤ ਸਿੰਘ ਬਲਾਕ ਪ੍ਰਧਾਨ ਮਖੂ, ਗੁਰਪ੍ਰਤਾਪ ਸਿੰਘ ਬਲਾਕ ਮੀਤ ਪ੍ਰਧਾਨ, ਜਲੌਰ ਸਿੰਘ ਵਿੱਤ ਸਕੱਤਰ, ਅਨੰਦ ਸਿੰਘ ਬਲਾਕ ਪ੍ਰਧਾਨ, ਕਰਨੈਲ ਸਿੰਘ ਭਾਵੜਾ ਸੀਨੀਅਰ ਅਕਾਲੀ ਆਗੂ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਯੂਨੀਅਨਾਂ ਦੇ ਆਗੂ ਹਾਜ਼ਰ ਸਨ। ਇਸ ਮੌਕੇ ਵੱਡੀ ਗਿਣਤੀ ਵਿਚ ਇਲਾਕੇ ਦੀਆਂ ਬੀਬੀਆਂ ਨੇ ਸ਼ਿਰਕਤ ਕਰਕੇ ਸਰਕਾਰ ਵਿਰੁੱਧ ਰੋਸ ਜ਼ਾਹਿਰ ਕੀਤਾ। ਇਸ ਮੌਕੇ ਤੇ ਖਾਲਸਾ ਗੁਰਦੁਆਰਾ ਸਾਹਿਬ ਤੋਂ ਅਰਦਾਸ ਕਰਕੇ ਇਹ ਰੋਸ ਮਾਰਚ ਨਾਹਰੇ ਲਾਉਂਦਾ ਚਲਿਆ ਅਤੇ ਡੀ.ਸੀ ਦਫਤਰ ਦੇ ਸਾਹਮਣੇ ਪੂਤਲੇ ਸਾੜੇ। ਇਸ ਮੌਕੇ ਤੇ ਵੱਖ—ਵੱਖ ਬੁਲਾਰਿਆਂ ਨੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੀ ਪੁਰਜ਼ੋਰ ਸ਼ਬਦਾਂ ਵਿਚ ਨਿੰਦਿਆ ਕੀਤੀ। ਅਖੀਰ ਵਿਚ ਬਲਵਿੰਦਰ ਸਿੰਘ ਪਿਆਰੇਆਣਾ ਨੇ ਆਖਿਆ ਕਿ ਇਹ ਪੂਤਲੇ ਪੰਜਾਬ ਦੇ ਹਰ ਜ਼ਿਲ੍ਹੇ ਵਿਚ ਸਾੜੇ ਗਏ ਹਨ ਤਾਂ ਜ਼ੋ ਪੰਜਾਬ ਅਤੇ ਕੇਂਦਰ ਦੀ ਅੰਨੀ ਤੇ ਬੋਲੀ ਸਰਕਾਰ ਨੂੰ ਜਗਾਇਆ ਜਾ ਸਕੇ। ਇਸ ਮੌਕੇ ਬਲਵਿੰਦਰ ਸਿੰਘ ਨੇ ਕਿਹਾ ਕਿ 35—40 ਸਾਲਾਂ ਤੋਂ ਬੰਦੀ ਸਿੰਘ ਜੇਲ੍ਹਾਂ ਵਿਚ ਬੰਦ ਹਨ ਅਤੇ ਉਨ੍ਹਾਂ ਨੇ ਆਪਣੀਆਂ ਸਜਾਵਾਂ ਕੱਟ ਚੁੱਕੇ ਹਨ, ਪਰ ਫਿਰ ਵੀ ਉਨ੍ਹਾਂ ਨੂੰ ਸਰਕਾਰ ਰਿਹਾਅ ਨਹੀਂ ਕਰ ਰਹੀ, ਜਿਸ ਤਹਿਤ ਲੰਮੇ ਸਮੇਂ ਤੋਂ ਮੋਹਾਲੀ ਵਿਖੇ ਧਰਨਾ ਲਾਇਆ ਹੋਇਆ ਹੈ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਨੇ ਬੰਦੀ ਸਿੰਘ ਰਿਹਾਅ ਨਾ ਕੀਤੇ ਤਾਂ ਕੌਮੀ ਇਨਸਾਫ ਮੋਰਚੇ ਦੇ ਆਗੂਆਂ ਨਾਲ ਹੋਰ ਵੀ ਤਿੱਖਾ ਸੰਘਰਸ਼ ਕਰਨ ਲਈ ਮਜ਼ਬੂਰ ਹੋਵੇਗਾ, ਜਿਸ ਦੀ ਸਾਰੀ ਜਿੰਮੇਵਾਰੀ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੀ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV









### ਨਾਸਿਕ (ਮਹਾਰਾਸ਼ਟਰ) ਵਿਖੇ ਮਹਾਰਾਣੀ ਜਿੰਦ ਕੌਰ ਦੀ

# ਯਾਦਗਾਰੀ ਸਮਾਧ ਸਿੱਖੀ ਦੀ ਸ਼ਾਨ ਅਤੇ ਰਾਸ਼ਟਰੀ ਗੌਰਵ ਦਾ ਪ੍ਰਤੀਕ - ਪ੍ਰੋ. ਸਰਚਾਂਦ ਸਿੰਘ









**ਅੰਮ੍ਰਿਤਸਰ, 04 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋਫੈਸਰ ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਧਰਮ-ਪਤਨੀ ਅਤੇ ਮਹਾਰਾਜਾ ਦਲੀਪ ਸਿੰਘ ਦੀ ਮਾਤਾ ਮਹਾਰਾਣੀ ਜਿੰਦ ਕੌਰ ਦੇ ਨਾਸਿਕ (ਮਹਾਰਾਸ਼ਟਰ) ਵਿਖੇ ਅੰਤਿਮ ਸੰਸਕਾਰ ਅਸਥਾਨ 'ਤੇ ਉਸਾਰੀ ਗਈ ਯਾਦਗਾਰੀ ਸਮਾਧ ਸਿੱਖੀ ਦੀ ਸ਼ਾਨ, ਰਾਸ਼ਟਰੀ ਗੌਰਵ ਅਤੇ ਸਦੀਵੀ ਪ੍ਰੇਰਣਾ ਦਾ ਸਰੋਤ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ 14 ਸਾਲਾਂ ਦੀ ਲੰਬੀ ਉਡੀਕ ਤੋਂ ਬਾਅਦ ਇਹ ਪਵਿੱਤਰ ਕਾਰਜ ਸਥਾਨਕ ਪ੍ਰਸ਼ਾਸਨ ਅਤੇ ਮਹਾਰਾਸ਼ਟਰ ਸਿੱਖ ਸਮਾਜ ਦੇ ਯਤਨਾਂ ਨਾਲ ਸੰਭਵ ਹੋਇਆ ਹੈ। ਉਨਾਂ ਨੇ ਇਸ ਲਈ ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ, ਮਹਾਰਾਸ਼ਟਰ ਸਿੱਖ ਸਮਾਜ ਤਾਲਮੇਲ ਕਮੇਟੀ ਦੇ ਚੇਅਰਮੈਨ ਜਸਪਾਲ ਸਿੰਘ ਸਿੱਧੂ, ਪੰਜਾਬੀ ਸਾਹਿਤ ਅਕੈਡਮੀ ਮਹਾਰਾਸ਼ਟਰ ਦੇ ਚੇਅਰਮੈਨ ਬਲ ਮਲਕੀਤ ਸਿੰਘ, ਚਰਨਦੀਪ ਸਿੰਘ ਹੈਪੀ, ਜਥੇਦਾਰ ਬਾਬਾ ਰਣਜੀਤ ਸਿੰਘ ਜੀ (ਗੁਰਦੁਆਰਾ ਸ੍ਰੀ ਗੁਪਤਸਰ ਸਾਹਿਬ, ਮਨਮਾਡ), ਨਾਸਿਕ ਜ਼ਿਲ੍ਹਾ ਯੁਨਾਈਟਡ ਗੁਰਦੁਆਰਾ ਤੋਂ ਰਣਜੀਤ ਸਿੰਘ ਆਨੰਦ ਅਤੇ ਸਾਰੀਆਂ ਸਥਾਨਕ ਸਿੱਖ ਸੰਸਥਾਵਾਂ ਦਾ ਧੰਨਵਾਦ ਕੀਤਾ ਜਿਨ੍ਹਾਂ ਦੇ ਸਾਂਝੇ ਯਤਨਾਂ ਸਦਕਾ ਇਹ ਸਮਾਗਮ ਸੰਭਵ ਹੋਇਆ। ਪ੍ਰੋ. ਖਿਆਲਾ ਨੇ ਕਿਹਾ ਕਿ ਮਹਾਰਾਣੀ ਜਿੰਦ ਕੌਰ ਸਿਰਫ਼ ਸਿੱਖ ਰਾਜ ਦੀ ਰਾਣੀ ਹੀ ਨਹੀਂ ਸਗੋਂ ਉਹ ਅੰਗਰੇਜ਼ ਹਕੂਮਤ ਦੇ ਸਾਹਮਣੇ ਰਾਸ਼ਟਰੀ ਭਾਵਨਾ ਨਾਲ ਡਟ ਕੇ ਖੜ੍ਹਨ ਵਾਲੀ ਦਲੇਰ ਸਿੱਖ ਮਾਤਾ ਸੀ, ਜਿਸ ਤੋਂ ਅੰਗਰੇਜ਼ ਵੀ ਕੰਬਦੇ ਸਨ। ਉਹ 1 ਅਗਸਤ 1863 ਨੂੰ 48 ਸਾਲ ਦੀ ਉਮਰ ਵਿੱਚ ਲੰਡਨ ਵਿਖੇ ਸਵਰਗਵਾਸ ਹੋਈ। ਉਸ ਦੀ ਆਖ਼ਰੀ ਇੱਛਾ ਅਨੁਸਾਰ ਉਸ ਦਾ ਮ੍ਰਿਤਕ ਸਰੀਰ ਭਾਰਤ ਲਿਆਂਦਾ ਗਿਆ, ਪਰ ਬ੍ਰਿਟਿਸ਼ ਹਕੂਮਤ ਨੇ ਪੰਜਾਬ ਲਿਜਾਣ ਦੀ ਆਗਿਆ ਨਾ ਦਿੱਤੀ। ਉਸ ਦਾ ਅੰਤਿਮ ਸੰਸਕਾਰ ਨਾਸਿਕ ਵਿਖੇ ਗੋਦਾਵਰੀ ਨਦੀ ਦੇ ਕੰਢੇ ਕੀਤਾ ਗਿਆ। ਬਾਅਦ ਵਿੱਚ ਉਸ ਦੀਆਂ ਅਸਥੀਆਂ ਉਸ ਦੀ ਧੀ ਸ਼ਿਹਜ਼ਾਦੀ ਬੰਬਾਂ ਵੱਲੋਂ ਨਾਸਿਕ ਤੋਂ ਲਾਹੌਰ ਲਿਆਂਦੀਆਂ ਗਈਆਂ ਅਤੇ ਮਹਾਰਾਜਾ ਰਣਜੀਤ ਸਿੰਘ ਦੀ ਸਮਾਧ ਕੋਲ ਸਥਾਪਿਤ ਕੀਤੀਆਂ ਗਈਆਂ। ਮਹਾਰਾਸ਼ਟਰ ਸਿੱਖ ਸਮਾਜ ਤਾਲਮੇਲ ਕਮੇਟੀ ਦੇ ਚੇਅਰਮੈਨ ਸ. ਜਸਪਾਲ ਸਿੰਘ ਸਿੱਧੂ ਨੇ ਦੱਸਿਆ ਕਿ ਪਹਿਲਾਂ ਇਸ ਸਥਾਨ 'ਤੇ ਇਕ ਛੋਟੀ ਸਮਾਧ ਸੀ, ਜੋ ਗੋਦਾਵਰੀ ਦੇ ਸੁੰਦਰੀਕਰਨ ਪ੍ਰੋਜੈਕਟ ਦੌਰਾਨ ਹਟਾ ਦਿੱਤੀ ਗਈ ਸੀ। ਹੁਣ ਮਹਾਰਾਸ਼ਟਰ ਸਰਕਾਰ ਦੇ ਸਹਿਯੋਗ ਨਾਲ ਅਤੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦੀ ਅਗਵਾਈ ਹੇਠ ਇੱਕ ਸ਼ਾਨਦਾਰ ਯਾਦਗਾਰੀ ਸਮਾਧ ਦੀ ਉਸਾਰੀ ਕੀਤੀ ਗਈ ਹੈ। ਸਿੱਖ ਨੇਤਾਵਾਂ ਨੇ ਇਸ ਲਈ ਮਹਾਰਾਸ਼ਟਰ ਸਰਕਾਰ ਦਾ ਧੰਨਵਾਦ ਕਰਦਿਆਂ ਇਸ ਸਮਾਧ ਨੂੰ ਸਿੱਖੀ ਅਤੇ ਰਾਸ਼ਟਰੀ ਭਾਵਨਾ ਦਾ ਮਜ਼ਬੂਤ ਪ੍ਰਤੀਕ ਕਿਹਾ। ਸਿੱਧੂ ਨੇ ਐਲਾਨ ਕੀਤਾ ਕਿ ਮਹਾਰਾਣੀ ਜਿੰਦ ਕੌਰ ਦੀ ਯਾਦ ਵਿੱਚ ਹਰ ਸਾਲ ਮਾਰਚ ਮਹੀਨੇ ਵਿੱਚ ਗੁਰਮਤਿ ਸਮਾਗਮ ਆਯੋਜਿਤ ਕੀਤਾ ਜਾਵੇਗਾ। ਇਸ ਤੋਂ ਇਲਾਵਾ, ਗੋਦਾਵਰੀ ਕੰਢੇ ਉਸ ਦੇ ਨਾਮ 'ਤੇ ਨਿਰਧਾਰਤ ਪੰਜ ਏਕੜ ਜ਼ਮੀਨ 'ਤੇ ਸ਼ਾਨਦਾਰ ਯਾਦਗਾਰ ਅਤੇ ਸੰਗਤਾਂ ਦੀਆਂ ਸੁਵਿਧਾਵਾਂ ਨਾਲ ਲੈਸ ਕੰਪਲੈਕਸ ਵੀ ਤਿਆਰ ਕੀਤਾ ਜਾਵੇਗਾ। ਸਿੱਧੂ ਨੇ ਕਿਹਾ ਕਿ ਮਹਾਰਾਣੀ ਜਿੰਦ ਕੌਰ ਨੇ ਆਪਣੇ ਪੁੱਤਰ ਮਹਾਰਾਜਾ ਦਲੀਪ ਸਿੰਘ ਵਿੱਚ ਨਾ ਸਿਰਫ਼ ਸਿੱਖੀ ਲਈ ਗੌਰਵ ਜਗਾਇਆ, ਸਗੋਂ ਭਾਰਤ ਦੀ ਗੁਲਾਮੀ ਦੇ ਹਨੇਰੇ ਵਿੱਚ ਰਾਸ਼ਟਰੀ ਚੇਤਨਾ ਦੀ ਜੋਤ ਪ੍ਰਜਵਲਿਤ ਕੀਤੀ। ਉਹ ਅਡੋਲ ਹੌਸਲੇ, ਅਟੱਲ ਇਰਾਦੇ ਅਤੇ ਤਿੱਖੀ ਸੋਚ ਦੀ ਜੀਵੰਤ ਮੂਰਤੀ ਸੀ - ਜੋ ਸਿੱਖੀ ਦੀ ਮਾਤਰ ਸ਼ਾਨ ਹੀ ਨਹੀਂ ਸਗੋਂ ਭਾਰਤ ਦੇ ਗੌਰਵ ਦਾ ਪ੍ਰਤੀਕ ਵੀ ਹੈ। ਮਹਾਰਾਣੀ ਜਿੰਦ ਕੌਰ ਦੀ ਸਮਾਧ ਨੂੰ ਕੇਵਲ ਇੱਕ ਇਤਿਹਾਸਕ ਸਥਾਨ ਨਾ ਸਮਝਿਆ ਜਾਵੇ, ਸਗੋਂ ਸਿੱਖ ਕੌਮ ਅਤੇ ਦੇਸ਼ ਦੇ ਨੌਜਵਾਨਾਂ ਲਈ ਪ੍ਰੇਰਣਾਦਾਇਕ ਕੇਂਦਰ ਵਜੋਂ ਵਿਕਸਿਤ ਕੀਤਾ ਜਾਵੇ। ਨਾਸਿਕ ਵਿਖੇ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਵਿਧਾਇਕ ਰਾਹੁਲ ਢਿੱਕਲੇ, ਬਲ ਮਲਕੀਤ ਸਿੰਘ, ਚਰਨਦੀਪ ਸਿੰਘ ਹੈਪੀ, ਜਥੇਦਾਰ ਬਾਬਾ ਰਣਜੀਤ ਸਿੰਘ ਜੀ, ਰਣਜੀਤ ਸਿੰਘ ਆਨੰਦ, ਗੁਰਮੁਖ ਸਿੰਘ, ਮਨਜੀਤ ਸਿੰਘ, ਮਿਲਖਾ ਸਿੰਘ, ਵਚਿਤਰ ਸਿੰਘ, ਬਲਜੀਤ ਸਿੰਘ ਸੇਬਲ, ਇੰਦਰਜੀਤ ਸਿੰਘ ਗਠੌੜੇ, ਕੁਲਵੰਤ ਸਿੰਘ ਬੱਗਾ, ਗੁਰਮੁਖ ਸਿੰਘ ਸੰਧੂ, ਮਨਜੀਤ ਸਿੰਘ ਢਿੱਲੋਂ, ਕਰਮਜੀਤ ਸਿੰਘ ਔਲਖ, ਮਿਲਖਾ ਸਿੰਘ ਹੁੰਦਲ, ਅਮਰੀਕ ਸਿੰਘ ਸੰਧੂ, ਬਿਚਿਤਰ ਸਿੰਘ ਸਮਰਾ, ਸਾਬਕਾ ਵਿਧਾਇਕ ਬਾਲਾ ਸਾਹਿਬ ਸਨਪ, ਐਸ.ਐਨ. ਮਹੇਸ਼ਵਰੀ, ਸਿੰਧੀ ਸਮਾਜ ਤੋਂ ਪਵਨ ਖਟਵਾਨੀ, ਸਿਕਲੀਕਰ ਸਮਾਜ ਤੋਂ ਬਾਦਲ ਸਿੰਘ ਅਤੇ ਰਾਜੇਸ਼ ਸਿੰਘ, ਹਰਨਾਮ ਸਿੰਘ (ਹਿੰਗੋਲੀ), ਸਮਾਜ ਸੇਵਕ ਰਾਮ ਸਿੰਘ ਬਾਵਰੀ, ਉਦਾਸੀ ਜੀ ਡਾ. ਪੰਡਿਤ ਕ੍ਰਿਸ਼ਨ ਤੀਰਥ, ਨਿਖਿਲ ਪਵਾਰ (ਭਾਜਪਾ ਪ੍ਰਧਾਨ ਨਾਸਿਕ) ਅਤੇ ਸੰਦੀਪ ਪੁਜਾਰੀ ਵੀ ਮੌਜੂਦ ਸਨ।

**ਮਹਾਰਾਣੀ ਜਿੰਦ ਕੌਰ ਦੀ ਯਾਦ ਵਿੱਚ ਹਰ ਸਾਲ ਮਾਰਚ ਮਹੀਨੇ ਵਿੱਚ ਗੁਰਮਤਿ ਸਮਾਗਮ ਆਯੋਜਿਤ ਕੀਤਾ ਜਾਵੇਗਾ- ਜਸਪਾਲ ਸਿੰਘ ਸਿੱਧੂ**

# ਅਸ਼ੌਕ ਕੁਮਾਰ ਐਸ ਆਈ ਨੇ ਲੋਕਾਂ ਨੂੰ ਘਰ ਘਰ ਜਾ ਜਾਗਰੂਕ ਕੀਤਾ



**ਧੂਰੀ ( ਰਣਜੀਤ ਸਿੰਘ ਪੇਧਨੀ )** -ਸਿਵਲ ਸਰਜਨ ਡਾ. ਸੰਜੇ ਕਾਮਰਾ ਜੀ ਦੇ ਦਿਸ਼ਾ ਨਿਰਦੇਸ਼ਾ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ, ਡਾਕਟਰ ਰਮਨਦੀਪ ਕੌਰ ਜੀ ਅਤੇ ਐਸ ਐਮ ਓ ਡਾਕਟਰ ਸੁਦੀਪ ਸਿੱਧੂ ਜੀ ਦੀ ਯੋਗ ਅਗਵਾਈ ਅਤੇ ਅਸ਼ੌਕ ਕੁਮਾਰ ਐਸ ਆਈ ਅਤੇ ਗੁਰਜੰਟ ਸਿੰਘ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਆਧੀਨ ਆਉਂਦੇ ਹੈੱਲਥ ਵੈਲਨੈਸ਼ ਸੈਟਰ ਲੱਡਾਂ ਦੇ ਟੀਮ ਮੈਂਬਰ ਜਸਵਿੰਦਰ ਸਿੰਘ ਮ,ਪ,ਹ,ਵ(ਮ) ਵੱਲੋਂ ਗਰਮੀ ਦੇ ਬਚਾਓ ਅਤੇ ਬਿਮਾਰੀਆਂ ਬਾਰੇ ਲੋਕਾਂ ਨੂੰ ਘਰ ਘਰ ਜਾ ਜਾਗਰੂਕ ਕੀਤਾ ਅਤੇ ਡੇਂਗੂ ਦਾ ਲਾਰਵਾ ਲੱਭਣ ਤੇ ਨਸ਼ਟ ਕਰਨ ਲਈ ਗਠਿਤ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਵੈਕਟਰ ਬੌਰਨ ਡਜ਼ੀਜ ਐਕਟੀਵਿਟੀ ਕੀਤੀ ਗਈ।

## ਲੈਂਡ ਪੂਲਿੰਗ ਪਾਲਿਸੀ ਬੀਜੇਪੀ ਕਿਸੇ ਵੀ ਕੀਮਤ 'ਤੇ ਲਾਗੂ ਨਹੀਂ ਹੋਣ ਦੇਵੇਗੀ - ਨੀਲੂ ਮਿੱਤਲ

ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿੱਚ ਲਿਆਂਦੀ ਗਈ ਲੈਂਡ ਪੂਲਿੰਗ ਪਾਲਿਸੀ ਜਿੱਥੇ ਸਾਡੇ ਕਿਸਾਨਾਂ ਦੇ ਹੱਕ ਵਿੱਚ ਨਹੀਂ ਹੈ, ਉਥੇ ਹੀ ਇਹ ਪਾਲਿਸੀ ਸੂਬੇ ਦੀ ਵਿਰੋਧੀ ਹੈ, ਕਿਉਂਕਿ ਪੰਜਾਬ ਦੀ ਆਪ ਸਰਕਾਰ ਕਾਰਪੋਰੇਟ ਘਰਾਣਿਆਂ ਦੇ ਹੱਕ ਵਿੱਚ ਭੁਗਤਕੇ ਭੋਲੇ ਭਾਲੇ ਕਿਸਾਨਾਂ ਦੀਆਂ ਜਮੀਨਾਂ ਹਥਿਆ ਲੈਣਾ ਚਾਹੁੰਦੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬੀਜੇਪੀ ਦੇ ਆਗੂ ਕ੍ਰਿਸਨ ਗੋਪਾਲ ਨੀਲੂ ਮਿੱਤਲ ਨੇ ਕੀਤਾ। ਉਹਨਾਂ ਕਿਹਾ ਕਿ ਅਜਿਹੀ ਪੰਜਾਬ ਸਰਕਾਰ ਵੱਲੋਂ ਲੈਡ ਪੂਲਿੰਗ ਸਕੀਮ ਨੂੰ ਭਾਰਤੀ ਜਨਤਾ ਪਾਰਟੀ ਕਿਸੇ ਹਾਲ ਵਿੱਚ ਲਾਗੂ ਹੋਣ ਨਹੀਂ ਦੇਵੇਗੀ ।ਉਹਨਾਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਸਰਕਾਰ ਪੰਜਾਬ ਦੀ ਭਲਾਈ ਦੇ ਲਈ ਦਿਨ ਰਾਤ ਕੰਮ ਕਰ ਰਹੇ ਹਨ। 2027 ਦੇ ਵਿੱਚ ਪੰਜਾਬ ਦੇ ਲੋਕਾਂ ਨੇ ਮਨ ਬਣਾ ਲਿਆ ਹੈ ਕਿ ਉਹ ਆਮ ਆਦਮੀ ਪਾਰਟੀ ਦੀਆਂ ਲੋਕ ਵਿਰੋਧੀ ਨੀਤੀਆਂ ਤੋਂ ਦੁਖੀ ਹੋ ਕੇ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਲਿਆਉਣਗੇ।

## ਜੋਨ ਪੱਧਰੀ 69ਵੀਆਂ ਗਰਮ ਰੁੱਤ ਸਕੂਲੀ ਖੇਡਾਂ ਵਿੱਚ ਖਿਡਾਰੀਆਂ ਨੇ ਦਿਖਾਏ ਜੌਹਰ







**ਤਲਵੰਡੀ ਸਾਬੋ, 04 ਅਗਸਤ (ਗੁਰਜੰਟ ਸਿੰਘ ਨਥੇਹਾ)**-ਸਕੂਲ ਸਿੱਖਿਆ ਵਿਭਾਗ ਪੰਜਾਬ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਮਮਤਾ ਖੁਰਾਣਾ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਜਸਵੀਰ ਸਿੰਘ ਗਿੱਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਜੋਨਲ ਟੂਰਨਾਮੈਂਟ ਕਮੇਟੀ ਤਲਵੰਡੀ ਸਾਬੋ ਦੇ ਪ੍ਰਧਾਨ ਮੁੱਖ ਅਧਿਆਪਕ ਅਵਤਾਰ ਸਿੰਘ ਲਾਲੇਆਣਾ ਦੀ ਅਗਵਾਈ ਵਿੱਚ 69ਵੀਆਂ ਗਰਮ ਰੁੱਤ ਖੇਡਾਂ ਵਿੱਚ ਬੜੇ ਫਸਵੇਂ ਮੁਕਾਬਲੇ ਹੋ ਰਹੇ ਹਨ। ਇਹਨਾਂ ਮੁਕਾਬਲਿਆਂ ਸਬੰਧੀ ਜਾਣਕਾਰੀ ਦਿੰਦਿਆਂ ਜੋਨਲ ਜਨਰਲ ਸਕੱਤਰ ਗੁਰਜੰਟ ਸਿੰਘ ਡੀਪੀਈ ਚੱਠੇਵਾਲਾ ਨੇ ਦੱਸਿਆ ਕਿ ਅੰਡਰ-14 ਮੁੰਡੇ ਸਰਕਲ ਸਟਾਈਲ ਕਬੱਡੀ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ਼ੇਖਪੁਰਾ ਨੇ ਪਹਿਲਾ, ਦਸਮੇਸ਼ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਸਾਬੋ ਨੇ ਦੂਜਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜਗ੍ਹਾ ਰਾਮਤੀਰਥ ਨੇ ਤੀਜਾ, ਖੋ-ਖੋ ਅੰਡਰ-17 ਲੜਕੇ ਸ੍ਰੀ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਜੋਗੇਵਾਲਾ ਨੇ ਪਹਿਲਾ, ਸ਼ਹੀਦ ਭਗਤ ਸਿੰਘ ਪਬਲਿਕ ਸਕੂਲ ਮਲਕਾਣਾ ਨੇ ਦੂਜਾ, ਖੋ-ਖੋ ਅੰਡਰ-19 ਲੜਕੇ ਸ਼ਹੀਦ ਭਗਤ ਸਿੰਘ ਪਬਲਿਕ ਸਕੂਲ ਮਲਕਾਣਾ ਨੇ ਪਹਿਲਾ, ਸਹਸ ਮਲਕਾਣਾ ਨੇ ਦੂਜਾ। ਗੱਤਕਾ ਫਰੀ ਸੋਟੀ ਅੰਡਰ-17 ਲੜਕੇ ਵਿੱਚ ਸਰਕਾਰੀ ਹਾਈ ਸਕੂਲ ਲਾਲੇਆਣਾ ਨੇ ਪਹਿਲਾ, ਅਕਾਲ ਅਕੈਡਮੀ ਜਗ੍ਹਾ ਰਾਮਤੀਰਥ ਨੇ ਦੂਜਾ, ਸਿੰਗਲ ਸੋਟੀ ਵਿੱਚ ਸਰਕਾਰੀ ਹਾਈ ਸਕੂਲ ਲਾਲੇਆਣਾ ਨੇ ਪਹਿਲਾ, ਸਟਾਰ ਪਲੱਸ ਸਕੂਲ ਨੇ ਦੂਜਾ, ਅੰਡਰ-19 ਫਰੀ ਸੋਟੀ ਮੁੰਡੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜੀਵਨ ਸਿੰਘ ਵਾਲਾ ਨੇ ਪਹਿਲਾ, ਖਾਲਸਾ ਸਕੂਲ ਤਲਵੰਡੀ ਸਾਬੋ ਨੇ ਦੂਜਾ, ਅੰਡਰ-14 ਨੈਸ਼ਨਲ ਸਟਾਈਲ ਕਬੱਡੀ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ਼ੇਖਪੁਰਾ ਨੇ ਪਹਿਲਾ, ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲਹਿਰੀ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਹਨਾਂ ਖੇਡ ਮੁਕਾਬਲਿਆਂ ਵਿੱਚ ਸਰਕਾਰੀ ਹਾਈ ਸਕੂਲ ਲਾਲੇਆਣਾ ਦੇ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਬਿੰਦਰ ਕੌਰ, ਉਪ ਚੇਅਰਮੈਨ ਮਹਾ ਸਿੰਘ, ਸੁਖਮੰਦਰ ਸਿੰਘ, ਸੰਦੀਪ ਸਿੰਘ, ਸੁਖਵਿੰਦਰ ਕੌਰ, ਮਨੀਸ਼ਾ ਰਾਣੀ, ਸੀਮਾ ਕੌਰ (ਸਾਰੇ ਮੈਂਬਰ) ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਮੰਦਰ ਸਿੰਘ ਸਟੇਟ ਐਵਾਰਡੀ, ਜਗਤਾਰ ਸਿੰਘ, ਅਮਨਦੀਪ ਸਿੰਘ, ਗੁਰਤੇਜ ਸਿੰਘ, ਜਗਦੀਪ ਸਿੰਘ, ਹਰਵਿੰਦਰ ਸਿੰਘ ਮੇਲਾ, ਅਰਸ਼ਦੀਪ ਸਿੰਘ ਆਦਿ ਹਾਜ਼ਰ ਸਨ।

ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਵਿਖੇ

# ਪ੍ਰਬੰਧਕੀ ਬਲਾਕ ਦਾ ਉਦਘਾਟਨ



**ਅੰਮ੍ਰਿਤਸਰ, 4 ਅਗਸਤ (ਆਵਾਜ਼ਿ ਕੌਮ ਬਿਊਰੋ)**- ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਵਿਖੇ ਤਿਆਰ ਕਰਵਾਏ ਪ੍ਰਬੰਧਕੀ ਬਲਾਕ ਅਤੇ ਡਿਸਪੈਂਸਰੀ ਦਾ ਉਦਘਾਟਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਪ੍ਰਮੁੱਖ ਸ਼ਖ਼ਸੀਅਤਾਂ ਦੀ ਹਾਜ਼ਰੀ ਵਿਚ ਕੀਤਾ। ਇਸ ਨਵੇਂ ਦਫਤਰ ਦੀ ਤਿਆਰੀ ਦੀ ਸੇਵਾ ਭਾਈ ਗੁਰਇਕਬਾਲ ਸਿੰਘ ਬੀਬੀ ਕੌਲਾਂ ਜੀ ਭਲਾਈ ਕੇਂਦਰ ਵਾਲਿਆਂ ਨੇ ਸੰਗਤ ਦੇ ਸਹਿਯੋਗ ਨਾਲ ਕਰਵਾਈ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਵਿਖੇ ਸੰਗਤਾਂ ਦੀ ਅਥਾਹ ਸ਼ਰਧਾ ਹੈ ਅਤੇ ਇਥੇ ਵੱਡੀ ਗਿਣਤੀ ਵਿਚ ਸੰਗਤ ਦੀ ਆਮਦ ਬਣੀ ਰਹਿੰਦੀ ਹੈ। ਉਨ੍ਹਾਂ ਕਿਹਾ ਕਿ ਸੰਗਤਾਂ ਲੋੜ ਅਨੁਸਾਰ ਪ੍ਰਬੰਧਕਾਂ ਨਾਲ ਸੰਪਰਕ ਕਰ ਸਕਣ ਇਸ ਲਈ ਦਫਤਰ ਦੀ ਜ਼ਰੂਰਤ ਸੀ, ਜਿਸ ਦੀ ਸੇਵਾ ਸ਼੍ਰੋਮਣੀ ਕਮੇਟੀ ਵੱਲੋਂ ਭਾਈ ਗੁਰਇਕਬਾਲ ਸਿੰਘ ਬੀਬੀ ਕੌਲਾਂ ਜੀ ਭਲਾਈ ਕੇਂਦਰ ਵਾਲਿਆਂ ਨੂੰ ਸੌਂਪੀ ਗਈ ਸੀ। ਉਨ੍ਹਾਂ ਕਿਹਾ ਕਿ ਭਾਈ ਗੁਰਇਕਬਾਲ ਸਿੰਘ ਜਿਥੇ ਧਰਮ ਪ੍ਰਚਾਰ ਦੇ ਖੇਤਰ ਵਿੱਚ ਵੱਡੀਆਂ ਸੇਵਾਵਾਂ ਨਿਭਾ ਰਹੇ ਹਨ, ਉਥੇ ਗੁਰੂ-ਘਰ ਦੀਆਂ ਸੇਵਾਵਾਂ ਵਿੱਚ ਵੀ ਵੱਡਾ ਹਿੱਸਾ ਪਾਉਂਦੇ ਹਨ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਇਨ੍ਹਾਂ ਨੇ ਸੰਗਤ ਦੇ ਸਹਿਯੋਗ ਨਾਲ ਕਈ ਸੇਵਾਵਾਂ ਕੀਤੀਆਂ ਹਨ।

ਉਨ੍ਹਾਂ ਭਾਈ ਗੁਰਇਕਬਾਲ ਸਿੰਘ ਵੱਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਵੀ ਕੀਤੀ। ਇਸ ਦੌਰਾਨ ਸ਼੍ਰੋਮਣੀ ਕਮੇਟੀ ਵੱਲੋਂ ਭਾਈ ਗੁਰਇਕਬਾਲ ਸਿੰਘ ਤੇ ਹੋਰ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

ਸਰਬਸੰਮਤੀ ਨਾਲ ਹਰਦੀਪ ਸਿੰਘ ਗਿੱਲ ਨੂੰ ਭਾਜਪਾ ਅੰਮ੍ਰਿਤਸਰ ਦਿਹਾਤੀ ਜ਼ਿਲ੍ਹਾ ਪ੍ਰਧਾਨ ਕੀਤਾ ਗਿਆ ਨਿਯੁਕਤ

# ਚੇਤਨ ਜੋਸ਼ੀ, ਆਨੰਦ ਸ਼ਰਮਾ, ਮਨਜੀਤ ਮੰਨਾ ਨੇ ਕੀਤਾ ਐਲਾਨ







**ਜੰਡਿਆਲਾ ਗੁਰੂ, 4 ਅਗਸਤ ( ਕੁਲਵੰਤ ਸਿੰਘ ਵਿਰਦੀ)**-ਭਾਰਤੀ ਜਨਤਾ ਪਾਰਟੀ ਦੀਆਂ ਜਥੇਬੰਦਕ ਚੋਣਾਂ ਦੌਰਾਨ ਅੱਜ ਭਾਜਪਾ ਅੰਮ੍ਰਿਤਸਰ ਦਿਹਾਤੀ-2 ਦਾ ਸਰਬਸੰਮਤੀ ਨਾਲ ਹਰਦੀਪ ਸਿੰਘ ਗਿੱਲ ਨੂੰ ਜ਼ਿਲ੍ਹਾ ਪ੍ਰਧਾਨ ਚੁਣ ਲਿਆ ਗਿਆ। ਜੰਡਿਆਲਾ ਗੁਰੂ ਦੇ ਇੱਕ ਨਿੱਜੀ ਹੋਟਲ ਵਿਚ ਪੰਜਾਬ ਭਾਜਪਾ ਵੱਲੋਂ ਨਿਯੁਕਤ ਅਬਜਰਵਰ ਚੇਤਨ ਜੋਸ਼ੀ, ਜ਼ਿਲਾ ਚੋਣ ਅਧਿਕਾਰੀ ਆਨੰਦ ਸ਼ਰਮਾ ਨੇ ਪਾਰਟੀ ਫੈਸਲੇ ਦਾ ਪੱਤਰ ਭਾਜਪਾ ਦੇ ਸੀਨੀਅਰ ਆਗੂ ਤੇ ਸਾਬਕਾ ਵਿਧਾਇਕ ਮਨਜੀਤ ਸਿੰਘ ਮੰਨਾ ਨੂੰ ਸੌਂਪਿਆ ਅਤੇ ਮਨਜੀਤ ਸਿੰਘ ਮੰਨਾ ਮੀਆਂਵਿੰਡ ਨੇ ਇਸ ਚੋਣ ਨਤੀਜੇ ਦਾ ਐਲਾਨ ਕੀਤਾ। ਇਸ ਮੌਕੇ 'ਤੇ ਬੋਲਦੇ ਹੋਏ ਚੇਤਨ ਜੋਸ਼ੀ ਅਤੇ ਅਨੰਦ ਸ਼ਰਮਾ ਨੇ ਕਿਹਾ ਕਿ ਪਿਛਲੇ ਦੋ ਮਹੀਨਿਆਂ ਤੋਂ ਉਹਨਾਂ ਨੇ ਪਹਿਲਾਂ ਬੂਥ ਪੱਧਰ ਅਤੇ ਬਾਅਦ ਵਿੱਚ ਸਰਕਲ ਪੱਧਰ ਦੇ ਭਾਜਪਾ ਵਰਕਰਾਂ ਅਹੁਦੇਦਾਰਾਂ ਅਤੇ ਜ਼ਿਲਾ ਪੱਧਰੀ ਅਹੁਦੇਦਾਰਾਂ ਕੋਲੋਂ ਰਾਏ ਲੈਣ ਉਪਰੰਤ ਪਾਰਟੀ ਦੀ ਪੰਜਾਬ ਲੀਡਰਸ਼ਿਪ ਨਾਲ ਸਲਾਹ ਮਸ਼ਵਰਾ ਕਰਨ ਤੋਂ ਬਾਅਦ ਇਹ ਫੈਸਲਾ ਲਿਆ ਹੈ। ਉਹਨਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਹੀ ਇੱਕ ਅਜਿਹੀ ਪਾਰਟੀ ਹੈ ਜਿਸ ਵਿੱਚ ਪਰਿਵਾਰਵਾਦ ਨੂੰ ਕਿਤੇ ਵੀ ਜਗ੍ਹਾ ਨਹੀਂ ਮਿਲਦੀ ਅਤੇ ਇੱਕ ਆਮ ਵਰਕਰ ਨੂੰ ਵੀ ਆਪਣੀ ਮਿਹਨਤ ਦੇ ਬਲਬੂਤੇ ਪਾਰਟੀ ਅੱਗੇ ਵੱਧਣ ਦਾ ਮੌਕਾ ਦਿੰਦੀ ਹੈ। ਉਹਨਾਂ ਆਖਿਆ ਕਿ ਹਰਦੀਪ ਸਿੰਘ ਗਿੱਲ ਪਾਰਟੀ ਦੇ ਜਮੀਨੀ ਪੱਧਰ ਦੇ ਅਣਥੱਕ ਵਰਕਰ ਹਨ ਜਿਨਾਂ ਨੇ ਪਾਰਟੀ ਨੂੰ ਹੇਠਲੇ ਪੱਧਰ ਤੱਕ ਮਜ਼ਬੂਤ ਕਰਨ ਲਈ ਬੜੀ ਮਿਹਨਤ ਕੀਤੀ ਹੈ ਅਤੇ ਪਾਰਟੀ ਨੇ ਪਾਰਟੀ ਲੀਡਰਸ਼ਿਪ ਨੇ ਹਰਦੀਪ ਸਿੰਘ ਗਿੱਲ ਦੀ ਚੋਣ ਕਰਕੇ ਪਾਰਟੀ ਕਾਰਜਕਰਤਾਵਾਂ ਦੀਆਂ ਭਾਵਨਾਵਾਂ ਦੀ ਵੀ ਕਦਰ ਕੀਤੀ ਹੈ। ਇਸ ਮੌਕੇ 'ਤੇ ਬੋਲਦੇ ਹੋਏ ਸਾਬਕਾ ਵਿਧਾਇਕ ਮਨਜੀਤ ਸਿੰਘ ਮੰਨਾ ਨੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਹਰਦੀਪ ਸਿੰਘ ਗਿੱਲ ਦੀ ਜਿਲਾ ਪ੍ਰਧਾਨਗੀ ਦੀ ਚੋਣ ਲਈ ਸਮੂਹ ਵਰਕਰਾਂ ਨੂੰ ਮੁਬਾਰਕਬਾਦ ਦਿੱਤੀ। ਮੰਨਾ ਨੇ ਕਿਹਾ ਕਿ ਉਹ ਅੱਗੇ ਨਾਲੋਂ ਵੀ ਵੱਧ ਮਿਹਨਤ ਕਰਕੇ ਪਾਰਟੀ ਦੀ ਮਜਬੂਤੀ ਲਈ ਹਰਦੀਪ ਸਿੰਘ ਗਿੱਲ ਦਾ ਸਾਥ ਦੇਣਗੇ ਅਤੇ ਇਸ ਖੇਤਰ ਵਿੱਚ ਪਾਰਟੀ ਦਾ ਆਧਾਰ ਵਧਾਉਣ ਲਈ ਹਰ ਸੰਭਵ ਕੋਸ਼ਿਸ਼ ਕਰਨਗੇ। ਇਸ ਮੌਕੇ ਬੋਲਦਿਆਂ ਨਵੇਂ ਚੁਣੇ ਪ੍ਰਧਾਨ ਹਰਦੀਪ ਸਿੰਘ ਗਿੱਲ ਨੇ ਕਿਹਾ ਕਿ ਉਹ ਪਾਰਟੀ ਲੀਡਰਸ਼ਿਪ ਦੇ ਤਹਿ ਦਿਲੋਂ ਧੰਨਵਾਦੀ ਹਨ। ਜਿਨ੍ਹਾਂ ਨੇ ਵਿਸ਼ਵਾਸ ਪ੍ਰਗਟ ਕਰਦੇ ਉਹਨਾਂ ਨੂੰ ਇਹ ਵੱਡੀ ਜਿੰਮੇਵਾਰੀ ਸੌਂਪੀ ਹੈ ਉਹਨਾਂ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਜੇ.ਪੀ. ਨੱਡਾ, ਪੰਜਾਬ ਪ੍ਰਧਾਨ ਸੁਨੀਲ ਜਾਖੜ, ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ, ਸੰਗਠਨ ਮਹਾਂ ਮੰਤਰੀ ਮੰਥਰੀ ਸ੍ਰੀਨਿਵਾਸਲੂ, ਚੋਣ ਅਧਿਕਾਰੀ ਮਨਜੀਤ ਸਿੰਘ ਰਾਏ, ਮਨਜੀਤ ਸਿੰਘ ਮੰਨਾ ਸਾਬਕਾ ਵਿਧਾਇਕ, ਆਨੰਦ ਸ਼ਰਮਾ, ਚੇਤਨ ਜੋਸ਼ੀ ਦਾ ਧੰਨਵਾਦ ਕਰਦਿਆਂ ਪਾਰਟੀ ਦੀ ਤਨਦੇਹੀ ਨਾਲ ਸੇਵਾ ਕਰਨ ਦਾ ਪ੍ਰਣ ਲਿਆ। ਮਨਜੀਤ ਸਿੰਘ ਮੰਨਾ ਨੇ ਇਸ ਮੌਕੇ ਬੋਲਦਿਆਂ ਕਿਹਾ ਕਿ ਭਾਜਪਾ ਦਾ ਪਿੰਡਾਂ ਵਿੱਚ ਆਧਾਰ ਦਿਨੋ ਦਿਨ ਵੱਧ ਰਿਹਾ ਤੇ 2027 ਵਿੱਚ ਪੰਜਾਬ ਦੇ ਲੋਕ ਭਾਰਤੀ ਜਨਤਾ ਪਾਰਟੀ ਨੂੰ ਸੱਤਾ ਸੌਂਪਣ ਦਾ ਮਨ ਬਣਾ ਚੁੱਕੇ ਹਨ। ਉਹਨਾਂ ਕਿਹਾ ਕਿ ਪਿੰਡਾਂ ਵਿੱਚ ਪਾਰਟੀ ਦਾ ਤੇਜ਼ੀ ਨਾਲ ਵਿਸਥਾਰ ਹੋਣ ਨਾਲ ਰਵਾਇਤੀ ਪਾਰਟੀਆਂ ਨੂੰ ਹੱਥਾਂ ਪੈਰਾਂ ਦੀ ਪੈ ਗਈ ਹੈ। ਇਸ ਮੌਕੇ ਵਰਕਰਾਂ ਨੇ ਲੱਡੂ ਵੰਡੇ ਅਤੇ ਭੰਗੜੇ ਪਾ ਕੇ ਆਪਣੀ ਖੁਸ਼ੀ ਦਾ ਇਜ਼ਹਾਰ ਕੀਤਾ। ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਰਾਜੇਸ਼ ਟਾਂਗਰੀ, ਮਨਜੀਤ ਸਿੰਘ ਸੰਧੂ, ਕੇਵਲ ਸਿੰਘ, ਨਰਿੰਦਰ ਸਿੰਘ ਮੁੱਛਲ, ਕਰਮ ਸਿੰਘ ਖਲਚੀਆ, ਸਾਹਿਬ ਸੋ.ਰੀ ਬਿਆਸ, ਕੈਪਟਨ ਜਸਪਾਲ ਸਿੰਘ ਏਕਲਗੱਡਾ, ਸਰਬਰਿੰਦਰ ਸਿੰਘ ਜਲਾਲਾਬਾਦ , ਭੁਪਿੰਦਰ ਸਿੰਘ ਗੋਲਡੀ, ਗੁਰਮੁਖ ਸਿੰਘ ਚਵਿੰਡਾ ਦੇਵੀ, ਜੋਗਾ ਸਿੰਘ ਸਾਰੇ ਮੰਡਲ ਪ੍ਰਧਾਨ ਅੰਮ੍ਰਿਤਸਰ ਦਿਹਾਤੀ, ਉਦੇ ਕੁਮਾਰ ਸਾਬਕਾ ਜਰਨਲ ਸਕੱਤਰ, ਜਗਰੂਪ ਸਿੰਘ ਵਡਾਲੀ, ਗੁਲਜਿੰਦਰ ਸਿੰਘ ਲਾਡੀ ਨੰਬਰਦਾਰ, ਰਾਜਵੀਰ ਸਿੰਘ , ਸਤਬੀਰ ਸਿੰਘ ਫੌਜੀ, ਇੰਦਰ ਸਿੰਘ, ਬਲਕਾਰ ਸਿੰਘ ਬੱਬੂ, ਬਿਕਰਮ ਸਿੰਘ ਫੌਜੀ, ਬਲਜਿੰਦਰ ਸਿੰਘ ਭੰਗਵਾਂ, ਦੀਪਕ ਕੁਮਾਰ, ਭਗਵਾਨ ਦਾਸ, ਬਿੱਟੂ ਲਹੌਰੀਆ, ਕੁੰਨਣ ਸਿੰਘ, ਹੀਰਾ ਸਿੰਘ, ਹਰਜੋਤ ਸਿੰਘ, ਅਮਰਜੀਤ ਕੌਰ ਲਖਬੀਰ ਕੌਰ, ਸੁਖਦੇਵ ਸਿੰਘ, ਬਲਜਿੰਦਰ ਸਿੰਘ ਅਮਰਕੋਟ, ਬਲਜਿੰਦਰ ਸਿੰਘ ਖਾਲਸਾ, ਸੁਰਜੀਤ ਸਿੰਘ ਦੇਵੀਦਾਸਪੁਰਾ, ਬਲਵਿੰਦਰ ਸਿੰਘ ਜੰਡ, ਬਲਜਿੰਦਰ ਸਿੰਘ ਸਾਬਕਾ ਸਰਪੰਚ ਰਸੂਲਪੁਰ, ਸਮਿੱਤਰ ਸਿੰਘ ਕੋਟ ਖਹਿਰਾ ਤੋਂ ਇਲਾਵਾ ਹੋਰ ਵੀ ਭਾਜਪਾ ਵਰਕਰ ਆਦਿ ਹਾਜ਼ਰ ਸਨ!

# ਫੂਡ ਸੇਫਟੀ ਵਿਭਾਗ ਵਲੋ ਗੁਰਦਆਰਾ ਸਾਹਿਬ ਨੇੜੇ ਨਕਲੀ ਦੇਸੀ ਘਿਓ ਵੇਚਣ ਵਾਲਿਆ ਤੇ ਕੀਤੀ ਕਾਰਵਾਈ



**ਚੌਕ ਮਹਿਤਾ, 4 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਣਯੋਗ ਡਿਪਟੀ ਕਮਿਸ਼ਨਰ ਮੈਡਮ ਸਾਕਸ਼ੀ ਸਾਹਨੀ ਦੇ ਨਿਰਦੇਸ਼ਾਂ ਅਨੁਸਾਰ ਗੁਰਦਆਰਾ ਸ਼ਹੀਦਾਂ ਸਾਹਿਬ ਨੇੜੇ ਵੇਚੇ ਜਾਣ ਵਾਲੇ ਦੇਸੀ ਘਿਓ ਦੀ ਗੁਣਵੱਤਾ ਦੀ ਜਾਂਚ ਕਰਨ ਲਈ ਸਹਾਇਕ ਕਮਿਸ਼ਨਰ ਫੂਡ ਸੇਫਟੀ ਰਜਿੰਦਰ ਪਾਲ ਸਿੰਘ ਦੀ ਅਗਵਾਈ ਹੇਠ ਫੂਡ ਸੇਫਟੀ ਟੀਮ ਦੇ ਐਫਐਸਓ ਅਮਨਦੀਪ ਸਿੰਘ ਨਾਲ ਗੁਰਦੁਆਰਾ ਸ਼ਹੀਦਾਂ ਸਾਹਿਬ ਨੇੜੇ ਵੇਚੇ ਜਾਣ ਵਾਲੇ ਦੇਸੀ ਘਿਓ ਵੇਚਣ ਵਾਲਿਆਂ ਦੀਆਂ ਵੱਖ-ਵੱਖ ਦੁਕਾਨਾਂ ਤੇ ਚੈਕਿੰਗ ਕੀਤੀ ਅਤੇ ਦੁਕਾਨਾਂ 'ਤੇ ਵੇਚੇ ਜਾ ਰਹੇ ਘਿਓ ਦੀ ਕੁਆਲਟੀ ਨੂੰ ਯਕੀਨੀ ਬਣਾਇਆ ਅਤੇ ਦੁਕਾਨਦਾਰਾਂ ਨੂੰ ਘਟੀਆ ਘਿਓ ਨਾ ਵੇਚਣ ਦੇ ਨਿਰਦੇਸ਼ ਵੀ ਦਿੱਤੇ ਇਸ ਤੋਂ ਇਲਾਵਾ ਸ਼ਿਕਾਇਤ ਦੇ ਆਧਾਰ 'ਤੇ ਇੱਕ ਡੇਅਰੀ ਅਤੇ ਇੱਕ ਫਾਸਟਫੂਡ ਦੁਕਾਨ ਦੀ ਜਾਂਚ ਕੀਤੀ ਗਈ ਅਤੇ ਟੀਮ ਵੱਲੋਂ ਕੁੱਲ 4 ਸੈਂਪਲ ਲਏ ਗਏ 1 ਦੁੱਧ, 2 ਜੂਸ ਅਤੇ 1 ਸੁੱਕਾ ਮੰਚੂਰੀਅਨ ਆਦਿ ਦੇ ਸੈਂਪਲ ਭਰੇ ਗਏ ਜਿੰਨਾ ਨੂੰ ਜਾਂਚ ਲਈ ਲੈਬ ਵਿੱਚ ਭੇਜ ਦਿੱਤਾ ਗਿਆ ਹੈ

# ਖੇਡਾਂ ਨੂੰ ਮੁੜ ਸੁਰਜੀਤ ਕਰਨਾ ਮਾਨ ਸਰਕਾਰ ਦਾ ਇੱਕ ਇਤਿਹਾਸਕ ਕਦਮ ਹੈ : ਜੱਸੀ ਸੇਖੋਂ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੀਆਂ ਰਵਾਇਤੀ ਪੇਂਡੂ ਖੇਡਾਂ ਨੂੰ ਮੁੜ ਸੁਰਜੀਤ ਕਰਨ ਅਤੇ ਉਤਸ਼ਾਹਿਤ ਕਰਨ ਲਈ ਮੁੱਖ ਮੰਤਰੀ ਭਗਵੰਤ ਮਾਨ ਦੀ ਪ੍ਰਸ਼ੰਸਾ ਅਤੇ ਧੰਨਵਾਦ ਕਰਦਿਆਂ ਆਮ ਆਦਮੀ ਪਾਰਟੀ ਪੰਜਾਬ ਦੇ ਸੀਨੀਅਰ ਆਗੂ ਜਸਵੀਰ ਸਿੰਘ ਜੱਸੀ ਸੇਖੋਂ ਮੈਂਬਰ ਫੂਡ ਕਮਿਸ਼ਨ ਪੰਜਾਬ ਨੇ ਕਿਹਾ ਕਿ ਬਲਦਾਂ ਦੀ ਦੌੜ, ਮੱਝਾਂ ਦੇ ਮੁਕਾਬਲੇ ਅਤੇ ਹੋਰ ਬਹੁਤ ਸਾਰੀਆਂ ਖੇਡਾਂ ਆਦਿ ਸਿਰਫ਼ ਮਨੋਰੰਜਨ ਹੀ ਨਹੀਂ ਹਨ। ਪੰਜਾਬ ਦੇ ਜ਼ਿਮੀਂਦਾਰ ਬਲਦਾਂ ਨੂੰ ਆਪਣੇ ਪੁੱਤਰਾਂ ਵਾਂਗ ਪਾਲਦੇ ਹਨ। ਇਹ ਬਲਦ ਨਾ ਸਿਰਫ਼ ਖੇਤਾਂ ਵਿੱਚ ਮਦਦ ਕਰਦੇ ਹਨ ਸਗੋਂ ਪਰਿਵਾਰ ਦਾ ਹਿੱਸਾ ਵੀ ਹਨ। ਇਨ੍ਹਾਂ ਦੀ ਦੇਖਭਾਲ, ਖੁਆਉਣਾ, ਮਾਲਿਸ਼ ਅਤੇ ਰੋਜ਼ਾਨਾ ਸੇਵਾ ਇੱਕ ਸਤਿਕਾਰਯੋਗ ਰਿਸ਼ਤੇ ਦੀ ਉਦਾਹਰਣ ਹੈ, ਜੋ ਮਨੁੱਖਾਂ ਅਤੇ ਜਾਨਵਰਾਂ ਵਿਚਕਾਰ ਭਾਵਨਾਤਮਕ ਬੰਧਨ ਨੂੰ ਦਰਸਾਉਂਦੀ ਹੈ। ਇਹ ਬਲਦਾਂ ਦੀਆਂ ਦੌੜਾਂ ਕਿਲਾ ਰਾਏਪੁਰ ਦੀਆਂ ਮਸ਼ਹੂਰ ਖੇਡਾਂ ਦਾ ਮੁੱਖ ਆਕਰਸ਼ਣ ਹਨ, ਜਿਨ੍ਹਾਂ ਨੂੰ ਮਿੰਨੀ ਓਲੰਪਿਕ ਵਜੋਂ ਜਾਣਿਆ ਜਾਂਦਾ ਹੈ। ਉਨ੍ਹਾਂ ਕਿਹਾ ਹੈ ਇਨ੍ਹਾਂ ਖੇਡਾਂ ਵਿੱਚ ਬਲਦਾਂ ਦੀ ਦੌੜ, ਊਠ ਦੌੜ, ਕੁੱਤਿਆਂ ਦੀ ਦੌੜ (ਖਾਸ ਕਰਕੇ ਸ਼ੁੱਧ ਨਸਲ ਦੇ ਕੁੱਤੇ), ਕੁੱਕੜਾਂ ਦੀ ਲੜਾਈ, ਕਬੂਤਰ ਉਡਾਣ, ਮੱਝਾਂ ਦੀ ਤਾਕਤ ਪਰਖ ਮੁਕਾਬਲੇ ਵਰਗੇ ਹੋਰ ਬਹੁਤ ਸਾਰੇ ਵਿਲੱਖਣ ਮੁਕਾਬਲੇ ਸ਼ਾਮਲ ਹਨ। ਉਨ੍ਹਾਂ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਇਹ ਰਵਾਇਤੀ ਖੇਡਾਂ ਤਿਉਹਾਰਾਂ ਜਾਂ ਮੇਲਿਆਂ ਤੱਕ ਸੀਮਤ ਨਾ ਰਹਿਣੀਆਂ ਚਾਹੀਦੀਆਂ ਸਗੋਂ ਸਰਕਾਰੀ ਸਹਾਇਤਾ, ਪੁਰਸਕਾਰ ਯੋਜਨਾਵਾਂ ਅਤੇ ਪ੍ਰਚਾਰ ਰਾਹੀਂ ਨਵੀਂ ਪੀੜ੍ਹੀ ਤੱਕ ਪਹੁੰਚਣੀਆਂ ਚਾਹੀਦੀਆਂ ਹਨ। ਇਸ ਨਾਲ ਨੌਜਵਾਨ ਨਸ਼ੇ ਤੋਂ ਦੂਰ ਰਹਿਣਗੇ ਅਤੇ ਆਪਣੇ ਸੱਭਿਆਚਾਰ ਨਾਲ ਜੁੜੇ ਰਹਿਣਗੇ। ਉਨ੍ਹਾਂ ਕਿਹਾ ਕਿ ਬੈਲ ਗੱਡੀਆਂ ਦੀ ਦੌੜ 'ਤੇ ਪਾਬੰਦੀ ਨੇ ਨਾ ਸਿਰਫ਼ ਰਵਾਇਤੀ ਖੇਡਾਂ ਦੇ ਪ੍ਰੇਮੀਆਂ ਦਾ ਮਨੋਬਲ ਡੇਗਿਆ ਹੈ, ਸਗੋਂ ਸਾਡੀ ਵਿਰਾਸਤ ਨੂੰ ਵੀ ਠੇਸ ਪਹੁੰਚਾਈ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਕਾਨੂੰਨ ਨਾ ਸਿਰਫ਼ ਪੰਜਾਬ ਵਿੱਚ ਦੇਸੀ ਜਾਨਵਰਾਂ ਦੀਆਂ ਨਸਲਾਂ ਦੀ ਸੰਭਾਲ ਵਿੱਚ ਮਦਦ ਕਰੇਗਾ, ਸਗੋਂ ਬੈਲ ਗੱਡੀਆਂ ਦੀ ਦੌੜ ਨੂੰ ਮੁੜ ਸ਼ੁਰੂ ਕਰਨ ਦਾ ਰਾਹ ਵੀ ਪੱਧਰਾ ਕਰੇਗਾ। ਉਨ੍ਹਾਂ ਕਿਹਾ ਕਿ ਹੁਣ ਇਹ ਕਾਨੂੰਨ ਭਾਰਤ ਦੇ ਰਾਸ਼ਟਰਪਤੀ ਦੀ ਪ੍ਰਵਾਨਗੀ ਦੀ ਉਡੀਕ ਕਰ ਰਿਹਾ ਹੈ, ਜਿਸ ਤੋਂ ਬਾਅਦ ਦੌੜਾਂ ਨੂੰ ਅਧਿਕਾਰਤ ਤੌਰ 'ਤੇ ਦੁਬਾਰਾ ਆਯੋਜਿਤ ਕੀਤਾ ਜਾ ਸਕਦਾ ਹੈ।

# ਨਸ਼ਾ ਰੋਕੂ ਪਾਠ ਸਕੂਲੀ ਸਿਲੇਬਸ 'ਚ ਸਾਮਿਲ ਕਰਨਾ ਮਾਨ ਸਰਕਾਰ ਦਾ ਫੈਸਲਾ ਸਲਾਘਾਯੋਗ : ਚੇਅਰਮੈਨ ਘੁੱਲੀ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ 'ਚ ਇਕ ਨਵਾਂ ਕਦਮ ਚੁੱਕਦੇ ਹੋਏ ਹੁਣ ਸਕੂਲੀ ਸਿਲੇਬਸ ਰਾਹੀਂ ਵੀ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਨਵੇਂ ਸਿਲੇਬਸ ਰਾਹੀਂ ਨਿੱਕੀ ਉਮਰ ਤੋਂ ਹੀ ਬੱਚਿਆਂ ਨੂੰ ਇਹ ਸੂਝ ਦਿੱਤੀ ਜਾਵੇਗੀ ਕਿ ਨਸ਼ਾ ਇਕ ਤਬਾਹੀ ਵੱਲ ਲਿਜਾਣ ਵਾਲਾ ਰਸਤਾ ਹੈ ਅਤੇ ਇਸ ਤੋਂ ਦੂਰ ਰਹਿਣਾ ਚਾਹੀਦਾ ਹੈ। ਨਸ਼ਿਆਂ ਵਿਰੁੱਧ ਯੁੱਧ ਪੜ੍ਹਾਈ ਨਾਲ ਜਿੱਤਿਆ ਜਾ ਸਕਦਾ ਹੈ। ਸਕੂਲਾਂ 'ਚ ਨਸ਼ਾ ਰੋਕਥਾਮ ਦੇ ਅਭਿਆਨ ਬੱਚਿਆਂ ਨੂੰ

ਨਸ਼ਿਆਂ ਤੋਂ ਬਚਾਉਣ ਅਤੇ ਉਨ੍ਹਾਂ ਦਾ ਭਵਿੱਖ ਸਵਾਰਨ ਦਾ ਸਭ ਤੋਂ ਵਧੀਆ ਵਧੀਆ ਤਰੀਕਾ ਹੈ । ਇਹ ਨਸ਼ਾ ਰੋਕੂ ਪਾਠ ਨੌਵੀ ਕਲਾਸ ਤੋਂ ਲੈ ਕੇ ਬਾਰਵੀਂ ਕਲਾਸ ਤੱਕ ਦੇ ਸਿਲੇਬਸ ਵਿੱਚ ਸ਼ਾਮਿਲ ਕੀਤਾ ਜਾ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਫਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦਾ ਇਹ ਫੈਸਲਾ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਵਿੱਚ ਮੀਲ ਦਾ ਪੱਥਰ ਸਾਬਤ ਹੋਵੇਗਾ। ਵਿਦਿਆਰਥੀਆਂ ਨੂੰ ਨਿੱਕੀ ਉਮਰ ਤੋਂ ਹੀ ਸਹੀ ਦਿਸ਼ਾ ਵਿਚ ਸੂਝ ਦੇਣੀ ਬਹੁਤ ਜ਼ਰੂਰੀ ਹੈ ਅਤੇ ਮਾਨ ਸਰਕਾਰ ਦਾ ਇਹ ਕਦਮ ਕਾਬਿਲ-ਏ-ਤਾਰੀਫ ਹੈ। ਨਸ਼ਿਆਂ ਵਿਰੁੱਧ ਇਹ ਜੰਗ ਸਿਰਫ਼ ਸਰਕਾਰ ਦੀ ਨਹੀਂ, ਸਗੋਂ ਹਰ ਇਕ ਨਾਗਰਿਕ ਦੀ ਵੀ ਜ਼ਿੰਮੇਵਾਰੀ ਹੈ। ਇਸ ਅਭਿਆਨ ਵਿੱਚ ਹਰੇਕ ਵਿਅਕਤੀ ਦੀ ਭਾਗੀਦਾਰੀ ਨਸ਼ਾ ਮੁਕਤ ਪੰਜਾਬ ਦੀ ਨੀਵ ਰੱਖੇਗੀ।

### ਜ਼ਮੀਨਾਂ ਨੂੰ ਲੁੱਟਣ ਦੀ ਮਨਸ਼ਾ ਹਿੱਤ ਕੇਜਰੀਵਾਲ ਵੱਲੋਂ ਲਿਆਂਦੀ ਗਈ ਪਾਲਿਸੀ ਵਿਰੁੱਧ

# ਅਕਾਲੀ ਦਲ ਵੱਲੋਂ ਵਿਸ਼ਾਲ ਇਕੱਠ











**ਬਠਿੰਡਾ, 4 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਦੀਆਂ ਜ਼ਰਖੇਜ਼ ਜ਼ਮੀਨਾਂ ਨੂੰ ਲੁੱਟਣ ਦੀ ਮਨਸ਼ਾ ਹਿੱਤ ਕੇਜਰੀਵਾਲ ਵੱਲੋਂ ਲਿਆਂਦੀ ਗਈ "Land Grabbing Scheme" ਖਿਲਾਫ਼ ਅੱਜ ਬਠਿੰਡਾ ਵਿਖੇ ਪਾਰਟੀ ਪ੍ਰਧਾਨ ਸ.ਸੁਖਬੀਰ ਸਿੰਘ ਬਾਦਲ ਜੀ ਦੀ ਅਗਵਾਈ ਹੇਠ ਲੱਗੇ ਧਰਨੇ ਵਿੱਚ ਬਹੁਤ ਵੱਡੀ ਗਿਣਤੀ ਵਿੱਚ ਕਿਸਾਨਾਂ ਅਤੇ ਜੁਝਾਰੂ ਅਕਾਲੀ ਵਰਕਰਾਂ ਨੇ ਸ਼ਮੂਲੀਅਤ ਕੀਤੀ ।

ਸ਼੍ਰੋਮਣੀ ਅਕਾਲੀ ਦਲ ਦੇ ਵਰਕਰ ਅਤੇ ਕਿਸਾਨ ਵੱਡੇ-ਵੱਡੇ ਕਾਫ਼ਲਿਆਂ ਦੇ ਰੂਪ ਵਿੱਚ ਪਿੰਡਾਂ 'ਚੋਂ ਧਰਨੇ ਵਿੱਚ ਹਾਜ਼ਰੀ ਭਰਨ ਲਈ ਪਹੁੰਚੇ ।

ਪੰਜਾਬੀਆਂ ਦੇ ਵਿਸ਼ਾਲ ਇਕੱਠ ਨੇ ਅੱਜ ਇਸ ਗੱਲ 'ਤੇ ਪੱਕੀ ਮੋਹਰ ਲਗਾ ਦਿੱਤੀ ਕਿ ਪੰਜਾਬ ਦਾ ਬੱਚਾ-ਬੱਚਾ ਆਪ ਸਰਕਾਰ ਦੇ ਲੋਟੂ ਟੋਲੇ ਦੀ ਅਸਲੀਅਤ ਜਾਣ ਚੁੱਕਿਆ ਹੈ, 2027 'ਚ ਹੋਣ ਵਾਲੀਆਂ ਚੋਣਾਂ ਵਿੱਚ ਪੰਜਾਬ ਦੇ ਲੋਕ ਇਹਨਾਂ ਨੂੰ ਸਬਕ ਸਿਖਾ ਕੇ ਹਟਣਗੇ ।ਸ.ਸੁਖਬੀਰ ਸਿੰਘ ਬਾਦਲ ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਨੇ ਕਿਹਾ ਕਿ ਉਹ ਸਮੂਹ ਪੰਜਾਬੀਆਂ ਨਾਲ ਵਾਅਦਾ ਕਰਦੇ ਹਨ ਕਿ ਅਸੀਂ ਕਿਸੇ ਕੀਮਤ 'ਤੇ ਵੀ ਪੰਜਾਬ ਦੀ ਜ਼ਮੀਨ ਦੀ ਲੁੱਟ ਨਹੀਂ ਹੋਣ ਦੇਵਾਂਗੇ, ਅਸੀਂ ਹਰ ਹਾਲ 'ਆਪ ਸਰਕਾਰ' ਦੀ ਕਿਸਾਨੀ ਅਤੇ ਜ਼ਮੀਨਾਂ ਦੀ ਲੁੱਟ ਵਾਲੀ ਇਹ ਸਕੀਮ ਰੱਦ ਕਰਵਾ ਕੇ ਹਟਾਂਗੇ । ਸ. ਬਾਦਲ ਨੇ ਧਰਨੇ ਵਿੱਚ ਪਹੁੰਚੀ ਸੰਗਤ ਅਤੇ ਸਮੁੱਚੀ ਅਕਾਲੀ ਲੀਡਰਸ਼ਿਪ ਦਾ ਧੰਨਵਾਦ ਕੀਤਾ ਜਿੰਨ੍ਹਾਂ ਆਪ ਸਰਕਾਰ ਖਿਲਾਫ਼ ਇਹ ਵੱਡੀ ਲਾਮਬੰਦੀ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖ ਲੜਕੀ ਨੂੰ ਕਕਾਰਾਂ ਕਰਕੇ ਇਮਤਿਹਾਨ ਵਿੱਚ ਬੈਠਣ ਤੋਂ ਰੋਕਣਾ ਗੁਲਾਮੀ ਦੀ ਨਿਸ਼ਾਨੀ



ਬੀਬਾ ਗੁਰਪ੍ਰੀਤ ਕੌਰ ਖਾਲਸਾ ਤਰਨ ਤਾਰਨ ਸਾਹਿਬ ਨੂੰ ਰਾਜਸਥਾਨ ਦੇ ਇੱਕ ਪ੍ਰੀਖਿਆ ਕੇਂਦਰ ਵਲੋਂ ਜੱਜ ਬਣਨ ਦੇ ਹੋ ਰਹੇ ਇਮਤਿਹਾਨ ਵਿੱਚ ਬੈਠਣ ਤੋਂ ਏਸ ਕਰਕੇ ਰੋਕ ਦਿੱਤਾ ਗਿਆ ਕਿ ਓਸ ਨੇ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਬਖਸ਼ੇ ਹੋਏ ਕਕਾਰ ਪਹਿਨੇ ਹੋਏ ਸਨ ! ਹਿਟਲਰੀ ਹੁਕਮ ਇਹ ਹੋਇਆ ਕਿ ਇਮਤਿਹਾਨ ਦੇਣਾ ਹੈ ਤਾਂ ਸ੍ਰੀ ਸਾਹਿਬ ਅਤੇ ਕੜਾ ਉੱਤਾਰਨੇ ਪੈਣਗੇ !ਪਰ ਸਿੱਖ ਬੱਚੀ ਗੁਰਪ੍ਰੀਤ ਕੌਰ ਨੂੰ ਕਕਾਰਾਂ ਦੀ ਮਹੱਤਤਾ ਵਾਰੇ ਪੂਰਾ ਪਤਾ ਸੀ ਅਤੇ ਉੱਸ ਨੇ ਇਸ ਗੱਲ ਦਾ ਵਿਰੋਧ ਕੀਤਾ ਅਤੇ ਮਹੌਲ ਗਰਮ ਹੋ ਗਿਆ!ਹੁਣ ਜਿਹੜਾ ਬੱਚਾ ਜਾਂ ਬੱਚੀ ਜੱਜ ਬਣਨ ਲਈ ਇਮਤਿਹਾਨ ਦੇ ਰਿਹਾ ਹੈ ਉੱਸ ਨੂੰ ਕਨੂੰਨਾਂ ਵਾਰੇ ਜਾਣਕਾਰੀ ਹੋਣਾਂ ਤਾਂ ਸੱਭਾਵਿਕ ਹੀ ਹੈ !ਪਰ ਜਿਸ ਦੇਸ਼ ਦੀ ਸਰਕਾਰ ਨੇ ਧਾਰਿਆ ਹੀ ਹੋਇਆ ਹੈ ਕਿ ਸਿੱਖਾਂ ਨਾਲ ਧੱਕਾ ਕਰਨਾ ਹੀ ਕਰਨਾ ਹੈ ਅਤੇ ਪੈਰ ਪੈਰ ਤੇ ਇੱਕ ਸਿੱਖ ਨਾਲ ਧੱਕਾ ਕਰਕੇ ਪੂਰੀ ਦੀ ਪੂਰੀ ਸਿੱਖ ਕੌਮ ਨੂੰ ਗੁਲਾਮੀ ਦਾ ਅਹਿਸਾਸ ਕਰਵਾਉਣਾ ਹੈ ਫਿਰ ਕਾਨੂੰਨਾਂ ਵਾਰੇ ਜਾਣਕਾਰੀ ਹੋਣਾ ਜਾਂ ਨਾ ਹੋਣਾ ਤਾਂ ਕੋਈ ਮਾਇਨੇ ਹੀ ਨਹੀਂ ਰਖਵਾਉਂਦਾ !ਇਸ ਕਰਕੇ ਗੁਰਸਿੱਖ ਬੱਚੀ ਗੁਰਪ੍ਰੀਤ ਕੌਰ ਨੇ ਅਠਾਰਵੀਂ ਸਦੀ ਦੇ ਸਿੱਖਾਂ ਵਾਂਗ ਨਵਾਬੀ ਨੂੰ ਜਾਣੀ ਜੱਜ ਦੀ ਨੌਕਰੀ ਨੂੰ ਠੋਕਰ ਮਾਰ ਕੇ ਗੁਰੂ ਜੀ ਦੀ ਸਿੱਖੀ ਨੂੰ ਪਹਿਲ ਦਿੰਦਿਆਂ ਇਮਤਿਹਾਨ ਛੱਡ ਦਿੱਤਾ !ਇਹ ਖਬਰ ਸ਼ੋਸ਼ਲ ਮੀਡੀਆ ਰਾਹੀਂ ਪੂਰੇ ਸੰਸਾਰ ਵਿੱਚ ਪਹੁੰਚ ਗਈ ਹੈ !ਬੀਬਾ ਗੁਰਪ੍ਰੀਤ ਕੌਰ ਦਾ ਪੂਰੀ ਦੁਨੀਆਂ ਵਿੱਚ ਸਤਿਕਾਰ ਕੀਤਾ ਜਾ ਰਿਹਾ ਹੈ !ਸੁਣਨ ਵਿੱਚ ਇਹ ਵੀ ਆਇਆ ਹੈ ਕਿ ਕਈ ਸਿੱਖ ਬੱਚੇ ਬੱਚੀਆਂ ਕਕਾਰ ਉੱਤਾਰ ਕੇ ਇਮਤਿਹਾਨ ਦੇਣ ਗਏ ਵੀ ਹਨ !ਇਸ ਤੋਂ ਬਾਅਦ ਪੂਰੇ ਭਾਰਤ ਵਿੱਚੋਂ ਇਸ ਤਰ੍ਹਾਂ ਦੀਆਂ ਕਈ ਵੀਡੀਓ ਸਾਹਮਣੇ ਆਈਆਂ ਹਨ ਹੋਰ ਵੀ ਜਿਹੜੇ ਸਿੱਖਾਂ ਨਾਲ ਇਸ ਤਰ੍ਹਾਂ ਦੇ ਦੁਖਾਂਤ ਵਾਪਰੇ ਹਨ !ਅਸੀਂ ਏਸ ਘਟਨਾ ਦੀ ਸਿੱਖ ਏਡ ਸੇਵਾ ਸੁਸਾਇਟੀ ਅਸਟਰੀਆ ਵਲੋਂ ਸਖਤ ਨਿੰਦਾ ਕਰਦੇ ਹਾਂ ਅਤੇ ਪੂਰੀ ਦੁਨੀਆਂ ਵਿੱਚ ਵਸਦੀ ਸਿੱਖ ਕੌਮ ਨੂੰ ਏਹ ਸੁਨੇਹਾ ਵੀ ਦੇਣਾ ਚਾਹੁੰਦੇ ਕਿ ਭਾਈ ਸਿੱਖੋ ਛੋਟੀਆਂ ਮੋਟੀਆਂ ਲੜਾਈਆਂ ਛੱਡ ਕੇ ਆਪਾਂ ਹੁਣ ਸਿੱਧੀ ਆਪਣਾ ਆਜ਼ਾਦ ਦੇਸ਼ ਖਾਲਿਸਤਾਨ ਬਣਾਉਣ ਦੀ ਲੜਾਈ ਲੜੀਏ ਅਤੇ ਇਸ ਉੱਤੇ ਹੀ ਫੋਕਸ ਕਰੀਏ !ਹੁਣ ਜਥੇਬੰਦੀਆਂ ਧੜੇਬੰਦੀਆਂ ਪ੍ਰਧਾਨਗੀਆਂ ਚੌਧਰਾਂ ਧੜਿਆਂ ਤੋਂ ਉੱਪਰ ਉੱਠ ਕੇ ਇਕਜੁੱਟ ਹੋ ਕੇ ਹੰਭਲਾ ਮਾਰਨ ਦਾ ਸਮਾਂ ਆ ਗਿਆ ਹੈ ਨਹੀ ਤਾਂ ਹਿੰਦੋਸਤਾਨ ਤੁਹਾਡਾ ਸਭ ਕੁੱਝ ਬਰਬਾਦ ਕਰ ਦੇਵੇਗਾ! ਅੱਜ ਦੁਨੀਆਂ ਦੇ ਵੱਡੇ ਮੁਲਕ ਸਰਪੰਚ ਅਮਰੀਕਾ ਪੰਚ ਇੰਗਲੈਂਡ ਅਤੇ ਯੂਰਪੀਅਨ ਯੂਨੀਅਨ ਵਰਗੀਆਂ ਤਾਕਤਾਂ ਤੁਹਾਡੀ ਪਿੱਠ ਤੇ ਆ ਕੇ ਖੜ੍ਹ ਗਈਆਂ ਹਨ ! ਇਸ ਕਰਕੇ ਲੰਗਰਾਂ ਕਮੇਟੀਆਂ ਪਕੌੜਿਆਂ ਗਲ੍ਹੀਆਂ ਨਾਲੀਆਂ ਪੰਚੀਆਂ ਸਰਪੰਚੀਆਂ ਮੰਤਰੀਆਂ ਸੰਤਰੀਆਂ ਦੀਆਂ ਲੜਾਈਆਂ ਛੱਡ ਕੇ ਪ੍ਰਭੂ ਸੱਤਾ ਸੰਪੰਨ ਆਜ਼ਾਦ ਖਾਲਸਾ ਰਾਜ ਭਾਵ ਕੇ ਖਾਲਿਸਤਾਨ ਦੀ ਸਥਾਪਤੀ ਲਈ ਕਮਰਕੱਸੇ ਕਰੋ !ਤਾਂ ਸਾਡਾ ਬਚਾਅ ਹੈ ਨਹੀਂ ਤਾਂ ਬਰਬਾਦੀ ਹੋਵੇਗੀ!

ਆਵਾਜ਼ਿ ਕੌਮ AWAZE QAUM International Newspaper & WEB TV



**- ਹਰਪ੍ਰੀਤ ਸਿੰਘ ਪੰਮਾ ਅਸਟਰੀਆ**

# ਭਾਈ ਧਰਮ ਸਿੰਘ ਏਕਲਗੱਡਾ ਨੂੰ ਸੁਖਬੀਰ ਬਾਦਲ ਉੱਪਰ ਕਥਿਤ ਗੋਲੀ ਦੇ ਕੇਸ ਵਿੱਚੋਂ ਮਿਲੀ ਜ਼ਮਾਨਤ



# ਖ਼ਾਲਸਾ ਕਾਲਜ, ਚੋਹਲਾ ਸਾਹਿਬ ਵਿਖੇ ਖੇਤੀਬਾੜੀ ਵਿੱਚ ਰੁਜ਼ਗਾਰ ਦੇ ਵਸੀਲੇ ਵਿਸ਼ੇ ਤੇ ਲੈਕਚਰ ਦਾ ਆਯੋਜਨ

**ਚੋਹਲਾ ਸਾਹਿਬ 4 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮਾਣਯੋਗ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ੍ਰ.ਸੁਖਮਿੰਦਰ ਸਿੰਘ ਜੀ ਸਕੱਤਰ ਵਿੱਦਿਆ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਡਾ. ਹਰਮਨਦੀਪ ਸਿੰਘ ਜੀ ਦੀ ਅਗਵਾਈ ਅਧੀਨ ਚੱਲ ਰਹੇ ਗੁਰੂ ਅਰਜਨ ਦੇਵ ਖਾਲਸਾ ਕਾਲਜ ਚੋਹਲਾ ਸਾਹਿਬ ਵਿਖੇ ਕਿਸਾਨੀ ਇੱਕ ਉੱਤਮ ਕ੍ਰਿਤ ਅਤੇ ਰੁਜ਼ਗਾਰ ਵਿਸ਼ੇ ਤੇ ਵਿਦਿਆਰਥੀਆ ਨਾਲ ਵਿਚਾਰ ਸਾਂਝੇ ਕਰਨ ਹਿਤ ਗੁਰੂ ਨਾਨਕ ਦੇਵ ਯੂਨੀਵਰਸਿਟੀ, ਸ੍ਰੀ ਅੰਮ੍ਰਿਤਸਰ ਦੇ ਐਗਰੀਕਲਚਰ ਵਿਭਾਗ ਤੋਂ ਡਾ. ਅਰਮਿੰਦਰ ਸਿੰਘ ਰਿਆੜ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਵਿਚ ਕਾਲਜ ਪ੍ਰਿੰਸੀਪਲ ਨੇ ਡਾ. ਰਿਆੜ ਨੂੰ ਫੁੱਲਾਂ ਦਾ ਗੁਲਦਸਤਾ ਭੇਂਟ ਕਰਦਿਆਂ ਸਵਾਗਤ ਕੀਤਾ ਅਤੇ ਜੀ ਆਇਆਂ ਕਿਹਾ।

ਡਾ. ਰਿਆੜ ਨੇ ਖੇਤੀ ਨੂੰ ਉੱਤਮ ਸੰਸਾਦਨ ਦੱਸਦਿਆਂ ਵਿਦਿਆਰਥੀਆਂ ਨੂੰ ਇਸ ਕਿੱਤੇ ਨਾਲ ਨਿਆਂ ਕਰਨ ਦੇ ਨਾਲ-ਨਾਲ ਵਾਤਾਵਰਨ ਪ੍ਰਤੀ ਚਿੰਤਨ ਰਹਿਣ ਲਈ ਪ੍ਰੇਰਿਤ ਕੀਤਾ। ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਅਤੇ ਸੰਜੀਦਗੀ ਨਾਲ ਲੈਕਚਰ ਵਿਚ ਸ਼ਮੂਲੀਅਤ ਕੀਤੀ। ਵਿਦਿਆਰਥੀਆਂ ਨੇ ਕਿਸਾਨੀ ਨੂੰ ਲੈ ਕੇ ਆਪਣੇ ਵੱਖ-ਵੱਖ ਸ਼ੰਕਿਆ ਪ੍ਰਤੀ ਸਵਾਲਾਂ ਵੀ ਕੀਤੇ ਕੀਤਾ। ਡਾ. ਰਿਆੜ ਨੇ ਵਿਦਿਆਰਥੀਆਂ ਦੇ ਸ਼ੰਕਿਆ ਦਾ ਬੜੇ ਹੀ ਸਹਿਜ ਅਤੇ ਸਰਲ ਸ਼ਬਦਾਂ ਵਿਚ ਉੱਤਰ ਦਿੱਤਾ। ਅੰਤ ਵਿਚ ਕਾਲਜ ਦੇ ਪ੍ਰਿੰਸੀਪਲ ਡਾ. ਹਰਮਨਦੀਪ ਸਿੰਘ ਨੇ ਡਾ. ਅਮਰਿੰਦਰ ਸਿੰਘ ਰਿਆੜ ਦਾ ਕਾਲਜ ਆਉਣ ਤੇ ਧੰਨਵਾਦ ਕਰਦਿਆਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਕਾਲਜ ਦਾ ਸਮੂਹ ਸਟਾਫ ਹਾਜਰ ਸੀ।

### ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭੇਜੀ ਹੋਈ ਟੀਮ ਨੇ

# ਮੁੰਬਈ, ਸੂਰਤ, ਗੁਜਰਾਤ ਵਿਖੇ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕਾਂ ਨਾਲ ਮੀਟਿੰਗ ਕੀਤੀ

## ਪ੍ਰਬੰਧਕਾਂ ਵੱਲੋਂ ਇਸ ਵਿਸ਼ਾਨ ਨਗਰ ਕੀਰਤਨ ਦੌਰਾਨ ਸੰਪੂਰਨ ਸਹਿਯੋਗ ਦਾ ਵਿਸ਼ਵਾਸ ਦਿਵਾਇਆ ਗਿਆ












ਆਵਾਜ਼ਿ ਕੌਮ AWAZE QAUM International Newspaper & WEB TV



ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਦਿਵਸ ਸੰਬੰਧੀ ਗੁਰਦੁਆਰਾ ਧੋਬੜੀ ਸਾਹਿਬ, ਅਸਾਮ ਤੋਂ ਗੁਰਦੁਆਰਾ ਸੀਸਗੰਜ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਤੱਕ ਵਿਸ਼ਾਲ ਨਗਰ ਕੀਰਤਨ ਸਜਾਇਆ ਜਾ ਰਿਹਾ ਹੈ। ਇਸ ਸੰਬੰਧ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭੇਜੀ ਹੋਈ ਟੀਮ ਭਾਈ ਜਗਦੇਵ ਸਿੰਘ ਹੈੱਡ ਪ੍ਰਚਾਰਕ, ਭਾਈ ਬਲਦੇਵ ਸਿੰਘ ਓਗਰਾ ਇੰਚਾਰਜ ਸਿੱਖ ਮਿਸ਼ਨ ਮੱਧ ਪ੍ਰਦੇਸ਼, ਸ. ਰਾਮ ਸਿੰਘ ਜੀ ਰਠੌਰ ਇੰਚਾਰਜ ਕਰਨਾਟਕ, ਗੋਆ ਅਤੇ ਗੁਜਰਾਤ, ਭਾਈ ਪਰਮਜੀਤ ਸਿੰਘ ਇੰਚਾਰਜ ਸਿੱਖ ਮਿਸ਼ਨ ਗੁਜਰਾਤ ਨੇ ਗੁਰਦੁਆਰਾ ਗੁਰੂ ਨਾਨਕ ਦਰਬਾਰ ਬੋਰੀਵਲੀ ਮੁੰਬਈ, ਗੁਰਦੁਆਰਾ ਗੁਰੂ ਨਾਨਕ ਦਰਬਾਰ ਵਾਪੀ, ਗੁਰਦੁਆਰਾ ਗੁਰੂ ਨਾਨਕ ਵਾੜੀ ਸੂਰਤ, ਗੁਜਰਾਤ ਵਿਖੇ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕਾਂ ਨਾਲ ਮੀਟਿੰਗ ਕੀਤੀ। ਪ੍ਰਬੰਧਕਾਂ ਵੱਲੋਂ ਇਸ ਵਿਸ਼ਾਨ ਨਗਰ ਕੀਰਤਨ ਦੌਰਾਨ ਸੰਪੂਰਨ ਸਹਿਯੋਗ ਦਾ ਵਿਸ਼ਵਾਸ ਦਿਵਾਇਆ ਗਿਆ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਨੀਤੀ ਤਲਵਾੜ ਨੇ ਤੀਆਂ ਦੇ ਸਮਾਗਮ ਰਾਹੀਂ ਔਰਤਾਂ ਨੂੰ ਵਿਰਾਸਤ ਨਾਲ ਜੋੜਿਆ

# ਔਰਤਾਂ ਨੇ ਢੋਲਕ ਦੀਆਂ ਤਾਲਾਂ ’ਤੇ ਲੋਕ ਗੀਤ ਗਾਏ ਅਤੇ ਗਿੱਧਾ ਪਾ ਕੇ ਤਿਉਹਾਰ ਦਾ ਆਨੰਦ ਮਾਣਿਆ



ਹੁਸ਼ਿਆਰਪੁਰ, 4 ਅਗਸਤ (ਬਲਵੀਰ ਸਿੰਘ ਸੈਣੀ)- ਅੱਜ ਸੈਂਕੜੇ ਔਰਤਾਂ ਰਵਾਇਤੀ ਪਹਿਰਾਵੇ ਵਿੱਚ ਸਜੀਆਂ ਹੋਈਆਂ ਅਤੇ ਆਪਣੀ ਵਿਰਾਸਤ ਨੂੰ ਸੰਭਾਲਦੀਆਂ ਦਿਖਾਈ ਦਿੱਤੀਆਂ। ਇਹ ਮੌਕਾ ਸੀ ਨੀਤੀ ਤਲਵਾੜ ਵੱਲੋਂ ਮਨਾਏ ਜਾ ਰਹੇ 13ਵੇਂ ਤੀਆਂ ਦੇ ਮਹਾਂ ਉਤਸਵ ਦਾ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਭਾਜਪਾ ਆਗੂ ਰਾਕੇਸ਼ ਸੂਦ ਨੇ ਕਿਹਾ ਕਿ ਸ਼ਹਿਰ ਵਾਸੀ ਹਰ ਸਾਲ ਸ਼੍ਰੀਮਤੀ ਤਲਵਾੜ ਵੱਲੋਂ ਮਨਾਏ ਜਾ ਰਹੇ ਤੀਆਂ ਦੇ ਤਿਉਹਾਰ ਦੀ ਬੇਸਬਰੀ ਨਾਲ ਉਡੀਕ ਕਰਦੇ ਹਨ। ਉਨ੍ਹਾਂ ਕਿਹਾ ਕਿ ਜਿਸ ਪ੍ਰਾਚੀਨ ਤਰੀਕੇ ਨਾਲ ਇਹ ਤਿਉਹਾਰ ਮਨਾਇਆ ਜਾਂਦਾ ਹੈ, ਉਹ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਪਣੀ ਵਿਰਾਸਤ ਬਾਰੇ ਜਾਣਨ ਵਿੱਚ ਮਦਦ ਕਰਦਾ ਹੈ। ਸਮਾਗਮ ਨੂੰ ਸੰਬੋਧਨ ਕਰਦਿਆਂ ਸ਼੍ਰੀਮਤੀ ਸੁਦੇਸ਼ ਸਾਂਪਲਾ ਨੇ ਕਿਹਾ ਕਿ ਬੇਸ਼ੱਕ ਬਹੁਤ ਸਾਰੀਆਂ ਸੰਸਥਾਵਾਂ ਇਸ ਤਿਉਹਾਰ ਨੂੰ ਮਨਾਉਂਦੀਆਂ ਹਨ ਪਰ ਨੀਤੀ ਤਲਵਾੜ ਵੱਲੋਂ ਆਯੋਜਿਤ ਤਿਉਹਾਰ ਨੂੰ ਸਮਰਪਿਤ ਪ੍ਰਦਰਸ਼ਨੀ ਅਤੇ ਜਿਸ ਤਰ੍ਹਾਂ ਇਸ ਤਿਉਹਾਰ ਨੂੰ ਵਿਰਾਸਤੀ ਢੰਗ ਨਾਲ ਮਨਾਇਆ ਜਾਂਦਾ ਹੈ, ਆਧੁਨਿਕਤਾ ਤੋਂ ਦੂਰ, ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਪਣੇ ਪ੍ਰਾਚੀਨ ਸੱਭਿਆਚਾਰ ਨਾਲ ਜੋੜਨ ਵਿੱਚ ਮਦਦ ਕਰਦੀ ਹੈ। ਇਸ ਮੌਕੇ ਨੀਤੀ ਤਲਵਾੜ ਨੇ ਸਾਰੀਆਂ ਔਰਤਾਂ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਸਾਡਾ ਪਰਿਵਾਰ ਹਮੇਸ਼ਾ ਭਾਰਤੀ ਸੱਭਿਆਚਾਰ ਦੇ ਦਿਨਾਂ ਅਤੇ ਤਿਉਹਾਰਾਂ ਨੂੰ, ਜੋ ਕਿ ਦੁਨੀਆ ਦਾ ਸਭ ਤੋਂ ਖੂਬਸੂਰਤ ਸੱਭਿਆਚਾਰ ਹੈ, ਨੂੰ ਮਾਣ ਅਤੇ ਭਾਵਨਾਤਮਕ ਢੰਗ ਨਾਲ ਮਨਾਉਣ ਦੀ ਕੋਸ਼ਿਸ਼ ਕਰਦਾ ਹੈ ਤਾਂ ਜੋ ਤਿਉਹਾਰ ਦੀ ਸ਼ਾਨ ਬਣੀ ਰਹੇ ਅਤੇ ਸਾਡੇ ਬੱਚੇ ਵੀ ਗਿਆਨ ਪ੍ਰਾਪਤ ਕਰ ਸਕਣ। ਉਨ੍ਹਾਂ ਕਿਹਾ ਕਿ ਇਸ ਦਿਨ ਤਿਆਰ ਕੀਤੇ ਜਾਣ ਵਾਲੇ ਪਕਵਾਨ ਮੌਸਮ ਅਤੇ ਤਿਉਹਾਰ ਦੀ ਸ਼ਾਨ ਦੇ ਅਨੁਸਾਰ ਹਨ। ਇਸ ਮੌਕੇ ਪ੍ਰਾਚੀਨ ਸੱਭਿਆਚਾਰ ਨੂੰ ਦਰਸਾਉਂਦੀ ਇੱਕ ਪ੍ਰਦਰਸ਼ਨੀ ਵੀ ਲਗਾਈ ਗਈ ਅਤੇ ਔਰਤਾਂ ਨੇ ਢੋਲਕ ਦੀਆਂ ਤਾਲਾਂ ’ਤੇ ਲੋਕ ਗੀਤ ਗਾਏ ਅਤੇ ਗਿੱਧਾ ਪਾ ਕੇ ਤਿਉਹਾਰ ਦਾ ਆਨੰਦ ਮਾਣਿਆ। ਇਸ ਮੌਕੇ ਪ੍ਰੋਫੈਸਰ ਮੰਜੂ ਸੂਦ, ਪ੍ਰਿਆ ਸੈਣੀ, ਸੁਖਵਿੰਦਰ ਕੌਰ, ਰਜਨੀ ਤਲਵਾੜ, ਰਿੰਪੀ ਵਧਾਵਨ, ਮੁਸਕਾਨ ਪਰਾਸ਼ਰ, ਸਮਾਜ ਸੇਵਿਕਾ ਰਿੰਪੀ, ਕ੍ਰਿਸ਼ਨਾ ਥਾਪਰ, ਬਲਬੀਰ ਕੌਰ ਮਹਿਤਾ, ਸਰਵਜੀਤ ਕੌਰ, ਰੋਜ਼ੀ ਵਧਾਵਨ ਸਮੇਤ ਸੈਂਕੜੇ ਔਰਤਾਂ ਨੇ ਪ੍ਰੋਗਰਾਮ ਵਿੱਚ ਹਿੱਸਾ ਲਿਆ।

# ਪੀ.ਏ.ਯੂ-ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਮੁਰਗੀ ਪਾਲ ਕਿੱਤਾ ਮੁਖੀ ਸਿਖਲਾਈ ਕੋਰਸ ਕਰਵਾਇਆ





ਮਜੀਠਾ, 4 ਅਗਸਤ (ਆਵਾਜ਼)- ਕ੍ਰਿਸ਼ੀ ਵਿਗਿਆਨ ਕੇਂਦਰ ਨਾਗ ਵਿਖੇ ਕਲਾਂ ਵਿਖੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ) ਅਤੇ ਆਈ.ਸੀ.ਏ.ਆਰ.-ਅਟਾਰੀ, ਜ਼ੋਨ-1, ਲੁਧਿਆਣਾ ਦੇ ਸਹਿਯੋਗ ਨਾਲ “ਮੁਰਗੀ ਪਾਲਣ” ਸੰਬੰਧੀ 7 ਦਿਨਾਂ ਕਿੱਤਾ ਮੁਖੀ ਸਿਖਲਾਈ ਕੋਰਸ ਕਰਵਾਇਆ ਗਿਆ, ਜਿਸ ਵਿੱਚ ਅੰਮ੍ਰਿਤਸਰ, ਤਰਨ ਤਾਰਨ, ਗੁਰਦਾਸਪੁਰ ਅਤੇ ਕਪੂਰਥਲਾ ਜ਼ਿਲ੍ਹਿਆਂ ਦੇ 70 ਕਿਸਾਨ ਵੀਰਾਂ/ਕਿਸਾਨ ਬੀਬੀਆਂ ਅਤੇ ਪੇਂਡੂ ਨੌਜਵਾਨਾਂ ਨੇ ਭਾਗ ਲਿਆ। ਇਹ ਸਿਖਲਾਈ ਕੋਰਸ ਡਾ. ਬਿਕਰਮਜੀਤ ਸਿੰਘ, ਸਹਿਯੋਗੀ ਨਿਰਦੇਸ਼ਕ (ਸਿਖਲਾਈ), ਕੇ.ਵੀ.ਕੇ, ਨਾਗਕਲਾਂ ਦੀ ਯੋਗ ਅਗਵਾਈ ਹੇਠ ਕਰਵਾਇਆ ਗਿਆ। ਪਹਿਲੇ ਦਿਨ ਡਾ. ਬਿਕਰਮਜੀਤ ਸਿੰਘ ਨੇ ਭਾਗ ਲੈਣ ਵਾਲੇ ਸਿਖਿਆਰਥੀਆਂ ਨੂੰ ਕੇ.ਵੀ.ਕੇ ਦੇ ਕੰਮਕਾਜ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਸਿਖਿਆਰਥੀਆਂ ਨੂੰ ਆਮਦਨ ਅਤੇ ਰੁਜ਼ਗਾਰ ਪੈਦਾ ਕਰਨ ਲਈ ਮੁਰਗੀ ਪਾਲਣ ਦੇ ਧੰਦੇ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ। ਡਾ. ਕੰਵਰਪਾਲ ਸਿੰਘ ਢਿੱਲੋਂ, ਸਹਾਇਕ ਪ੍ਰੋਫੈਸਰ (ਪਸ਼ੂ ਵਿਗਿਆਨ), ਕੇ.ਵੀ.ਕੇ, ਅੰਮ੍ਰਿਤਸਰਨੇ ਕੋਰਸ ਕੋਆਰਡੀਨੇਟਰ ਵਜੋਂ ਕੰਮ ਕੀਤਾ ਅਤੇ ਕਿਸਾਨਾਂ ਨੂੰ ਘਰੇਲੂ ਜਾਂ ਵਪਾਰਕ ਪੱਧਰ ’ਤੇ ਸਫਲ ਵਿਗਿਆਨਕ ਢੰਗ ਨਾਲ ਮੁਰਗੀ ਪਾਲਣ ਕਰਨਲਈ ਵੱਖ-ਵੱਖ ਵਿਸ਼ਿਆਂ ’ਤੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਜਿਸ ਵਿੱਚ ਯੂਨੀਵਰਸਿਟੀ ਵਿੱਚ ਉਪਲੱਬਧ ਪੋਲਟਰੀ ਦੀਆਂ ਕਿਸਮਾਂ, ਆਂਡਿਆਂ ਦੀ ਹੈਚਿੰਗ ਅਤੇ ਹੈਚਰੀ ਪ੍ਰਬੰਧਨ, ਚੂਚਿਆਂ ਦਾ ਪਾਲਣ-ਪੋਸ਼ਣ, ਰਿਹਾਇਸ਼ ਅਤੇ ਸਾਜੋ-ਸਾਮਾਨ, ਖੁਰਾਕ ਦੇਣੀ, ਮੁਰਗੀਆਂ/ਬਰਾਇਲਰ ਦਾ ਪਾਲਣ ਪ੍ਰਬੰਧ, ਬੈਕਯਾਰਡ ਮੁਰਗੀ ਪਾਲਣ, ਆਂਡਿਆਂ ਦਾ ਮੰਡੀਕਰਨ, ਮੁਰਗੀ ਪਾਲਣ ਦੀ ਆਰਥਿਕਤਾ, ਮੁਰਗੀਖਾਨੇ ਦਾ ਰਿਕਾਰਡ ਰੱਖਣਾ, ਟੀਕਾਕਰਨ ਪ੍ਰੋਗਰਾਮ, ਗਰਮੀਆਂ ਅਤੇ ਸਰਦੀਆਂ ਅਨੁਸਾਰ ਵਿਉਂਤਬੰਦੀ,ਪੋਲਟਰੀ ਫਾਰਮ ਵਿੱਚ ਵਰਤੇ ਜਾਣ ਵਾਲੇ ਬਾਇਓਸਕਿਓਰਿਟੀ ਦੇ ਉਪਰਾਲੇ,ਮੁਰਗੀਆਂ ਦੀਆਂ ਬਿਮਾਰੀਆਂ ਅਤੇ ਉਹਨਾਂ ਦੀ ਰੋਕਥਾਮ ਸ਼ਾਮਿਲ ਸਨ।ਇਸ ਤੋਂ ਇਲਾਵਾ, ਸਿਖਲਾਈ ਕੋਰਸ ਦੌਰਾਨ “ਕੈਂਡਲਿੰਗ ਓਫ ਐਂਗਦੁਆਰਾ ਇੰਫਰਟਾਇਲ ਅਤੇ ਫਰਟਾਇਲ ਆਂਡਿਆਂ ਦੀ ਜਾਂਚ”ਬਾਰੇ ਵਿਧੀ ਪ੍ਰਦਰਸ਼ਨੀਵੀ ਕਰਵਾਈ ਗਈ। ਡਾ. ਪੁਨੀਤ ਸਿੰਘ, ਵੈਟਰਨਰੀ ਅਫ਼ਸਰ, ਅੰਮ੍ਰਿਤਸਰ ਨੇ ਪਸ਼ੂ ਪਾਲਣ ਵਿਭਾਗ ਵੱਲੋਂ ਦਿੱਤੀਆਂ ਜਾਂਦੀਆਂ ਸਹੂਲਤਾਂਅਤੇ ਮੁਰਗੀ ਪਾਲਣ ਲਈ ਉਪਲਬਧ ਸਕੀਮਾਂ (ਐਨ.ਐੱਲ.ਐੱਮ) ਬਾਰੇ ਜਾਣਕਾਰੀ ਸਾਂਝੀ ਕੀਤੀ। ਡਾ. ਜਸਵਿੰਦਰ ਭਾਟੀਆ, ਖੇਤੀਬਾੜੀ ਸੂਚਨਾ ਅਫ਼ਸਰ, ਕਿਸਾਨ ਸਿਖਲਾਈ ਕੇਂਦਰ, ਅੰਮ੍ਰਿਤਸਰ ਨੇ ਮੁਰਗੀ ਪਾਲਕਾਂ ਲਈ ਮਾਰਕੀਟਿੰਗ ਬਾਰੇ ਜਾਣਕਾਰੀ ਸਾਂਝੀ ਕੀਤੀ। ਸੁਪ੍ਰਿਆ ਕੰਬੋਜ਼ ਮੱਛੀ ਪਾਲਣ ਅਫਸਰ ਅੰਮ੍ਰਿਤਸਰ ਨੇ ਮੱਛੀ ਪਾਲਣ ਵਿਭਾਗ ਵੱਲੋਂ ਦਿੱਤੀਆਂ ਜਾਂਦੀਆਂ ਸਹੂਲਤਾਂ, ਉਪਲਬਧ ਸਕੀਮਾਂ ਅਤੇ ਸੰਯੁਕਤ ਮੱਛੀ ਅਤੇ ਮੁਰਗੀ ਪਾਲਣ ਬਾਰੇ ਜਾਣਕਾਰੀ ਸਾਂਝੀ ਕੀਤੀ। ਸ. ਕਰਮਜੀਤ ਸਿੰਘ, ਸਾਬਕਾ ਸਿਖਿਆਰਥੀ (ਮੁਰਗੀ ਪਾਲਣ) ਨੇ ਮੁਰਗੀ ਪਾਲਣ ਦੇ ਧੰਦੇ ਵਿੱਚ ਸ਼ੁਰੂਆਤ ਵਿੱਚ ਆਉਣ ਵਾਲੀਆਂ ਮੁਸ਼ਕਲਾਂ ਅਤੇ ਕੰਟਰੈਕਟ ਫਾਰਮਿੰਗ ਪ੍ਰਤਿ ਆਪਣਾ ਤਜ਼ਰਬਾ ਸਿਖਿਆਰਥੀਆਂ ਨਾਲ ਸਾਂਝਾ ਕੀਤਾ। ਸ਼੍ਰੀ ਅਪਰਣਾ ਸ਼ਰਮਾ, ਐੱਲ.ਡੀ.ਐੱਮ, ਪੀ.ਐਨ.ਬੀ ਬੈਂਕ, ਅੰਮ੍ਰਿਤਸਰ ਨੇ ਸਿਖਿਆਰਥੀਆਂ ਨਾਲ ਮੁਰਗੀ ਪਾਲਕਾਂ ਲਈ ਉਪਲਬਧ ਬੈਂਕਿੰਗ ਸੁਵਿਧਾਵਾਂ,ਸਕੀਮਾਂ, ਸਬਸਿਡੀਆਂ ਅਤੇ ਬੈਂਕ ਕਰਜ਼ਿਆਂ ਦੀ ਪ੍ਰਕਿਰਿਆ ਬਾਰੇ ਗੱਲਬਾਤ ਕੀਤੀ। ਅਗਾਂਹਵਧੂ ਮੁਰਗੀ ਪਾਲਕਾਂ ਦੇ ਮੁਰਗੀਫਾਰਮਾਂ ਤੇ ਦੋ ਵਿੱਦਿਅਕ ਦੌਰੇ ਕੀਤੇ ਗਏ। ਪਿੰਡ ਮਜੀਠਾ ਦੇ ਸ. ਸੁਖਜਿੰਦਰ ਸਿੰਘ ਦੇਲੇਅਰ ਫਾਰਮਅਤੇਪਿੰਡ ਮੁਗੋ ਸੋਹੀ ਦੇ ਸ.ਜਤਿੰਦਰ ਸਿੰਘ ਦੇ ਬਰੋਇਲੇਰ ਫਾਰਮ ਦਾ ਵਿੱਦਿਅਕ ਦੌਰਾ ਕੀਤਾ ਗਿਆ ਜਿੱਥੇ ਸਿਖਿਆਰਥੀਆਂ ਨੇ ਸਿੱਧੇ ਤੌਰ ’ਤੇ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਸ਼ੰਕਿਆਂ ਨੂੰ ਦੂਰ ਕੀਤਾ। ਮੁਰਗੀ ਪਾਲਣ ਬਾਰੇ ਸਿਖਿਆਰਥੀਆਂ ਦੇ ਗਿਆਨ ਪੱਧਰ ਦੀ ਜਾਂਚ ਕਰਨ ਲਈ ਟਰੇਨਿੰਗ ਤੋਂ ਪਹਿਲਾਂ ਇੱਕ ‘ਪੂਰਵ-ਗਿਆਨ ਪ੍ਰੀਖਿਆ’ ਦਾ ਆਯੋਜਨ ਕੀਤਾ ਗਿਆ ਸੀ ਅਤੇ ਸਿਖਿਆਰਥੀਆਂ ਦੇ ਗਿਆਨ ਪੱਧਰ ਵਿੱਚ ਵਾਧੇ ਦਾ ਨਰੀਖਣ ਕਰਨ ਲਈ ‘ਟ ?ਰੇਨਿੰਗ ਤੋਂ ਬਾਅਦ ਗਿਆਨ ਦੀ ਪ੍ਰੀਖਿਆ’ ਦੇ ਨਾਲ ਕਿੱਤਾ ਮੁਖੀ ਸਿਖਲਾਈ ਪ੍ਰੋਗਰਾਮ ਸਮਾਪਤ ਹੋਇਆ। ਮੁਰਗੀ ਪਾਲਣ ਬਾਰੇ ਨਵੀਨਤਮ ਜਾਣਕਾਰੀ ਸਾਂਝੀ ਕਰਨ ਲਈ ਇੱਕ ਵਟਸਐਪ ਗਰੁੱਪ ਵੀ ਬਣਾਇਆ ਗਿਆ। ਸਮਾਪਤੀ ਸਮਾਰੋਹ ਦੌਰਾਨ ਡਾ. ਢਿੱਲੋਂ ਨੇ ਸਾਰੇ ਪ੍ਰਤੀਭਾਗੀਆਂ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਇਸ ਨਵੇਂ ਉੱਦਮ ਨੂੰ ਨਵੀਆਂ ਬੁਲੰਦੀਆਂ ’ਤੇ ਲਿਜਾਣ ਲਈ ਪ੍ਰੇਰਿਤ ਕੀਤਾ। ਸਿਖਿਆਰਥੀਆਂ ਨੂੰ ਮੁਰਗੀ ਪਾਲਣ ਸਬੰਧੀ ਕਿਤਾਬਾਂ ਵੀ ਪ੍ਰਦਾਨ ਕੀਤੀਆਂ ਗਈਆਂ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


## ਵੱਖ-ਵੱਖ ਇਲਾਕਿਆਂ ਧਾਰਮਿਕ ਅਸਥਾਨਾਂ ਤੇ ਭੀਖ ਮੰਗਣ ਵਾਲੀਆਂ ਔਰਤਾਂ ਤੇ ਵੱਡੀ ਉਮਰ ਦੇ ਆਦਮੀਆਂ ਨੂੰ ਜਿਲ੍ਹਾ ਪ੍ਰਸ਼ਾਸਨ ਤੇ ਸਮਾਜ ਸੇਵੀ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਵੱਲੋਂ ਚੇਤਾਵਨੀ ਨਹੀਂ ਸੁਧਰੇ ਤਾਂ ਹੋਵੇਗੀ ਕਾਰਵਾਈ



**ਜੰਡਿਆਲਾ ਗੁਰੂ, 4 ਅਗਸਤ ( ਕੁਲਵੰਤ ਸਿੰਘ ਵਿਰਦੀ )**-ਅੱਜ ਜ਼ਿਲ੍ਹਾ ਪ੍ਰਸ਼ਾਸਨ ਤੇ ਬਾਲ ਵਿਭਾਗ ਦੇ ਨਾਲ ਰਲ ਕੇ ਸਮਾਂ ਸੇਵੀਆਂ ਨੇ ਅੰਮ੍ਰਿਤਸਰ ਦੇ ਵਿੱਚ ਛੋਟੇ ਛੋਟੇ ਬੱਚਿਆਂ ਤੋਂ ਭੀਖ ਮੰਗਵਾਉਣ ਵਾਲਿਆਂ ਦੇ ਖਿਲਾਫ ਚੱਲ ਰਹੀ ਮੁਹਮ ਵਿੱਚ ਫਿਰ ਯੋਗਦਾਨ ਪਾਇਆ ਤੇ ਅੰਮ੍ਰਿਤਸਰ ਦੇ ਧਾਰਮਿਕ ਸਥਾਨਾਂ ਤੇ ਵੱਖ-ਵੱਖ ਇਲਾਕਿਆਂ ਵਿੱਚ ਭਿਖਾਰੀਆਂ ਦੇ ਖਿਲਾਫ ਕਾਰਵਾਈ ਲਈ ਉਤਰੇ ਤੇ ਅੰਮ੍ਰਿਤਸਰ ਦੇ ਰੇਲਵੇ ਸਟੇਸ਼ਨ ਤੋਂ ਛੋਟੇ ਛੋਟੇ ਬੱਚਿਆਂ ਤੋਂ ਜਿਵੇਂ ਭੀਖ ਮੰਗਵਾਈ ਜਾ ਰਹੀ ਸੀ ਤੇ ਸਮਾਜ ਸੇਵੀਆਂ ਦੀ ਸ਼ਿਕਾਇਤ ਤੇ ਜਿਲਾ ਪ੍ਰਸ਼ਾਸਨ ਨੇ ਦੋ ਬੱਚਿਆਂ ਨੂੰ ਰੈਸਕਿਊ ਕੀਤਾ ਤੇ ਹੋਰ ਇਲਾਕਿਆਂ ਵਿੱਚ ਵੀ ਜਾ ਕੇ ਭੀਖ ਮੰਗਣ ਵਾਲੀਆਂ ਔਰਤਾਂ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਉਹ ਨਹੀਂ ਸੁਧਰੀਆਂ ਤੇ ਉਹਨਾਂ ਖਿਲਾਫ ਬਣਦੀ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ ਅੰਮ੍ਰਿਤਸਰ ਦੇ ਰਣਜੀਤ ਐਵੀਨਿਊ ਦੇ ਵਿੱਚ ਕੁਛ ਪੰਜਾਬੀ ਤੇ ਕੁਝ ਪ੍ਰਵਾਸੀ ਔਰਤਾਂ ਨੂੰ ਸਮਾਜ ਸੇਵੀ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਮੌਕੇ ਤੇ ਪਹੁੰਚ ਕੇ ਸਮਝਾਇਆ ਤੇ ਜਦੋਂ ਪੈਸੇ ਵੰਡ ਦੀਆਂ ਦੀ ਵੀਡੀਓ ਬਣਾ ਕੇ ਚਿਤਾਵਨੀ ਦਿੱਤੀ ਗਈ ਕਿ ਜੇਕਰ ਤੁਸੀਂ ਲੋਕਾਂ ਨੂੰ ਤੰਗ ਕਰਨਾ ਨਾ ਬੰਦ ਕੀਤਾ ਤੇ ਤੁਹਾਡੇ ਖਿਲਾਫ ਬਣਦੀ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ। ਗੱਲਬਾਤ ਕਰਦੇ ਹੋਏ ਸਿੱਖ ਆਗੂ ਤੇ ਸਮਾਜ ਸੇਵੀ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਦੱਸਿਆ ਕਿ ਜ਼ਿਲਾ ਬਾਲ ਵਿਭਾਗ ਦੇ ਅਫਸਰ ਤਰੁਣਪ੍ਰੀਤ ਸਿੰਘ ਜੋ ਬੜੀ ਵਧੀਆ ਤਰੀਕੇ ਨਾਲ ਆਪਣੀ ਡਿਊਟੀ ਨਿਭਾ ਰਹੇ ਨੇ ਤੇ ਹਰ ਜਗਹਾ ਜਾ ਕੇ ਇਮਾਨਦਾਰੀ ਨਾਲ ਕੰਮ ਕਰ ਰਹੇ ਨੇ ਅੱਜ ਅੰਮ੍ਰਿਤਸਰ ਦੇ ਵਿੱਚ ਛੋਟੇ ਛੋਟੇ ਬੱਚਿਆਂ ਤੋਂ ਭੀਖ ਮੰਗਵਾਉਣ ਵਾਲੇ ਗਾਇਬ ਨੇ ਤੇ ਉਹਨਾਂ ਵਿੱਚ ਬਹੁਤ ਵੱਡਾ ਯੋਗਦਾਨ ਜਿਲਾ ਪ੍ਰਸ਼ਾਸਨ ਅੰਮ੍ਰਿਤਸਰ ਦਾ ਹੈ ਸੋਨੂ ਜੰਡਿਆਲਾ ਨੇ ਦੱਸਿਆ ਕਿ ਅੰਮ੍ਰਿਤਸਰ ਸਿਫਤੀ ਦਾ ਘਰ ਹੈ ਤੇ ਅੰਮ੍ਰਿਤਸਰ ਨੂੰ ਭਿਖਾਰੀ ਮੁਕਤ ਕਰਨਾ ਸਾਡਾ ਪਹਿਲਾ ਫਰਜ਼ ਹੈ ਜਿਸ ਵਿੱਚ ਜਿਲ੍ਹਾ ਪ੍ਰਸ਼ਾਸਨ ਸਾਡਾ ਪੂਰੀ ਤਰ੍ਹਾਂ ਨਾਲ ਸਾਥ ਦੇ ਰਿਹਾ ਹੈ ਤੇ ਅਸੀਂ ਉਹਨਾਂ ਦੀ ਟੀਮ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦੇ ਹਾਂ ਇਸ ਮੌਕੇ ਤੇ ਤਰੁਣਪ੍ਰੀਤ ਸਿੰਘ ਸਰਬਜੀਤ ਸਿੰਘ ਹਰਮਨਪ੍ਰੀਤ ਸਿੰਘ ਅੰਮ੍ਰਿਤ ਪਾਲ ਸਿੰਘ ਸਿਮਰਨਦੀਪ ਸਿੰਘ ਸਕੱਤਰ ਸਿੰਘ ਜੋਬਨਜੀਤ ਸਿੰਘ ਆਦਿ ਹਾਜ਼ਰ ਸਨ।

# ਯਾਦਵਿੰਦਰ ਸਿੰਘ ਕਲੌਲੀ ਦੀ ਕਾਵਿ ਸੰਗ੍ਰਹਿ “ਅਹਿਸਾਸਾਂ ਦੀ ਗੰਢ” ਰਾਜਪੁਰਾ ਵਿਖੇ ਰਿਲੀਜ਼




**ਰਾਜਪੁਰਾ (ਸਰਬਜੀਤ ਸਿੰਘ ਬਨੂੜ)**- ਲੋਕ ਸਾਹਿਤ ਸੰਗਮ ਰਾਜਪੁਰਾ ਵੱਲੋਂ ਨੌਜਵਾਨ ਸਾਹਿਤਕਾਰ ਯਾਦਵਿੰਦਰ ਸਿੰਘ ਕਲੌਲੀ ਦੀ ਪਹਿਲੀ ਕਵਿਤਾ ਸੰਗ੍ਰਹਿ “ਅਹਿਸਾਸਾਂ ਦੀ ਗੰਢ” ਦਾ ਰਸਮੀ ਲੋਕ ਅਰਪਣ ਸਮਾਗਮ ਰੋਟਰੀ ਕਲੱਬ ਰਾਜਪੁਰਾ ਵਿਖੇ ਕਰਵਾਇਆ ਗਿਆ। ਇਸ ਮੌਕੇ ਡਾ. ਅਮਰਜੀਤ ਕੌਂਕੇ ਮੁੱਖ ਮਹਿਮਾਨ ਵਜੋਂ ਅਤੇ ਅਵਤਾਰਜੀਤ ਅਟਵਾਲ, ਡਾ. ਗੁਰਵਿੰਦਰ ਅਮਨ, ਇੰਜ ਸਤਨਾਮ ਮੱਟੂ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਸਮਾਗਮ ਦੀ ਉਦਘਾਟਨੀ ਸੁਹਿੰਦਰ ਸਿੰਘ ਸੋਹਣਾ (ਜਨਰਲ ਸਕੱਤਰ, ਲੋਕ ਸਾਹਿਤ ਸੰਗਮ) ਵੱਲੋਂ ਕੀਤੀ ਗਈ। “ਅਹਿਸਾਸਾਂ ਦੀ ਗੰਢ” ਕਵਿਤਾ ਸੰਗ੍ਰਹਿ ਨੂੰ ਸਮੀਖਿਆਕਾਂ ਨੇ ਰੂਹਾਨੀ ਤੇ ਅੰਦਰੂਨੀ ਸੰਵੇਦਨਾਵਾਂ ਦੀ ਸਾਫ਼ ਝਲਕ ਕਰਾਰ ਦਿੱਤਾ। ਲਿਖਾਰੀ ਯਾਦਵਿੰਦਰ ਸਿੰਘ ਕਲੌਲੀ ਪਿੰਡ ਕਲੌਲੀ ਨਾਲ ਸਬੰਧਤ ਹਨ ਅਤੇ ਪਿਛਲੇ ਕਈ ਸਾਲਾਂ ਤੋਂ ਰਚਨਾਤਮਕਤਾ ਅਤੇ ਪੱਤਰਕਾਰਤਾ ਨਾਲ ਜੁੜੇ ਹੋਏ ਹਨ ਤੇ ਉਹ ਪੰਜਾਬ ਵਿੱਚ ਸਭ ਤੋ ਛੋਟੀ ਉਮਰ ਦਾ ਸਰਪੰਚ ਹੋਣ ਤੇ ਸੇਵਾਵਾਂ ਨਿਭਾਅ ਚੁੱਕੇ ਹਨ। ਉਨ੍ਹਾਂ ਦੀ ਲਿਖਤ ਵਿਚ ਪਿੰਡ ਦੀ ਸਾਦਗੀ, ਯਾਰੀ ਦੀ ਗਰਮੀ ਅਤੇ ਆਤਮਿਕ ਅਣਗੂੰਜ ਮਿਲਦੀ ਹੈ। ਸਮਾਗਮ ਵਿੱਚ ਬਲਦੇਵ ਸਿੰਘ ਖੁਰਾਣਾ, ਕਰਮ ਸਿੰਘ ਹਰੀਰ, ਸੁਹਿੰਦਰ ਕੌਕ ਬਾੜਾ, ਕੁਲਵੰਤ ਜੱਸਲ, ਸ ਨਿਰਭੈਰ ਸਿੰਘ, ਅਸ਼ਿਵੰਦਰ ਸਿੰਘ ਬਨੂੜ ਅਤੇ ਕਈ ਸਹਿਤਕ ਅਤੇ ਸੱਭਿਆਚਾਰਕ ਹਸਤੀਆਂ ਨੇ ਸ਼ਿਰਕਤ ਕੀਤੀ। ਸਭ ਨੇ ਕਲੌਲੀ ਦੀ ਲਿਖਤ ਨੂੰ ਨਵੀਂ ਪੀੜ੍ਹੀ ਲਈ ਪ੍ਰੇਰਣਾਦਾਇਕ ਤੇ ਜ਼ਮੀਨੀ ਹਕੀਕਤ ਨਾਲ ਜੁੜੀ ਹੋਈ ਵਾਹਵਾਹੀਯੋਗ ਕੋਸ਼ਿਸ਼ ਕਰਾਰ ਦਿੱਤਾ। ਇਸ ਮੌਕੇ ਭੁਪਿੰਦਰ ਸਿੰਘ ਭਿੰਦਾ ਬਨੂੜ ਨੇ ਕਿਹਾ ਕਿ “ਯਾਦਵਿੰਦਰ ਦੀ ਲਿਖਤ ਉਹ ਸੱਚ ਹੈ ਜੋ ਚੁੱਪ ਰਹਿ ਕੇ ਵੀ ਅੰਦਰ ਵਿੱਚ ਗੂੰਜਦਾ ਰਹਿੰਦਾ ਹੈ। ਇਹ ਪੁਸਤਕ ਸਿਰਫ਼ ਕਵਿਤਾਵਾਂ ਨਹੀਂ, ਉਹ ਅਣਕਹੀ ਜ਼ਿੰਦਗੀ ਹੈ ਜੋ ਕਈ ਵਾਰ ਅੱਖਾਂ ਵਿਚ ਬੋਲ ਜਾਂਦੀ ਹੈ। ਉਹ ਕਲਮ ਤੋਂ ਪਹਿਲਾਂ ਇਕ ਯਾਰ ਹੈ, ਤੇ ਕਵਿਤਾ ਤੋਂ ਪਹਿਲਾਂ ਇਕ ਅਹਿਸਾਸ।”